ਪੋਹ (ਸੰਮਤ ਨਾਨਕਸ਼ਾਹੀ ੫੫੧)
ਦਸੰਬਰ 2019

2/- ਰੁਪਏ
Vol. 91. Issue 12. December 2019

ਮਾਸਿਕ

# ਗੁਰਦੁਆਰਾ ਗਜ਼ਟ



## ਭਾਈ ਗੋਬਿੰਦ ਸਿੰਘ ਲੌਂਗੋਵਾਲ

ਸਿੱਖ ਕੌਮ ਦੀ ਪ੍ਰਤੀਨਿਧ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਲਗਾਤਾਰ ਤੀਜੀ ਵਾਰ ਪ੍ਰਧਾਨਗੀ ਦੀ ਸੇਵਾ ਲਈ ਚੁਣੇ ਗਏ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਲਗਾਤਾਰ ਤੀਜੀ ਵਾਰ ਪ੍ਰਧਾਨ ਚੁਣੇ ਜਾਣ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸਿਰੋਪਾਓ ਬਖਸ਼ਿਸ਼ ਕਰਦੇ ਹੋਏ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ।



ਤੀਜੀ ਵਾਰ ਪ੍ਰਧਾਨ ਬਣਨ ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫਤਰ ਪਹੁੰਚਣ ਸਮੇਂ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸੀਨੀਅਰ ਮੀਤ ਪ੍ਰਧਾਨ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖਸ਼ ਸਿੰਘ ਖਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ ਦਾ ਫੁੱਲਾਂ ਦੇ ਗੁਲਦਸਤਿਆਂ ਨਾਲ ਸਵਾਗਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਅਤੇ ਹੋਰ।

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

ਪੋਹ — ਨਾਨਕਸ਼ਾਹੀ ਸੰਮਤ ੫੫੧

ਅੰਕ 12 — ਜਿਲਦ 91

ਦਸੰਬਰ — 2019

ਸੰਪਾਦਕ : ਮਨਜੀਤ ਸਿੰਘ

ਐਸੋਸੀਏਟ ਸੰਪਾਦਕ : ਹਰਭਜਨ ਸਿੰਘ 'ਵਕਤਾ'

**ਸਹਾਇਤਾ**

| ਦੇਸ਼ | ਵਿਦੇਸ਼ |
|---|---|
| ਸਾਲਾਨਾ 20/- | ਸਾਲਾਨਾ 500/- |
| ਲਾਈਫ਼ 200/- | (ਹਵਾਈ ਡਾਕ) |



*Website : www.sgpc.net*

*E-mail : gurdwaragazette@gmail.com*

*info@sgpc.net*

*Phone: 0183-255 3956-60, Ext. 254*


## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇੱਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,

ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।

---


ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-68/10258 ਮਿਤੀ 20-6-67 ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

*ਪ੍ਰਤੀ ਕਾਪੀ 2/-ਰੁਪਏ*


## ਤਤਕਰਾ


| ਲੇਖ | ਪੰਨਾ |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰ ਮਰਯਾਦਾ | 4 |
| ਇਤਿਹਾਸਕ ਦਿਹਾੜੇ | 5 |
| ਗੁਰਬਾਣੀ ਵਿਚਾਰ | 7 |
| ਸੰਪਾਦਕੀ | 8 |
| ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਅਦੁੱਤੀ ਸ਼ਖ਼ਸੀਅਤ<br>*-ਭਾਈ ਗੋਬਿੰਦ ਸਿੰਘ ਲੌਂਗੋਵਾਲ* | 10 |
| ਸ਼ਹੀਦੀ ਸਪਤਾਹ ਦੀ ਦਾਸਤਾਨ<br>*-ਡਾ. ਰੂਪ ਸਿੰਘ* | 12 |
| ਮਹਾਨ ਸ਼ਹੀਦ: ਮਾਤਾ ਗੁਜਰੀ ਜੀ<br>*-ਡਾ. ਰਛਪਾਲ ਸਿੰਘ* | 17 |
| ਅੰਤਰਰਾਸ਼ਟਰੀ ਨਗਰ ਕੀਰਤਨ<br>*-ਮਨਜੀਤ ਸਿੰਘ* | 20 |
| ਗੁਰੂ ਨਾਨਕ ਨਾਮ ਲੇਵਾ ਭਾਈਚਾਰਿਆਂ ਨੂੰ ਸਿੱਖੀ ਦੀ ਮੁੱਖ ਧਾਰਾ ਵਿਚ...<br>*-ਸ. ਤਲਵਿੰਦਰ ਸਿੰਘ ਬੁੱਟਰ* | 23 |
| ਸ਼੍ਰੋਮਣੀ ਕਮੇਟੀ ਖ਼ਬਰਨਾਮਾ | 27 |
| ਕਾਰਵਾਈ ਜਨਰਲ ਇਜਲਾਸ | 53 |
| ਹਿਸਾਬ-ਕਿਤਾਬ | 72 |


### English Section


| | |
|---|---|
| Historical Events | 86 |
| Two Sikh Religious Orders : Sewa Panth and Nirmal Panth<br>*- S. Surjit Singh 'Gandhi'* | 88 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਮਰਯਾਦਾ

## ਮਹੀਨਾ ਪੋਹ

* ਕਿਵਾੜ ਖੁੱਲ੍ਹਣ ਦਾ ਸਮਾਂ — ੩-੦੦ ਵਜੇ ਅੰਮ੍ਰਿਤ ਵੇਲੇ
* ਕੀਰਤਨ ਆਰੰਭ — ੩-੦੦ ਵਜੇ ਅੰਮ੍ਰਿਤ ਵੇਲੇ
* ਆਸਾ ਦੀ ਵਾਰ ਦਾ ਕੀਰਤਨ ਆਰੰਭ — ੪-੦੦ ਵਜੇ ਸਵੇਰੇ
* ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ — ੫-੦੦ ਵਜੇ ਸਵੇਰੇ
* ਪਹਿਲਾ ਹੁਕਮਨਾਮਾ — ੫-੩੦ ਵਜੇ ਸਵੇਰੇ
* ਪਹਿਲੀ ਅਰਦਾਸ — ੬-੦੦ ਵਜੇ ਸਵੇਰੇ
* ਆਸਾ ਦੀ ਵਾਰ ਦੀ ਸਮਾਪਤੀ — ੭-੦੦ ਵਜੇ ਸਵੇਰੇ
* ਦੂਸਰੀ ਅਰਦਾਸ ਤੇ ਹੁਕਮਨਾਮਾ — ੭-੧੫ ਵਜੇ ਤੱਕ ਸਵੇਰੇ
* ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।
* ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ — ੯-੩੦ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ — ੯-੪੫ ਵਜੇ ਰਾਤ
* ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ — ੧੦-੦੦ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

**ਸਕੱਤਰ,**
*ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ-੧੪੩੦੦੬*
*ਫੋਨ : ੦੦੯੧-੧੮੩-੨੫੫੩੯੫੭,੫੮,੫੯*

# ੧੬ ਦਸੰਬਰ ਤੋਂ ੧੫ ਜਨਵਰੀ ਤਕ ਦੇ ਇਤਿਹਾਸਕ ਦਿਹਾੜੇ

**੧੬ ਦਸੰਬਰ** (ੳ) ਭਰੋਵਾਲ ਦੀ ਸੰਧੀ ਅੰਗਰੇਜ਼ਾਂ ਅਤੇ ਸਿੱਖ ਰਾਜ ਲਾਹੌਰ ਦਰਮਿਆਨ ਹੋਈ। ਜਿਸ ਅਨੁਸਾਰ ਗੁਲਾਬ ਸਿੰਘ ਨੂੰ ਜੰਮੂ-ਕਸ਼ਮੀਰ ਦੇ ਮਹਾਰਾਜੇ ਦੇ ਤੌਰ 'ਤੇ ਮਾਨਤਾ ਮਿਲੀ ਅਤੇ ਹੈਨਰੀ ਲਾਰੈਂਸ ਨੂੰ ਲਾਹੌਰ ਦਰਬਾਰ ਵਿਖੇ ਬਤੌਰ ਬਰਤਾਨਵੀਂ ਰੈਜ਼ੀਡੈਂਟ ਨਿਯੁਕਤ ਕੀਤਾ ਗਿਆ। (੧੬-੧੨-੧੮੪੬)

(ਅ) ਅੰਮ੍ਰਿਤਸਰ ਵਿਖੇ ਇਕ ਸਿੱਖ ਕਨਵੈਨਸ਼ਨ ਹੋਈ, ਜਿਸ ਵਿਚ ਪੰਜਾਬੀ ਸੂਬੇ ਦੀ ਮੰਗ ਪਹਿਲੀ ਵਾਰ ਕੀਤੀ ਗਈ। (੧੬-੧੨-੧੯੫੦)

**੧੭ ਦਸੰਬਰ** ਮਹਿਰਾਜ ਦੀ ਲੜਾਈ ਵਿਚ ਭਾਈ ਜੈਤਾ, ਭਾਈ ਸੁਖੀਆ ਮਾਂਡਨ ਤੇ ਸੈਂਕੜੇ ਹੋਰ ਸਿੰਘ ਸ਼ਹੀਦ ਹੋਏ। (੧੭-੧੨-੧੬੩੪)

**੧੮ ਦਸੰਬਰ** ਮੁਦਕੀ ਦੇ ਸਥਾਨ 'ਤੇ ਅੰਗਰੇਜ਼ਾਂ ਅਤੇ ਸਿੱਖਾਂ ਦਰਮਿਆਨ ਪਹਿਲੀ ਜੰਗ ਸ਼ੁਰੂ ਹੋਈ। (੧੮-੧੨-੧੮੪੫)

**੧੯ ਦਸੰਬਰ** ਪੰਜਾਬ ਅਸੈਂਬਲੀ ਨੇ ਪੰਜਾਬੀ ਬੋਲੀ ਨੂੰ ਸਰਕਾਰੀ ਬੋਲੀ ਹੋਣ ਦਾ ਬਿੱਲ ਪਾਸ ਕੀਤਾ। (੧੯-੧੨-੧੯੬੭)

**੨੨ ਦਸੰਬਰ** ਤੀਜੀ ਗੋਲਮੇਜ਼ ਕਾਨਫਰੰਸ ਲੰਡਨ ਵਿਚ ਹੋਈ ਸਿੱਖਾਂ ਨੇ ਇਸ ਦਾ ਮੁਕੰਮਲ ਬਾਈਕਾਟ ਕੀਤਾ। (੨੨-੧੨-੧੯੩੨)

**੨੩ ਦਸੰਬਰ** ਸਾਬਕਾ ਸਿੱਖ ਫ਼ੌਜੀਆਂ ਦੀ ਇਕ ਕਨਵੈਨਸ਼ਨ ਅੰਮ੍ਰਿਤਸਰ ਵਿਖੇ ਹੋਈ, ਇਸ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸਾਬਕਾ ਸਿੱਖ ਫੌਜੀਆਂ ਨੇ ਧਰਮ ਯੁੱਧ ਮੋਰਚੇ ਦੀ ਹਮਾਇਤ ਕੀਤੀ। (੨੩-੧੨-੧੯੮੨)

**੨੪ ਦਸੰਬਰ** ਅਕਾਲੀ ਜਥਾ ਖਰਾ ਸੌਦਾ ਬਾਰ ਨੇ ਜਥੇਦਾਰ ਕਰਤਾਰ ਸਿੰਘ ਝੱਬਰ ਨੂੰ ਆਪਣਾ ਮੁਖੀ ਚੁਣ ਲਿਆ। (੨੪-੧੨-੧੯੨੦)

**੨੭ ਦਸੰਬਰ** ਸਿੱਖਾਂ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਸਟੇਜ ਤੋਂ ਉਸ ਸਮੇਂ ਦੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਨੂੰ ਸਪੀਚ ਨਾ ਕਰਨ ਦਿੱਤੀ। (੨੭-੧੨-੧੯੫੩)

**੨੮ ਦਸੰਬਰ** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਭਾਈ ਫੇਰੂ ਦਾ ਪ੍ਰਬੰਧ ਸੰਭਾਲਿਆ। (੨੮-੧੨-੧੯੨੨)

**੨੯ ਦਸੰਬਰ** ਸ. ਮਹਿਤਾਬ ਸਿੰਘ ਨੇ ਸਰਬ ਪਾਰਟੀ ਕਨਵੈਨਸ਼ਨ ਦੇ ਲੀਡਰਾਂ ਨੂੰ ਮੁਖ਼ਾਤਿਬ ਹੁੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਸਿੱਖਾਂ ਨੂੰ ਅਣਗੌਲਿਆਂ ਕੀਤਾ ਤਾਂ ਭਾਰਤ ਦੇ ਭਵਿੱਖ ਦਾ ਫੈਸਲਾ ਕਿਰਪਾਨ ਦੀ ਧਾਰ 'ਤੇ ਕੀਤਾ ਜਾਵੇਗਾ। (੨੯-੧੨-੧੯੨੮)

**੩੦ ਦਸੰਬਰ** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਰਪਾਨ ਧਾਰਨ ਕਰਨ ਦੇ ਹੱਕ ਲਈ ਐਜੀਟੇਸ਼ਨ ਦਾ ਐਲਾਨ ਕੀਤਾ। (੩੦-੧੨-੧੯੩੫)

**੩੧ ਦਸੰਬਰ** (ੳ) ਭਾਰਤ ਸਰਕਾਰ ਨੇ ਸਿੱਖਾਂ ਦੇ ਗੁਰਧਾਮਾਂ 'ਤੇ ਕਬਜ਼ਾ ਕਰਨ ਦੀ ਸਾਜ਼ਿਸ਼ ਵਜੋਂ ਗੁਰਦੁਆਰਾ ਬਿੱਲ ਵਿਚ ਸੋਧ ਕੀਤੀ। (੩੧-੧੨-੧੯੫੮)

(ਅ) ਪੰਜਾਬ ਸਰਕਾਰ ਨੇ ਇਹ ਮੰਨਿਆ ਕਿ ਸਾਲ ੧੯੮੭ ਵਿਚ ੩੨੮ ਸਿੱਖ ਮਾਰੇ ਗਏ ਅਤੇ ੩੭੫੧ ਗ੍ਰਿਫ਼ਤਾਰ ਕੀਤੇ ਗਏ ਹਨ। (੩੧-੧੨-੧੯੮੭)

੧ ਜਨਵਰੀ ਕਿਰਪਾਨ ਦੇ ਮੁੱਦੇ 'ਤੇ ਸਿੱਖਾਂ ਦੇ ਪਹਿਲੇ ਜਥੇ ਨੇ ਗ੍ਰਿਫ਼ਤਾਰੀ ਦਿੱਤੀ। (੧-੧-੧੯੩੬)

੬ ਜਨਵਰੀ ਸ਼ਹੀਦ ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਨੂੰ ਇੰਦਰਾ ਗਾਂਧੀ ਕਤਲ-ਕਾਂਡ ਵਿਚ ਫਾਂਸੀ ਦਿੱਤੀ ਗਈ, ਫਾਂਸੀ ਤੋਂ ਬਾਅਦ ਇਨ੍ਹਾਂ ਸ਼ਹੀਦਾਂ ਦੀਆਂ ਲਾਸ਼ਾਂ ਦਾ ਸਸਕਾਰ ਜੇਲ੍ਹ ਦੇ ਅੰਦਰ ਹੀ ਕਰ ਦਿੱਤਾ ਗਿਆ ਅਤੇ ਇਸ ਸਾਰੀ ਕਾਰਵਾਈ ਦੌਰਾਨ ਸਾਰੇ ਪੰਜਾਬ ਵਿਚ ਕਰਫਿਊ ਲਗਾਇਆ ਗਿਆ। (੬-੧-੧੯੮੯)

੭ ਜਨਵਰੀ ਸ਼੍ਰੋਮਣੀ ਕਮੇਟੀ ਦੀ ਨਵੀਂ ਅੰਤ੍ਰਿੰਗ ਕਮੇਟੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਤੇ ਸ਼੍ਰੋਮਣੀ ਕਮੇਟੀ ਨੇ ਗੁਰਦੁਆਰਾ ਗੰਗਸਰ ਜੈਤੋ ਦੇ ਮੋਰਚੇ ਤੇ ਸ਼ਹੀਦੀ ਜਥੇ ਭੇਜਣ ਦਾ ਫੈਸਲਾ ਕੀਤਾ। (੭-੧-੧੯੨੪)

੯ ਜਨਵਰੀ ਅੰਮ੍ਰਿਤਸਰ ਵਿਖੇ ਬੁੱਧੀਜੀਵੀਆਂ ਦੀ ਇਕ ਕਾਨਫਰੰਸ ਹੋਈ ਜਿਸ ਵਿਚ ਧਰਮ ਯੁੱਧ ਮੋਰਚੇ ਦੀ ਹਮਾਇਤ ਕੀਤੀ ਗਈ। (੯-੧-੧੯੮੩)

੧੧ ਜਨਵਰੀ ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਦੀ ਅੰਤਮ ਅਰਦਾਸ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕੀਤੀ ਗਈ। (੧੧-੧-੧੯੮੯)

੧੨ ਜਨਵਰੀ ਸਿੱਖਾਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਗੁਰਧਾਮਾਂ ਦਾ ਪ੍ਰਬੰਧ ਸੰਭਾਲਿਆ। (੧੨-੧-੧੯੨੩)

੧੩ ਜਨਵਰੀ (ੳ) ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਗੁਰਪੁਰਬ ਸਮੇਂ ਜੰਮੂ ਵਿਖੇ ਸੰਗਤਾਂ ਵੱਲੋਂ ਕੱਢੇ ਜਾ ਰਹੇ ਇਕ ਨਗਰ ਕੀਰਤਨ 'ਤੇ ਹਿੰਦੂਆਂ ਨੇ ਹਮਲਾ ਕਰ ਦਿੱਤਾ। ਇਸ ਵਿੱਚ ੯ ਸਿੱਖ ਸ਼ਹੀਦ ਹੋ ਗਏ। (੧੩-੧-੧੯੮੯)

(ਅ) ਸਿੱਖਾਂ ਅਤੇ ਅੰਗਰੇਜ਼ਾਂ ਦਰਮਿਆਨ ਚੇਲਿਆਂ ਵਾਲੀ ਦੇ ਸਥਾਨ 'ਤੇ ਇਕ ਮਹੱਤਵਪੂਰਨ ਲੜਾਈਹੋਈ ਜਿਸ ਵਿਚ ਅੰਗਰੇਜ਼ਾਂ ਦੇ ੧੩੨ ਅਫਸਰ ਅਤੇ ੨੪੪੬ ਫ਼ੌਜੀ ਜਵਾਨ ਮਾਰੇ ਗਏ। ਏਨੇ ਜ਼ਿਆਦਾ ਫੌਜੀ ਜਾਨੀ ਨੁਕਸਾਨ ਤੋਂ ਚਿੜ੍ਹ ਖਾ ਕੇ ਅੰਗਰੇਜ਼ ਫ਼ੌਜ ਨੇ ਕਈ ਦਿਨ ਆਮ ਸਿੱਖਾਂ ਦਾ ਕਤਲੇਆਮ ਕੀਤਾ। ਇਹ ਘਟਨਾ ਆਪਣੇ ਆਪ ਨੂੰ ਸੱਭਿਅਕ ਅਖਵਾਉਣ ਵਾਲੇ ਅੰਗਰੇਜ਼ਾਂ ਦੀ ਦਰਿੰਦਗੀ ਦਾ ਇਕ ਨਮੂਨਾ ਸੀ, ਜਿਸ ਨੇ ਸਿੱਖਾਂ 'ਤੇ ਹੋਏ ਪਹਿਲੇ ਮੁਗ਼ਲੀਆ ਅੱਤਿਆਚਾਰਾਂ ਨੂੰ ਵੀ ਮਾਤ ਪਾ ਦਿੱਤੀ। (੧੩-੧-੧੮੪੯)

੧੪ ਜਨਵਰੀ (ੳ) ਗੁਰਦੁਆਰਾ ਰਕਾਬ ਗੰਜ ਦਿੱਲੀ ਦੀ ਬਾਹਰਲੀ ਦੀਵਾਰ ਬ੍ਰਿਟਿਸ਼ ਸਰਕਾਰ ਨੇ ਢਾਹ ਦਿੱਤੀ। (੧੪-੧-੧੯੧੪)

(ਅ) ਪੰਜਾਬ ਵਿਚ ਜ਼ਿਲ੍ਹਾ ਪੱਧਰ 'ਤੇ ਦਫਤਰੀ ਕੰਮ-ਕਾਜ ਪੰਜਾਬੀ ਵਿਚ ਹੋਣਾ ਸ਼ੁਰੂ ਹੋਇਆ। (੧੪-੧-੧੯੬੭)

(ੲ) ਫ਼ਾਜ਼ਿਲਕਾ ਤੇ ਅਬੋਹਰ ਦੇ ਇਲਾਕੇ ਪੰਜਾਬ ਵਿਚ ਰਹਿਣੇ ਚਾਹੀਦੇ ਹਨ ਜਾਂ ਹਰਿਆਣਾ ਨੂੰ ਦਿੱਤੇ ਜਾਣੇ ਚਾਹੀਦੇ ਹਨ, ਦੇ ਸੰਬੰਧ ਵਿਚ ਇਸ ਜ਼ੋਨ ਦੇ ੫੪ ਪਿੰਡਾਂ ਦੀ ਰਾਇ ਸ਼ੁਮਾਰੀ ਕੀਤੀ ਗਈ। ਇਸ ਰਾਇ ਸ਼ੁਮਾਰੀ ਦੌਰਾਨ ਇਨ੍ਹਾਂ ਪਿੰਡਾਂ ਦੇ ਪੰਜਾਬੀ ਬੋਲਣ ਵਾਲੇ ਹਿੰਦੂਆਂ ਨੇ ਆਪਣੀ ਮਾਤ-ਭਾਸ਼ਾ ਹਿੰਦੀ ਲਿਖਵਾਈ ਤੇ ਇਸ ਦੇ ਬਾਵਜੂਦ ਵੀ ਅਖ਼ੀਰਲੇ ਸਮੇਂ ਕੰਦੂਖੇੜਾ ਪਿੰਡ ਦੀਰਾਇ ਸ਼ੁਮਾਰੀ ਤੋਂ ਇਹ ਦੋਵੇਂ ਇਲਾਕੇ ਹਰਿਆਣਾ ਵਿਚ ਜਾਣੋਂ ਬਚ ਗਏ। ਕੰਦੂਖੇੜਾ ਰਾਇਸ਼ੁਮਾਰੀ ਵਿਚ ਸ. ਪ੍ਰਕਾਸ਼ ਸਿੰਘ ਬਾਦਲ ਨੇ ਅਹਿਮ ਰੋਲ ਅਦਾ ਕੀਤਾ। (੧੪-੧-੧੯੮੬) ■

**ਗੁਰਬਾਣੀ ਵਿਚਾਰ:**

# ਪੋਖਿ ਤੁਖਾਰੁ ਨ ਵਿਆਪਈ...

ਪੋਖਿ ਤੁਖਾਰੁ ਨ ਵਿਆਪਈ ਕੰਠਿ ਮਿਲਿਆ ਹਰਿ ਨਾਹੁ ॥
ਮਨੁ ਬੇਧਿਆ ਚਰਨਾਰਬਿੰਦ ਦਰਸਨਿ ਲਗੜਾ ਸਾਹੁ ॥
ਓਟ ਗੋਵਿੰਦ ਗੋਪਾਲ ਰਾਇ ਸੇਵਾ ਸੁਆਮੀ ਲਾਹੁ ॥
ਬਿਖਿਆ ਪੋਹਿ ਨ ਸਕਈ ਮਿਲਿ ਸਾਧੂ ਗੁਣ ਗਾਹੁ ॥
ਜਹ ਤੇ ਉਪਜੀ ਤਹ ਮਿਲੀ ਸਚੀ ਪ੍ਰੀਤਿ ਸਮਾਹੁ ॥
ਕਰੁ ਗਹਿ ਲੀਨੀ ਪਾਰਬ੍ਰਹਮਿ ਬਹੁੜਿ ਨ ਵਿਛੁੜੀਆਹੁ ॥
ਬਾਰਿ ਜਾਉ ਲਖ ਬੇਰੀਆ ਹਰਿ ਸਜਣੁ ਅਗਮ ਅਗਾਹੁ ॥
ਸਰਮ ਪਈ ਨਾਰਾਇਣੈ ਨਾਨਕ ਦਰਿ ਪਈਆਹੁ ॥
ਪੋਖੁ ਸੋੁਹੰਦਾ ਸਰਬ ਸੁਖ ਜਿਸੁ ਬਖਸੇ ਵੇਪਰਵਾਹੁ ॥੧੧॥

(ਪੰਨਾ ੧੩੫)

ਪੋਹ ਦੇ ਮਹੀਨੇ ਜਿਸ ਜੀਵ-ਇਸਤਰੀ ਦੇ ਗਲ ਨਾਲ (ਹਿਰਦੇ ਵਿਚ) ਪ੍ਰਭੂ-ਪਤੀ ਲੱਗਾ ਹੋਇਆ ਹੋਵੇ, ਉਸ ਨੂੰ ਕੱਕਰ (ਮਨ ਦੀ ਕਠੋਰਤਾ, ਕੋਰਾਪਨ) ਜ਼ੋਰ ਨਹੀਂ ਪਾ ਸਕਦਾ, (ਕਿਉਂਕਿ) ਉਸ ਦੀ ਬਿਰਤੀ ਪ੍ਰਭੂ ਦੇ ਦੀਦਾਰ ਦੀ ਤਾਂਘ ਵਿਚ ਜੁੜੀ ਰਹਿੰਦੀ ਹੈ, ਉਸ ਦਾ ਮਨ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਬੱਝਾ ਰਹਿੰਦਾ ਹੈ।

ਜਿਸ ਜੀਵ-ਇਸਤਰੀ ਨੇ ਗੋਬਿੰਦ ਗੋਪਾਲ ਦਾ ਆਸਰਾ ਲਿਆ ਹੈ, ਉਸ ਨੇ ਪ੍ਰਭੂ-ਪਤੀ ਦੀ ਸੇਵਾ ਦਾ ਲਾਭ ਖੱਟਿਆ ਹੈ, ਮਾਇਆ ਉਸ ਨੂੰ ਪੋਹ ਨਹੀਂ ਸਕਦੀ, ਗੁਰੂ ਨੂੰ ਮਿਲ ਕੇ ਉਸ ਨੇ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਚੁੱਭੀ ਲਾਈ ਹੈ। ਜਿਸ ਪਰਮਾਤਮਾ ਤੋਂ ਉਸ ਨੇ ਜਨਮ ਲਿਆ ਹੈ, ਉਸੇ ਵਿਚ ਉਹ ਜੁੜੀ ਰਹਿੰਦੀ ਹੈ, ਉਸ ਦੀ ਲਿਵ ਪ੍ਰਭੂ ਦੀ ਪ੍ਰੀਤ ਵਿਚ ਲੱਗੀ ਰਹਿੰਦੀ ਹੈ। ਪਾਰਬ੍ਰਹਮ ਨੇ (ਉਸ ਦਾ) ਹੱਥ ਫੜ ਕੇ (ਉਸ ਨੂੰ ਆਪਣੇ ਚਰਨਾਂ ਵਿਚ) ਜੋੜਿਆ ਹੁੰਦਾ ਹੈ, ਉਹ ਮੁੜ (ਉਸ ਦੇ ਚਰਨਾਂ ਤੋਂ) ਵਿਛੁੜਦੀ ਨਹੀਂ। (ਪਰ) ਉਹ ਸੱਜਣ ਪ੍ਰਭੂ ਬੜਾ ਅਪਹੁੰਚ ਹੈ, ਬੜਾ ਡੂੰਘਾ ਹੈ, ਮੈਂ ਉਸ ਤੋਂ ਲੱਖ ਵਾਰੀ ਕੁਰਬਾਨ ਹਾਂ। ਹੇ ਨਾਨਕ! (ਉਹ ਬੜਾ ਦਿਆਲ ਹੈ) ਦਰ ਉੱਤੇ ਡਿੱਗਿਆਂ ਦੀ ਉਸ ਪ੍ਰਭੂ ਨੂੰ ਇੱਜ਼ਤ ਰੱਖਣੀ ਹੀ ਪੈਂਦੀ ਹੈ।

ਜਿਸ ਉੱਤੇ ਉਹ ਬੇਪਰਵਾਹ ਪਰਮਾਤਮਾ ਮਿਹਰ ਕਰਦਾ ਹੈ, ਉਸ ਨੂੰ ਪੋਹ ਦਾ ਮਹੀਨਾ ਸੁਹਾਵਣਾ ਲੱਗਦਾ ਹੈ, ਉਸ ਨੂੰ ਸਾਰੇ ਹੀ ਸੁਖ ਮਿਲ ਜਾਂਦੇ ਹਨ ॥੧੧॥

■

*ਸੰਪਾਦਕੀ...*

# ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਮੁੜ ਪ੍ਰਧਾਨ ਬਣਨ ਨਾਲ ਕੌਮੀ ਕਾਰਜਾਂ 'ਚ ਨਿਰੰਤਰਤਾ ਬਣੀ ਰਹੇਗੀ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਮੁੱਖ ਦਫਤਰ ਵਿਖੇ ਸਥਿਤ ਇਤਿਹਾਸਕ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ੨੭ ਨਵੰਬਰ, ੨੦੧੯ ਨੂੰ ਹੋਏ ਜਨਰਲ ਇਜਲਾਸ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਲਗਾਤਾਰ ਤੀਜੀ ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚੁਣੇ ਗਏ ਹਨ। ਉਨ੍ਹਾਂ ਦੀ ਅਗਵਾਈ 'ਚ ਨਵੀਂ ਚੁਣੀ ਗਈ ਸਮੁੱਚੀ ਕਾਰਜਕਾਰਨੀ ਕਮੇਟੀ ਨੇ ਧਰਮ ਪ੍ਰਚਾਰ ਨੂੰ ਪ੍ਰਚੰਡ ਕਰਨ ਲਈ ਆਪਣੀ ਵਚਨਬੱਧਤਾ ਪ੍ਰਗਟਾਈ ਹੈ। ਸਿੱਖ ਗੁਰਦੁਆਰਾ ਐਕਟ ਅਨੁਸਾਰ ਸ਼੍ਰੋਮਣੀ ਕਮੇਟੀ ਦੀਆਂ ਆਮ ਚੋਣਾਂ ੫ ਸਾਲ ਬਾਅਦ ਅਤੇ ਕਾਰਜਕਾਰਨੀ ਕਮੇਟੀ ਦੀ ਚੋਣ ਇੱਕ ਸਾਲ ਬਾਅਦ ਹੁੰਦੀ ਹੈ। ਹਰ ਸਾਲ ਸ਼੍ਰੋਮਣੀ ਕਮੇਟੀ ਦੀ ਕਾਰਜਕਾਰਨੀ ਕਮੇਟੀ ਵਲੋਂ ੨੧ ਦਿਨਾਂ ਦੇ ਅਗਾਊਂ ਨੋਟਿਸ 'ਤੇ ਨਵੰਬਰ ਮਹੀਨੇ ਚੋਣ ਇਜਲਾਸ ਕਰਵਾਇਆ ਜਾਂਦਾ ਹੈ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਹਾਊਸ ਵਲੋਂ ਪ੍ਰਧਾਨ ਸਮੇਤ ੧੫ ਮੈਂਬਰੀ ਕਾਰਜਕਾਰਨੀ ਕਮੇਟੀ ਚੁਣੀ ਜਾਂਦੀ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਪਰਿਭਾਸ਼ਤ ਕਰਦਿਆਂ ਆਖਿਆ ਜਾਂਦਾ ਹੈ ਕਿ ਇਸ ਦੇ ਕੰਮ ਗੁਰਦੁਆਰਿਆਂ ਦੀ ਸੇਵਾ-ਸੰਭਾਲ ਕਰਨਾ, ਸਿੱਖ ਹਿੱਤਾਂ ਦੀ ਪੈਰਵਾਈ ਕਰਨਾ ਅਤੇ ਸਿੱਖੀ ਦਾ ਪ੍ਰਚਾਰ ਕਰਨਾ ਹੈ, ਪਰ ਵਰਤਮਾਨ ਸਮੇਂ ਇਸ ਵੱਲੋਂ ਕੀਤੇ ਜਾਂਦੇ ਕਾਰਜਾਂ ਦਾ ਘੇਰਾ ਕਈ ਖ਼ੇਤਰਾਂ ਤੱਕ ਫੈਲ ਚੁੱਕਾ ਹੈ। ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਤੇ ਗੁਰਦੁਆਰਿਆਂ ਦੀ ਸੇਵਾ-ਸੰਭਾਲ ਦੇ ਨਾਲ-ਨਾਲ ਅੱਜ ਸਿਹਤ, ਸਿੱਖਿਆ, ਲੋਕ ਭਲਾਈ, ਰੁਜ਼ਗਾਰ ਦੇਣ ਆਦਿ ਖ਼ੇਤਰਾਂ ਵਿਚ ਵੀ ਜ਼ਿਕਰਯੋਗ ਕਾਰਜ ਤੇ ਪ੍ਰਾਪਤੀਆਂ ਕੀਤੀਆਂ ਹਨ। ਇਸ ਦੀਆਂ ਦੋ ਯੂਨੀਵਰਸਿਟੀਆਂ, ਸੌ ਦੇ ਕਰੀਬ ਵਿਦਿਅਕ ਅਦਾਰੇ ਲੱਖਾਂ ਵਿਦਿਆਰਥੀਆਂ ਨੂੰ ਕਾਮਯਾਬੀ ਦੇ ਰਾਹ ਤੋਰ ਰਹੇ ਹਨ।

ਸ਼੍ਰੋਮਣੀ ਕਮੇਟੀ ਸਿੱਖ ਧਰਮ ਦੇ ਵੱਖ-ਵੱਖ ਸਰੋਕਾਰਾਂ ਦੀ ਪੈਰਵਾਈ ਆਪਣੀਆਂ ਵੱਖ-ਵੱਖ ਸ਼ਾਖ਼ਾਵਾਂ ਦੁਆਰਾ ਕਰਦੀ ਹੈ, ਜਿਵੇਂ ਕਿ ਧਰਮ ਪ੍ਰਚਾਰ ਕਮੇਟੀ, ਟਰੱਸਟ ਸ਼ਾਖ਼ਾ, ਡਾਇਰੈਕਟੋਰੇਟ ਸਿੱਖਿਆ ਅਤੇ ਸਿੱਖ ਇਤਿਹਾਸ ਰੀਸਰਚ ਬੋਰਡ ਆਦਿ। ਕਹਿਣ ਦਾ ਭਾਵ ਸ਼੍ਰੋਮਣੀ ਕਮੇਟੀ ਵਿਧੀਵਤ ਤਰੀਕੇ ਨਾਲ ਹਰ ਖ਼ੇਤਰ ਵਿਚ ਅੱਗੇ ਵਧ ਰਹੀ ਹੈ। ਜੇਕਰ ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਲਈ ਕਾਰਜਾਂ ਦੀ ਗੱਲ ਕਰੀਏ ਤਾਂ ਇਹ ਇਕੱਲੇ ਪੰਜਾਬ ਅੰਦਰ ਹੀ ਨਹੀਂ ਸਗੋਂ ਬਾਹਰਲੇ ਸੂਬਿਆਂ ਵਿਚ ਵੀ ਪਿੱਛੇ ਨਹੀਂ। ਸਿੱਖੀ ਦੇ ਪ੍ਰਚਾਰ-ਪ੍ਰਸਾਰ ਦਾ ਘੇਰਾ ਪੰਜਾਬ ਤੋਂ ਬਾਹਰ ਵੀ ਵਿਸ਼ਾਲ ਬਣਾਉਣ ਲਈ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਨੇ ਵੱਖ-ਵੱਖ ਸੂਬਿਆਂ ਵਿਚ ੧੧ 'ਸਿੱਖ ਮਿਸ਼ਨ' ਚਲਾਏ ਜਾ ਰਹੇ ਹਨ। ਸਿੱਖ ਪ੍ਰਚਾਰਕ, ਰਾਗੀ ਤੇ ਢਾਡੀ-ਕਵੀਸ਼ਰ ਤਿਆਰ ਕਰਨ ਲਈ ਇੱਕ ਦਰਜਨ ਤੋਂ ਵੱਧ ਧਾਰਮਿਕ ਅਦਾਰੇ ਹਨ।

ਸਿੱਖਾਂ ਦੀ ਇਸ ਪ੍ਰਤੀਨਿਧ ਧਾਰਮਿਕ ਸੰਸਥਾ ਨੇ ਸਮੇਂ-ਸਮੇਂ ਹਰ ਪ੍ਰਧਾਨ ਦੀ ਅਗਵਾਈ ਵਿਚ ਕੌਮ ਦੀ ਸਾਰਥਿਕ ਰੂਪ ਵਿਚ ਅਗਵਾਈ ਕੀਤੀ ਹੈ। ਨਵੰਬਰ ੨੦੧੭ ਤੋਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪਿਛਲੇ ਦੋ ਸਾਲਾਂ ਵਿਚ ਆਪਣੇ ਕਾਰਜਕਾਲ ਦੌਰਾਨ ਜਿਥੇ ਧਰਮ ਪ੍ਰਚਾਰ ਲਹਿਰ ਨੂੰ ਨਵੇਂ ਅੰਜਾਮ ਦਿੱਤੇ ਹਨ, ਉਥੇ ਹੀ ਇਨ੍ਹਾਂ ਨੂੰ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਦਾ ੫੫੦ ਸਾਲਾ ਪ੍ਰਕਾਸ਼ ਦਿਹਾੜਾ ਮਨਾਉਣ ਦੀ ਸੇਵਾ ਦਾ ਸੁਭਾਗ ਵੀ ਮਿਲਿਆ ਹੈ। ਇਹ ਇੱਕ ਖਾਸ ਮੌਕਾ ਸੀ, ਜਿਸ ਦੇ ਸਮਾਗਮਾਂ ਨੂੰ

ਕਾਮਯਾਬੀ ਨਾਲ ਨੇਪਰੇ ਚਾੜ੍ਹਨ ਲਈ ਉਨ੍ਹਾਂ ਨੇ ਪ੍ਰਬੰਧਕੀ ਕੁਸ਼ਲਤਾ ਦਿਖਾਈ। ੫੫੦ ਸਾਲਾ ਪ੍ਰਕਾਸ਼ ਪੁਰਬ ਪ੍ਰਤੀ ਸਿੱਖ ਕੌਮ ਅੰਦਰ ਚੇਤਨਾ ਤੇ ਉਤਸ਼ਾਹ ਜਗਾਉਣ ਲਈ ਸ੍ਰੀ ਨਨਕਾਣਾ ਸਾਹਿਬ ਤੋਂ ਅੰਤਰਰਾਸ਼ਟਰੀ ਨਗਰ ਕੀਰਤਨ ਆਰੰਭਤਾ ਤੋਂ ਲੈ ਕੇ ਸਮਾਪਤੀ ਤੱਕ ਸਫਲਤਾ ਨਾਲ ਨੇਪਰੇ ਚਾੜ੍ਹਨ ਵਰਗੇ ਇਤਿਹਾਸਕ ਪਲਾਂ ਦੀ ਅਗਵਾਈ ਰੂਪੀ ਸੇਵਾ ਕਰਨ ਦਾ ਮਾਣ ਵੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਹਾਸਲ ਹੋਇਆ। ਦੇਸ਼ ਦੁਨੀਆ ਅੰਦਰ ਸੈਂਕੜੇ ਗੁਰਮਤਿ ਸਮਾਗਮ ਤੇ ਸੈਮੀਨਾਰ ਕਰਵਾਉਣ ਦੇ ਨਾਲ-ਨਾਲ ਦੇਸ਼ ਭਰ ਵਿਚ ਨਗਰ ਕੀਰਤਨ ਸਜਾਏ ਗਏ।

ਹੁਣ ਜਦੋਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਲਗਾਤਾਰ ਤੀਜੀ ਵਾਰ ਪ੍ਰਧਾਨ ਬਣੇ ਹਨ ਤਾਂ ਨਿਰਸੰਦੇਹ ਧਰਮ ਪ੍ਰਚਾਰ ਦੇ ਨਾਲ-ਨਾਲ ਹਰ ਖ਼ੇਤਰ ਵਿਚ ਆਰੰਭੇ ਕਾਰਜਾਂ ਦੀ ਨਿਰੰਤਰਤਾ ਬਣੀ ਰਹਿਣੀ ਯਕੀਨੀ ਹੈ। ਇਸ ਦੇ ਨਾਲ ਹੀ ਨੌਜਵਾਨ ਪੀੜ੍ਹੀ ਨੂੰ ਸਿੱਖੀ ਵਿਰਸੇ ਅਤੇ ਗੁਰਬਾਣੀ ਨਾਲ ਜੋੜਨ ਲਈ ਨਵੀਆਂ ਸਰਗਰਮੀਆਂ ਉਲੀਕਣ, ਸਮੁੱਚੇ ਸਿੱਖ ਪੰਥ ਨੂੰ ਏਕਤਾ ਦੇ ਸੂਤਰ ਵਿਚ ਪ੍ਰੋਣ ਲਈ ਯਤਨ ਅਤੇ ਸਿੱਖ ਹਿਤਾਂ ਦੀ ਪੈਰਵਾਈ ਲਈ ਸਿੱਖ ਪੰਥ ਨੂੰ ਉਨ੍ਹਾਂ ਤੋਂ ਬੇਹੱਦ ਆਸਾਂ ਹਨ। ਪੂਰਨ ਉਮੀਦ ਹੈ ਕਿ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਉਨ੍ਹਾਂ ਦੀ ਅਗਵਾਈ ਹੇਠ ਸਮੁੱਚੀ ਕਾਰਜਕਾਰਨੀ ਕਮੇਟੀ ਕੌਮ ਦੀਆਂ ਭਾਵਨਵਾਂ 'ਤੇ ਜ਼ਰੂਰ ਖਰਾ ਉਤਰੇਗੀ। ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਹਾਰਦਿਕ ਮੁਬਾਰਕਾਂ ਤੇ ਜੀ ਆਇਆਂ...।

## ਗੁਰਪੁਰਬਾਂ ਸਮੇਂ ਸਜਾਏ ਜਾਂਦੇ ਜਲੌ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਹੇਠ ਲਿਖੇ ਗੁਰਪੁਰਬਾਂ ਸਮੇਂ ਜਲੌ ਸਜਾਏ ਜਾਂਦੇ ਹਨ, ਦੀਪਮਾਲਾ ਤੇ ਆਤਿਸ਼ਬਾਜ਼ੀ ਕੀਤੀ ਜਾਂਦੀ ਹੈ:

* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਨਾਨਕ ਦੇਵ ਜੀ
* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਰਾਮਦਾਸ ਜੀ
* ਗੁਰਗੱਦੀ ਦਿਵਸ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ
* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ
* ਪਹਿਲਾ ਪ੍ਰਕਾਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ

*ਜਲੌ ਦਾ ਸਮਾਂ: ਸਵੇਰੇ ੯:00 ਤੋਂ ੧੨:00 ਵਜੇ ਦੁਪਹਿਰ ਤੀਕ।*

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਅਦੁੱਤੀ ਸ਼ਖ਼ਸੀਅਤ

*-ਭਾਈ ਗੋਬਿੰਦ ਸਿੰਘ ਲੌਂਗੋਵਾਲ**

ਸੰਤ ਸਿਪਾਹੀ ਮਰਦ ਅਗੰਮੜੇ ਕਲਗੀਧਰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਸਾਰਾ ਜੀਵਨ ਬਹੁਪੱਖੀ ਰੂਪ ਵਿਚ ਦ੍ਰਿਸ਼ਟੀਗੋਚਰ ਹੁੰਦਾ ਹੈ। ਉਨ੍ਹਾਂ ਆਪਣੀ ੪੨ ਕੁ ਸਾਲਾਂ ਦੀ ਉਮਰ ਹੰਢਾਉਂਦਿਆਂ ਹੋਇਆਂ ਉਹ ਕਾਰਜ ਕਰ ਦਿਖਾਏ ਜੋ ਸੰਸਾਰੀ ਲੋਕਾਂ ਦੇ ਭਵਿੱਖ ਲਈ ਰਾਹ-ਦਰਸਾਊ ਸਾਬਤ ਹੋਏ। ਪਟਨਾ ਸਾਹਿਬ (ਬਿਹਾਰ) ਵਿਖੇ ਸੰਸਾਰ ਆਗਮਨ ਅਤੇ ਬਚਪਨ ਦੀਆਂ ਲੀਲ੍ਹਾਵਾਂ ਤੋਂ ਲੈ ਕੇ ਨੰਦੇੜ ਸਾਹਿਬ (ਮਹਾਂਰਾਸ਼ਟਰ) ਵਿਖੇ ਜੋਤੀ-ਜੋਤ ਸਮਾਉਣ ਤਕ ਦਾ ਜੀਵਨ-ਸਫ਼ਰ ਅਣਗਿਣਤ ਹੈਰਾਨ ਕਰਨ ਵਾਲੇ ਕਾਰਨਾਮਿਆਂ ਨਾਲ ਭਰਪੂਰ ਹੈ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਦਾ ਉਦੇਸ਼ ਧਰਮ ਦੀ ਸਥਾਪਨਾ, ਮਜ਼ਲੂਮਾਂ ਦੀ ਰਾਖੀ ਅਤੇ ਜਬਰ-ਜ਼ੁਲਮ ਦਾ ਡੱਟ ਕੇ ਟਾਕਰਾ ਕਰਨਾ ਸੀ। ਉਹ ਜਾਣਦੇ ਸਨ ਕਿ ਲੋਕਾਂ ਦੀ ਗੁਲਾਮ ਮਾਨਸਿਕਤਾ ਦਾ ਕਾਰਨ ਅਧਰਮ ਦੇ ਬੋਲਬਾਲੇ ਕਰਕੇ ਸੀ। ਇਸੇ ਲਈ ਉਨ੍ਹਾਂ ਨੇ ਜਬਰ-ਜ਼ੁਲਮ ਖਿਲਾਫ ਸਿੱਖਾਂ ਨੂੰ ਲਾਮਬੰਦ ਕੀਤਾ ਅਤੇ ਧਰਮ ਯੁੱਧ ਦਾ ਰਾਹ ਚੁਣਿਆ। ਆਪ ਆਪਣੇ ਉਦੇਸ਼ ਨੂੰ 'ਬਚਿਤ੍ਰ ਨਾਟਕ' ਵਿਚ ਸਪਸ਼ਟ ਕਰਦਿਆਂ ਫੁਰਮਾਉਂਦੇ ਹਨ:

*ਹਮ ਇਹ ਕਾਜ ਜਗਤ ਮੋ ਆਏ॥ ਧਰਮ ਹੇਤ ਗੁਰਦੇਵ ਪਠਾਏ॥*
*ਜਹਾਂ ਤਹਾਂ ਤੁਮ ਧਰਮ ਬਿਥਾਰੋ॥ ਦੁਸਟ ਦੋਖੀਅਨਿ ਪਕਰਿ ਪਛਾਰੋ॥੪੨॥*

ਇਸ ਕਰਕੇ ਉਨ੍ਹਾਂ ਦਾ ਆਗਮਨ ਭਾਰਤੀ ਇਤਿਹਾਸ ਵਿਚ ਇਕ ਇਨਕਲਾਬ ਦਾ ਆਗਾਜ਼ ਸੀ। ਉਸ ਸਮੇਂ ਅਮਾਨਵੀ ਸੰਕਟਾਂ ਵਿਚ ਘਿਰੇ ਹੋਏ ਸਮਾਜ ਵਿਚ ਮਨੁੱਖੀ ਅਜਾਦੀ ਤੇ ਸਭਿਆਚਾਰ ਨੂੰ ਕਾਇਮ ਰੱਖਣਾ ਅਸੰਭਵ ਜਾਪਦਾ ਸੀ। ਉਨ੍ਹਾ ੯ ਸਾਲ ਦੀ ਛੋਟੀ ਉਮਰੇ ਆਪਣੇ ਪਿਤਾ ਜੀ ਨੂੰ ਮਜ਼ਲੂਮਾਂ ਅਤੇ ਧਰਮ ਦੀ ਰੱਖਿਆ ਲਈ ਸ਼ਹਾਦਤ ਦੇਣ ਲਈ ਤੋਰਿਆ, ਖਾਲਸਾ ਪੰਥ ਦੀ ਸਿਰਜਣਾ ਕੀਤੀ, ਜ਼ੁਲਮ ਵਿਰੁੱਧ ਅਨੇਕਾਂ ਧਰਮ ਯੁੱਧ ਲੜੇ ਅਤੇ ਮੁਰਦਾ ਹੋ ਚੁੱਕੀ ਕੌਮ ਵਿਚ ਨਵੀਂ ਰੂਹ ਫੂਕਦਿਆਂ ਔਰੰਗਜ਼ੇਬ ਦੇ ਵਿਸ਼ਾਲ ਸਾਮਰਾਜ ਨਾਲ ਟੱਕਰ ਲਈ। ਆਪ ਨੇ ਦੱਬੇ-ਕੁਚਲੇ ਲੋਕਾਂ ਨੂੰ ਸੀਨੇ ਨਾਲ ਲਗਾਇਆ ਅਤੇ ਆਪਣੀਆਂ ਸਾਰੀਆਂ ਪ੍ਰਾਪਤੀਆਂ ਉਨ੍ਹਾਂ ਨੂੰ ਹੀ ਸਮਰਪਿਤ ਕਰਦਿਆਂ ਫੁਰਮਾਇਆ,

*'ਇਨ ਹੀ ਕੀ ਕ੍ਰਿਪਾ ਕੇ ਸਜੇ ਹਮ ਹੈਂ, ਨਹੀਂ ਮੋ ਸੇ ਗਰੀਬ ਕਰੋਰ ਪਰੇ॥'*

ਉਸ ਸਮੇਂ ਦੇ ਮੁਗਲ ਬਾਦਸ਼ਾਹ ਔਰੰਗਜ਼ੇਬ ਵੱਲੋਂ ਗੁਲਾਮ ਭਾਰਤੀਆਂ ਤੇ ਕਈ ਤਰਾਂ ਦੀਆਂ ਬੰਦਸ਼ਾਂ ਲਗਾਈਆਂ ਹੋਈਆਂ ਸਨ। ਗੁਰੂ ਜੀ ਨੇ ਸਾਹ-ਸਤਹੀਣ ਹੋਏ ਲੋਕਾਂ ਵਿਚ ਸਾਹਸ ਭਰਨ ਲਈ ਅਨੰਦਪੁਰ ਸਾਹਿਬ ਦੀਆਂ ਪਹਾੜੀਆਂ ਵਿਚ ਰਣਜਿਤ ਨਗਾਰੇ ਤੇ ਚੋਟਾਂ ਲਗਵਾਈਆਂ, ਕੇਸਰੀ ਨਿਸ਼ਾਨ ਸਾਹਿਬ ਝੁਲਾਏ, ਘੋੜ-ਸਵਾਰੀ ਤੇ ਸ਼ਸਤਰ ਵਿਦਿਆ ਦਾ ਪ੍ਰਬੰਧ ਕੀਤਾ। ਇਸ ਦੇ ਨਾਲ ਹੀ ਗੁਰੂ ਜੀ ਨੇ ਲੋਕਾਂ ਅੰਦਰ ਬਹਾਦਰੀ ਪੈਦਾ ਕਰਨ ਲਈ ਬੀਰ-ਰਸੀ ਸਾਹਿਤ ਦੀ ਸਿਰਜਨਾ ਕੀਤੀ ਤੇ ਕਰਵਾਈ। ਗੁਰੂ ਜੀ ਨੇ ਐਸਾ ਬੀਰ-ਰਸੀ ਸਾਹਿਤ ਪੈਦਾ ਕੀਤਾ ਜਿਸ ਨੇ ਬੁਜ਼ਦਿਲਾਂ ਤੇ ਕਾਇਰਾਂ ਵਿਚ ਅਜਿਹੀ ਬੀਰਤਾ ਪੈਦਾ ਕੀਤੀ ਕਿ ਗੁਰੂ ਕੇ ਸਿੱਖ ਸਵਾ-ਸਵਾ ਲੱਖ ਨਾਲ ਇਕੱਲੇ ਲੜ ਗਏ।

ਉਨ੍ਹਾਂ ਨੇ ਅਖੌਤੀ ਧਾਰਮਿਕ ਲੋਕਾਂ ਵੱਲੋਂ ਕੀਤੇ ਜਾ ਰਹੇ ਪਾਖੰਡਾਂ ਦਾ ਖ਼ੂਬ ਪਾਜ ਉਘਾੜਿਆ। ਉਨ੍ਹਾਂ

**ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।*

ਆਪਣੀ ਬਾਣੀ ਵਿਚ ਪਾਖੰਡਾਂ ਅਤੇ ਕਰਮਕਾਂਡਾਂ ਦੀ ਨਿਖੇਧੀ ਕਰਦਿਆਂ ਲੋਕਾਂ ਨੂੰ ਸੱਚੇ-ਸੁੱਚੇ ਜੀਵਨ ਦੇ ਧਾਰਨੀ ਹੋਣ ਦੀ ਪ੍ਰੇਰਨਾ ਕੀਤੀ। ਗੁਰੂ ਸਾਹਿਬ ਆਪਣੀ ਬਾਣੀ ਵਿਚ ਦੱਸਦੇ ਹਨ ਕਿ ਮੂਰਤੀ-ਪੂਜਾ, ਬੁੱਤ-ਪੂਜਾ, ਤੀਰਥ ਯਾਤਰਾ ਜਾਂ ਸਮਾਧੀਆਂ ਨਾਲ ਅਕਾਲ-ਪੁਰਖ ਦੀ ਭਗਤੀ ਤੇ ਪ੍ਰਾਪਤੀ ਨਹੀਂ ਹੋ ਸਕਦੀ। ਉਨ੍ਹਾਂ ਨੇ ਧਾਰਮਿਕ ਪ੍ਰਪੰਚਾਂ ਅਤੇ ਦਿਸ਼ਾਹੀਣ ਕਰਮਕਾਂਡਾਂ ਦਾ ਖੰਡਨ ਕਰਦਿਆਂ ਲੋਕਾਂ ਨੂੰ 'ਸੱਚੇ' ਮਾਰਗ ਦੇ ਧਾਰਨੀ ਹੋਣ ਲਈ ਪ੍ਰੇਰਿਆ। ਗੁਰੂ ਜੀ ਦਾ ਫੁਰਮਾਨ ਹੈ:

*ਕਹਾ ਭਯੋ ਜੋ ਦੋਊ ਲੋਚਨ ਮੂੰਦ ਕੈ ਬੈਠਿ ਰਹਿਓ ਬਕ ਧਿਆਨ ਲਗਾਇਓ॥*
*ਨ੍ਹਾਤ ਫਿਰਿਓ ਲੀਏ ਸਾਤ ਸਮੁੰਦ੍ਰਨਿ ਲੋਕ ਗਯੋ ਪਰਲੋਕ ਗਵਾਇਓ॥*
*ਬਾਸ ਕੀਓ ਬਿਖਿਆਨ ਸੋ ਬੈਠ ਕੈ ਐਸੇ ਹੀ ਐਸੇ ਸੁ ਬੈਸ ਬਿਤਾਇਓ॥*
*ਸਾਚੁ ਕਹੌਂ ਸੁਨ ਲੇਹੁ ਸਭੈ ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭ ਪਾਇਓ॥੯॥੨੯॥*

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਕਦੇ ਵੀ ਆਪਣੇ ਆਪ ਨੂੰ ਪਰਮਾਤਮਾ ਨਹੀਂ ਅਖਵਾਇਆ ਅਤੇ ਨਾ ਹੀ ਆਪਣੇ ਨਾਮ ਤੇ ਧਰਮ ਚਲਾਇਆ, ਸਗੋਂ ਉਨ੍ਹਾਂ ਨੇ ਆਪਣੇ ਆਪ ਨੂੰ ਪਰਮਾਤਮਾ ਦਾ ਦਾਸ, ਸੇਵਕ ਦੱਸਦਿਆਂ ਸਖਤ ਹਦਾਇਤ ਕੀਤੀ ਕਿ:

*'ਜੋ ਹਮ ਕੋ ਪਰਮੇਸਰ ਉਚਿਰਹੈਂ॥ ਤੇ ਸਭ ਨਰਕ ਕੁੰਡ ਮਹਿ ਪਰਿਹੈਂ॥*
*ਮੋ ਕੌ ਦਾਸ ਤਵਨ ਕਾ ਜਾਨੋ॥ ਯਾ ਮੈ ਭੇਦ ਨ ਰੰਚ ਪਛਾਨੋ'॥੩੨॥ (ਬਚਿਤ੍ਰ ਨਾਟਕ)*

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਿਚ ਮਨੁੱਖਤਾ ਨੂੰ ਸੰਗਠਤ ਕਰਨ ਦੀ ਬਾ-ਕਮਾਲ ਸ਼ਕਤੀ ਸੀ। ਗੁਰੂ ਜੀ ਦੇ ਉਪਦੇਸ਼ਾਂ ਦਾ ਅਸਰ ਉਨ੍ਹਾਂ ਦੇ ਸੇਵਕਾਂ ਨੇ ਭਰਪੂਰ ਕਬੂਲਿਆ ਅਤੇ ਉਹ ਯੋਧੇ ਬਣ ਵਿਚਰਨ ਲੱਗੇ, ਜੋ ਆਪਣੇ ਗੁਰੂ ਸਾਹਿਬ ਦੇ ਇਕ ਇਸ਼ਾਰੇ 'ਤੇ ਜਾਨਾਂ ਵਾਰਨ ਲਈ ਹਰ ਵਕਤ ਤਿਆਰ ਰਹਿੰਦੇ। ਦਸਵੇਂ ਪਾਤਸ਼ਾਹ ਨੇ ਚਮਕੌਰ ਦੇ ਜੰਗ ਅੰਦਰ ਆਪਣੇ ਵੱਡੇ ਸਾਹਿਬਜ਼ਾਦਿਆਂ ਨੂੰ ਆਪਣੇ ਹੱਥੀਂ ਤਿਆਰ ਕਰ ਸ਼ਹਾਦਤਾਂ ਲਈ ਤੋਰਿਆ। ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਤੋਂ ਪਿਛੋਂ ਵੀ ਪਰਮਾਤਮਾ ਦਾ ਸ਼ੁਕਰ ਅਦਾ ਕੀਤਾ।

ਉਨ੍ਹਾਂ ਨੇ ਆਪਣੇ ਜੀਵਨ ਵਿਚ ਕਈ ਉਤਰਾਅ ਚੜ੍ਹਾਅ ਵੇਖੇ, ਦੁਸ਼ਮਣ ਦੇ ਘੇਰੇ ਸਮੇਂ ਭੁੱਖਾਂ ਕੱਟੀਆਂ, ਉਨੀਂਦਰੇ ਰਹੇ। ਮਾਛੀਵਾੜੇ ਦੇ ਜੰਗਲਾਂ ਵਿਚ ਨੰਗੇ ਪੈਰੀਂ ਸਫਰ ਕੀਤਾ, ਧਰਮ ਯੁੱਧ ਵਿਚ ਆਪਣਾ ਸਾਰਾ ਪਰਿਵਾਰ ਵਾਰ ਦਿੱਤਾ ਪਰ ਏਨੀਆਂ ਕਠਿਨਾਈਆਂ ਦੇ ਬਾਵਜੂਦ ਵੀ ਕੋਈ ਸ਼ਿਕਵਾ ਜਾਂ ਸ਼ਿਕਾਇਤ ਨਹੀਂ ਕੀਤੀ ਸਗੋਂ ਪਰਮਾਤਮਾ ਦਾ ਸ਼ੁਕਰਾਨਾ ਕੀਤਾ।

ਅੱਜ ਮਨੁੱਖਤਾ ਨੂੰ ਉਨ੍ਹਾਂ ਦੁਆਰਾ ਪਾਏ ਗਏ ਪੂਰਨਿਆਂ 'ਤੇ ਚੱਲਣ ਦੀ ਸਖ਼ਤ ਜ਼ਰੂਰਤ ਹੈ। ਅੱਜ ਦਾ ਮਨੁੱਖ ਉਨ੍ਹਾ ਦੁਆਰਾ ਦਿਖਾਈ ਗਈ ਕੁਰਬਾਨੀ ਅਤੇ 'ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ' ਅਨੁਸਾਰ ਕੀਤੇ ਗਏ ਪ੍ਰਣ ਨੂੰ ਭੁੱਲਦਾ ਜਾ ਰਿਹਾ ਹੈ। ਮਨੁੱਖ ਅੱਜ ਫਿਰ ਸਹਿਣਸ਼ੀਲਤਾ ਅਤੇ ਤਿਆਗ ਦੀ ਭਾਵਨਾ ਨੂੰ ਛੱਡ ਕੇ ਲਾਈਲੱਗ ਮਾਨਸਿਕਤਾ ਦਾ ਸ਼ਿਕਾਰ ਹੋ ਕੇ ਡੇਰਾਵਾਦ, ਗੁਰੂ-ਡੰਮ੍ਹ ਅਤੇ ਫੋਕਟ ਧਾਰਮਿਕ ਕਰਮ-ਕਾਂਡਾਂ ਵਿਚ ਫਸਦਾ ਜਾ ਰਿਹਾ ਹੈ। ਅੱਜ ਅਸੀਂ ਆਪਣੇ ਸ਼ਾਨਾਮੱਤੇ ਇਤਿਹਾਸ ਅਤੇ ਕੌਮੀ ਵਿਰਸੇ ਤੋਂ ਦੂਰ ਹੁੰਦੇ ਜਾ ਰਹੇ ਹਾਂ। ਇਸ ਕਰਕੇ ਸਾਨੂੰ ਇਕ-ਦੂਜੇ ਨੂੰ ਕੋਸਣ ਦੀ ਬਜਾਏ ਰਲ-ਮਿਲ ਕੇ ਕੌਮ ਨੂੰ ਤਰੱਕੀ ਦੇ ਰਾਹ 'ਤੇ ਤੋਰਨ ਦਾ ਉਪਰਾਲਾ ਕਰਨਾ ਪਵੇਗਾ ਅਤੇ ਇਸ ਰਸਤੇ 'ਤੇ ਚੱਲਦਿਆਂ ਗੁਰੂ ਸਦਾ ਅੰਗ-ਸੰਗ ਸਹਾਈ ਹੋਵੇਗਾ। ਆਓ! ਦਸ਼ਮੇਸ਼ ਪਿਤਾ ਜੀ ਦੇ ਪ੍ਰਕਾਸ਼ ਪੁਰਬ ਮੌਕੇ 'ਤੇ ਖੰਡੇ ਬਾਟੇ ਦਾ ਅੰਮ੍ਰਿਤ ਛਕੀਏ ਅਤੇ ਗੁਰੂ ਦੇ ਦਰਸਾਏ ਮਾਰਗ 'ਤੇ ਚੱਲੀਏ। ■

# ਸ਼ਹੀਦੀ ਸਪਤਾਹ ਦੀ ਦਾਸਤਾਨ

*-ਡਾ. ਰੂਪ ਸਿੰਘ**

ਪੋਖਿ ਤੁਖਾਰੁ ਪੜੈ ਵਣੁ ਤਿਣੁ ਰਸੁ ਸੋਖੈ॥ ਦੇ ਬਚਨ 'ਚ ਆਦਿ ਗੁਰੂ, ਸ੍ਰੀ ਗੁਰੂ ਨਾਨਕ ਦੇਵ ਜੀ ਸਪੱਸ਼ਟ ਕਰਦੇ ਹਨ ਕਿ ਪੋਹ ਦੇ ਮਹੀਨੇ 'ਚ ਤੁਖਾਰ, ਕੱਕਰ, ਬਰਫ਼, ਪਾਲਾ, ਠੰਡ ਪੈਣ, ਕਾਰਨ ਕੁਦਰਤ ਦੇ ਖਿੜਾਓ 'ਚ ਪਤਝੜ ਆ ਜਾਂਦੀ ਹੈ। ਸੂਰਜ ਦੀ ਗਰਮਾਇਸ਼ ਨਾ ਮਿਲਣ ਕਾਰਣ ਪ੍ਰਕਿਰਤੀ ਦੇ ਦਰੱਖਤ, ਫੁੱਲ, ਵਣ ਤ੍ਰਿਣ ਸਭ ਮੁਰਝਾ ਜਾਂਦੇ ਹਨ। ਇਸ ਕੁਦਰਤੀ ਤਬਦੀਲੀ ਕਾਰਨ ਮਨੁੱਖੀ ਮਨ-ਸਰੀਰ ਵੀ ਖੁਸ਼ਕੀ ਮਹਿਸੂਸ ਕਰਦਾ ਹੈ, ਪਰ ਜਿਹੜਾ ਮਾਨਵ ਸ਼ਕਤੀ ਤੇ ਸਦਾ ਵਿਗਾਸ ਦੇ ਅਮੁਕ ਸੋਮੇ ਕਰਤਾ ਪੁਰਖ ਨਾਲ ਆਪਣਾ ਸਦੀਵੀ ਸੰਬੰਧ ਬਣਾ ਲੈਂਦਾ ਹੈ, ਉਹ ਇਸ ਦਸ਼ਾ 'ਚ ਵੀ ਅਕਾਲ ਪੁਰਖ ਦੀ ਰਜ਼ਾ ਵਿਚ ਰਾਜ਼ੀ ਰਹਿ ਗੁਜ਼ਾਰ ਸਕਦਾ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਸਾਨੂੰ ਚੜ੍ਹਦੀ ਕਲਾ ਤੇ ਸਦਾ ਵਿਗਾਸ ਦਾ ਮਾਰਗ ਦਰਸਾਉਂਦੇ ਹਨ:

*ਪੋਖਿ ਤੁਖਾਰੁ ਨ ਵਿਆਪਈ ਕੰਠਿ ਮਿਲਿਆ ਹਰਿ ਨਾਹੁ॥* (ਪੰਨਾ ੧੩੫)

ਸਿਰਜਣਹਾਰ ਨੂੰ ਸਮਰਪਿਤ ਹੋ ਅਸੀਂ ਆਪਣਾ ਜੀਵਨ ਸੁਹਾਵਣਾ-ਸੁਖਮਈ ਬਣਾ ਸਕਦੇ ਹਾਂ। ਪੋਹ ਦੇ ਮਹੀਨੇ ਸਾਨੂੰ ਸਭ ਨੂੰ ਸਰਦੀ ਬਹੁਤ ਸਤਾਉਂਦੀ ਹੈ, ਪਰ ਅਨੰਦਪੁਰੀ ਦੇ ਅਨੰਦਮਈ ਵਾਤਾਵਰਣ, ਅਨੰਦਪੁਰ ਦੇ ੮ ਮਹੀਨੇ ਦੇ ਜ਼ਬਰਦਸਤ ਘੇਰੇ, ਅਨੰਦਪੁਰ ਨੂੰ ਛੱਡਣ, ਸਿਰਸਾ ਦੇ ਭਿਆਨਕ ਯੁੱਧ, ਪਰਿਵਾਰ ਵਿਛੋੜਾ, ਚਮਕੌਰ ਦੀ ਕੱਚੀ ਗੜੀ ਤੇ ਸਰਹਿੰਦ ਦੀਆਂ ਦੀਵਾਰਾਂ 'ਚ ਸਾਹਿਬਜ਼ਾਦਿਆਂ ਦੇ ਜੀਉਂਦੇ ਚਿਣੇ ਜਾਣ ਅਤੇ ਮਾਤਾ ਗੁਜਰੀ ਜੀ ਦੀ ਠੰਡੇ ਬੁਰਜ ਦੀ ਦਾਸਤਾਨ ਨੂੰ ਪੜ੍ਹ-ਸੁਣਕੇ-ਮਨ-ਸਰੀਰ 'ਚ ਰੋਸ-ਰੋਹ ਤੇ ਜੋਸ਼ ਦੀ ਲਹਿਰ ਦੌੜਦੀ ਹੈ। ੮ ਤੋਂ ੧੩ ਪੋਹ ਦੇ ਇਹ ਦਿਨ ਸਿੱਖ ਇਤਿਹਾਸ ਦੇ ਦਰਦਮਈ-ਗੰਭੀਰ ਪ੍ਰੀਖਿਆ ਦੇ ਦਿਨ ਸਨ। ਅਨੰਦਪੁਰ ਸਾਹਿਬ ਇਕ ਦਿਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਆਪਣੇ ਸਿੱਖਾਂ, ਸੇਵਕਾਂ ਦੀ ਪਰਖ ਕੀਤੀ, ਪੰਜ ਸਿਰਾ ਦੀ ਮੰਗ ਕਰਕੇ। ਪੰਜ ਪਿਆਰਿਆਂ ਦਾ ਰੁਤਬਾ ਹਾਸਲ ਕਰਨ ਵਾਲਿਆਂ ਨੇ ਗੁਰੂ ਚਰਨਾਂ 'ਚ ਸੀਸ ਭੇਟ ਕੀਤੇ ਤੇ ਗੁਰਦੇਵ ਨੇ ਵੀ ਗੁਰਸਿੱਖਾਂ ਨਾਲ ਅਹਿਦ ਕੀਤਾ ਕਿ ਗੁਰੂ ਗੋਬਿੰਦ ਸਿੰਘ ਸਮਾ ਆਉਣ 'ਤੇ ਆਪਣਾ ਸਰਬੰਸ ਵਾਰ ਕੇ ਸੁਰਖਰੂ ਹੋਵੇਗਾ। ਇਸ ਸ਼ਹੀਦੀ ਸਪਤਾਹ 'ਚ ਗੁਰੂ ਜੀ ਨੇ ਕੀਤੇ ਕੋਲ ਨੂੰ ਪੂਰਿਆਂ ਕੀਤਾ।

ਅਨੰਦਪੁਰ ਸਾਹਿਬ ਨੂੰ ਲਾਹੌਰ ਦੇ ਸੂਬੇਦਾਰ ਜਬਰਦਸਤ ਖਾਂ, ਸਰਹਿੰਦ ਦੇ ਸੂਬੇਦਾਰ ਤੇ ਪਹਾੜੀ ਰਾਜਿਆਂ ਨੇ ਘੇਰਾ ਪਾ ਲਿਆ। ਅੱਠ ਮਹੀਨੇ ਤੀਕ ਰਹੇ ਇਸ ਜ਼ਬਰਦਸਤ ਘੇਰੇ ਕਾਰਨ ਅਨੰਦਗੜ੍ਹ ਦੇ ਕਿਲ੍ਹੇ 'ਚ ਜਲ-ਪਾਣੀ, ਅੰਨਦਾਣਾ ਆਉਣਾ ਬੰਦ ਹੋ ਗਿਆ। ਜੇਕਰ ਸਿੰਘ ਸੂਰਮੇ ਦੁਸ਼ਮਣ ਦਲਾਂ 'ਤੇ ਹਮਲਾ ਕਰਕੇ ਅੰਨ-ਪਾਣੀ ਦਾ ਪ੍ਰਬੰਧ ਕਰਦੇ, ਇਸ ਨਾਲ ਵੀ ਆਪਣਾ ਕਾਫ਼ੀ ਜਾਨੀ ਨੁਕਸਾਨ ਹੋ ਜਾਂਦਾ। ਵਿਸ਼ਾਲ ਤੇ ਲੰਮੇਰੇ ਘੇਰੇ ਦੇ ਬਾਵਜੂਦ ਸਿੰਘ ਚੜ੍ਹਦੀ ਕਲਾ 'ਚ ਸਨ। ਮੁਸੀਬਤ ਦੇ ਸਮੇਂ ਵੀ ਸਿੱਖਾਂ ਨੇ ਸਬਰ-ਸਿਦਕ ਤੋਂ ਕੰਮ ਲਿਆ। ਦੁਸ਼ਮਣ ਦਲਾਂ ਨੇ ਦੇਖਿਆ ਇਸ ਤਰ੍ਹਾਂ ਅਸੀਂ ਅਨੰਦਗੜ੍ਹ ਦੇ ਕਿਲ੍ਹੇ 'ਤੇ ਕਾਬਜ਼ ਨਹੀਂ ਹੋ ਸਕਾਂਗੇ ਤਾਂ ਉਨ੍ਹਾਂ ਕੁਰਾਨ ਸਰੀਫ਼ ਤੇ ਗਊ ਦੀਆਂ ਕਸਮਾਂ ਖਾ ਕੇ ਕਿਹਾ ਕਿ ਜੇਕਰ ਗੁਰੂ ਜੀ ਆਪਣੇ ਸਿੰਘਾਂ ਸਮੇਤ ਕਿਲ੍ਹੇ ਨੂੰ ਖਾਲੀ ਕਰਨ ਤਾਂ ਉਨ੍ਹਾਂ ਨੂੰ ਸੁਰੱਖਿਅਤ ਲਾਂਘਾ ਦਿੱਤਾ ਜਾਵੇਗਾ। ਬਸ ਕਿਲ੍ਹਾ ਖਾਲੀ ਕਰਨ ਦੀ ਦੇਰ ਸੀ ਕਿ ਦੁਸ਼ਮਣ ਦਲਾਂ ਨੇ ਭੁੱਖੇ ਭਾਣੇ ਸਿੰਘਾਂ 'ਤੇ ਹੱਲਾ ਬੋਲ ਦਿੱਤਾ। ਪੋਹ ਦੇ ਮਹੀਨੇ,

**ਮੁੱਖ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।*

ਬਾਰਸ਼ ਸਮੇਂ ਸ਼ੂਕਦੀ ਸਰਸਾ ਨਦੀ ਦੇ ਕੰਢੇ ਭਿਆਨਕ ਯੁੱਧ ਲੜਿਆ ਗਿਆ। ਭਾਈ ਬਚਿੱਤਰ ਸਿੰਘ ਤੇ ਕੁਝ ਹੋਰ ਸੂਰਮੇ ਦੁਸ਼ਮਣਾਂ ਦਾ ਮੁਕਾਬਲਾ ਕਰਦੇ ਸ਼ਹੀਦੀ ਪਾ ਗਏ। ਬੇਸ਼ੁਮਾਰ ਕੀਮਤੀ ਸਾਹਿਤਕ ਸਰਮਾਇਆ, ਇਤਿਹਾਸਕ ਗ੍ਰੰਥ ਸਦਾ ਵਾਸਤੇ ਸਰਸਾ ਨਦੀ ਦੀ ਭੇਟ ਚੜ੍ਹ ਗਏ। ਚਾਰ ਚੁਫੇਰੇ ਦੁਸ਼ਮਣ ਦਲ ਦੀ ਘੇਰਾਬੰਦੀ ਵਿਚ ਬਹੁਤ ਸਾਰੇ ਪਿਆਰੇ ਗੁਰਸਿਖ ਸ਼ਹੀਦ ਹੋ ਚੁੱਕੇ ਸਨ ਪਰ ਬਾਦਸ਼ਾਹ ਦਰਵੇਸ਼ ਸਰਸਾ ਦੇ ਕਿਨਾਰੇ ਅੰਮ੍ਰਿਤ ਵੇਲੇ ਸੰਗਤੀ ਨਿਤਨੇਮ ਆਸਾ ਕੀ ਵਾਰ ਦਾ ਕੀਰਤਨ ਮੈਦਾਨੇ-ਜੰਗ 'ਚ ਕਰਨ ਦਾ ਆਦੇਸ਼ ਕਰਦੇ ਹਨ। ਸਰਸਾ ਕਿਨਾਰੇ ਹੀ ਕਲਗੀਧਰ ਦੇ ਪਰਿਵਾਰ ਦਾ ਸਦੀਵੀ ਵਿਛੋੜਾ ਪੈ ਗਿਆ। ਗੁਰੂ ਪਰਿਵਾਰ ਤਿੰਨ ਭਾਗਾਂ 'ਚ, ਤਿੰਨ ਦਿਸ਼ਾਵਾਂ 'ਚ ਵੰਡਿਆ ਗਿਆ। ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਦੋਨੋਂ ਵੱਡੇ ਸਾਹਿਬਜ਼ਾਦੇ ਤੇ ਗਿਣਤੀ ਦੇ ਸਿੰਘ, ਚਮਕੌਰ ਦੀ ਕੱਚੀ ਗੜ੍ਹੀ 'ਚ ਮਾਤਾ ਸੁੰਦਰੀ ਜੀ ਤੇ ਮਾਤਾ ਸਾਹਿਬ ਕੌਰ ਭਾਈ ਮਨੀ ਸਿੰਘ ਦੇ ਨਾਲ ਦਿੱਲੀ ਨੂੰ, ਮਾਤਾ ਗੁਜਰੀ ਜੀ ਤੇ ਛੋਟੇ ਸਾਹਿਬਜ਼ਾਦੇ ਗੰਗੂ ਰਸੋਈਏ ਸਾਥ ਇਕ ਪਾਸੇ ਚੱਲ ਪਏ। ਚਮਕੌਰ ਦੀ ਕੱਚੀ ਗੜ੍ਹੀ ਵੱਡੇ ਸਾਹਿਬਜ਼ਾਦਿਆਂ, ਤਿੰਨ ਪਿਆਰਿਆਂ ਤੇ ਚਾਲੀ ਸਿੰਘਾਂ ਨੇ ਦਸ ਲੱਖ ਫ਼ੌਜ ਦਾ ਮੁਕਾਬਲਾ ਜਿਸ ਸੂਰਮਗਤੀ ਨਾਲ ਕੀਤਾ ਉਸ ਨੂੰ ਵਿਸ਼ਵ ਦਾ ਸਭ ਤੋਂ ਅਸਾਵਾਂ ਯੁੱਧ ਕਿਹਾ ਜਾਂਦਾ ਹੈ। ਇਮਤਿਹਾਨ ਦੀ ਇਸ ਘੜੀ 'ਚ ਗੁਰੂ ਪਿਆਰਿਆਂ ਨੇ ਸਬਰ-ਸਿਦਕ ਤੇ ਸੂਰਮਗਤੀ ਨਾਲ ਸ਼ਹਾਦਤ ਦੀ ਦਾਸਤਾਨ ਲਿਖੀ। ਈਸਾਈ ਧਰਮ ਦੇ ਬਾਨੀ ਯਸੂ ਮਸੀਹ ਜਿਨ੍ਹਾਂ ਨੂੰ ਈਸਾ ਜੀ ਵੀ ਕਿਹਾ ਜਾਂਦਾ ਹੈ 'ਤੇ ਇਕ ਦਿਨ ਇਮਤਿਹਾਨ ਦੀ ਘੜੀ ਆਈ ਜਦ ਯਹੂਦਾ ਇਨਕਹਿਊਤੀ (ਜੂਡ) ਨਾਂ ਦੇ ਵਿਅਕਤੀ ਨੇ ਮੁਖ਼ਬਰੀ ਕਰਕੇ ਤੀਹ ਚਾਂਦੀ ਦੇ ਟੁਕੜਿਆਂ ਬਦਲੇ ਈਸਾ ਜੀ ਨੂੰ ਪਕੜਾ ਦਿਤਾ। ਸਾਹਿਬਜ਼ਾਦਿਆਂ ਤੇ ਮਾਤਾ ਗੁਜ਼ਰੀ ਜੀ ਨੂੰ ਪਕੜਾਉਣ ਦੀ ਮੁਖ਼ਬਰੀ ਗੰਗੂ ਬ੍ਰਹਾਮਣ ਨੇ ਵੀ ਧੰਨ ਦੇ ਲਾਲਚ 'ਚ ਹੀ ਕੀਤੀ ਸੀ। ਈਸਾ ਜੀ ਨੂੰ ਗ੍ਰਿਫ਼ਤਾਰ ਕਰਕੇ ਰੋਮਨ ਸ਼ਾਸਕਾਂ ਦੇ ਹਵਾਲੇ ਕੀਤਾ ਗਿਆ। ਯਸੂ ਤੇ ਉਸ ਦੇ ਦੋ ਸਾਥੀਆਂ ਨੂੰ ਸਲੀਬ (ਸੂਲੀ) 'ਤੇ ਚਾੜ੍ਹ ਕੇ ਸ਼ਹੀਦ ਕੀਤਾ। ਗ੍ਰਿਫ਼ਤਾਰੀ ਸਮੇਂ ਈਸਾ ਜੀ ਨੇ ਕਿਹਾ - ਹੇ ਪ੍ਰਭੂ ਮੈਨੂੰ ਕਿਉਂ ਭੁਲਾ ਦਿਤਾ। ਯਸੂ ਨੂੰ ਕੋੜੇ ਮਾਰੇ ਗਏ। ਯਸੂ ਦੇ ਸੂਲੀ 'ਤੇ ਚਾੜ੍ਹੇ ਜਾਣ ਤੋਂ ਪਹਿਲਾਂ ਬਚਨ ਸੀ, "ਹੇ ਮੇਰੇ ਪਿਤਾ, ਇਨ੍ਹਾਂ ਨੂੰ ਮੁਆਫ਼ ਕਰੀਂ ਕਿਉਂਕਿ ਇਹ ਨਹੀਂ ਜਾਣਦੇ ਇਹ ਕੀ ਕਰ ਰਹੇ ਹਨ।" ਇਕ ਪ੍ਰਚਲਤ ਕਥਨ ਅਨੁਸਾਰ ਯਸੂ ਨੇ ਪ੍ਰੀਖਿਆ ਸਮੇਂ ਕਿਹਾ, ਹੇ ਪਰਮਾਤਮਾ ਮੈਨੂੰ ਇਮਤਿਹਾਨ 'ਚ ਨਾ ਪਾਓ। ਪਰ ਦੂਸਰੇ ਪਾਸੇ ਚਮਕੌਰ ਦੀ ਗੜ੍ਹੀ ਤੇ ਸਰਹਿੰਦ ਦੀ ਦੀਵਾਰ ਦੇ ਇਮਤਿਹਾਨ ਸਮੇਂ ਕਿਸੇ ਨੇ ਕੋਈ ਗਿਲਾ, ਸਿਕਵਾ ਸ਼ਕਾਇਤ ਨਹੀਂ ਕੀਤੀ ਸਗੋਂ ਕਰਤੇ ਦੀ ਰਜ਼ਾ 'ਚ ਸਾਰੇ ਰਾਜ਼ੀ ਰਹੇ।

ਇਕ ਵੀ ਸਿੰਘ ਡੋਲਿਆ ਨਹੀਂ, ਅਧੀਨਗੀ, ਗ਼ੁਲਾਮੀ, ਇਸਲਾਮ ਨੂੰ ਪ੍ਰਵਾਨ ਨਹੀਂ ਕੀਤਾ ਸਗੋਂ ਸਿੱਖੀ ਸਿਦਕ ਭਰੋਸੇ ਨੂੰ ਆਖਰੀ ਸਾਹਾਂ ਤੀਕ ਨਿਭਾਇਆ। ਚਮਕੌਰ ਦੀ ਗੜ੍ਹੀ 'ਚ ਗੁਰੂ ਗੋਬਿੰਦ ਸਿੰਘ ਜੀ ਨੇ ਗੁਰੂ-ਪੰਥ ਦੀ ਸਰਵਉੱਤਾ ਨੂੰ ਪੰਜਾਂ ਪਿਆਰਿਆਂ ਦੇ ਰੂਪ 'ਚ ਸਵੀਕਾਰ ਤੇ ਸਤਿਕਾਰ ਕਰਦਿਆਂ, ਗੁਰੂ ਚੇਲੇ ਦੀ ਅਭੇਦਤਾ ਦੇ ਸਿਧਾਂਤ ਨੂੰ ਪ੍ਰਗਟ ਕੀਤਾ। ਗੁਰੂ-ਪੰਥ ਦੇ ਹੁਕਮ ਅਨੁਸਾਰ ਗੁਰੂ ਗੋਬਿੰਦ ਸਿੰਘ ਜੀ ਦੁਸ਼ਮਣ ਦਲਾਂ ਨੂੰ ਚੀਰਦੇ ਹੋਏ ਮਾਛੀਵਾੜੇ ਦੇ ਜੰਗਲਾਂ ਦੇ ਵਾਸੀ ਬਣੇ। ਅਫ਼ਗਾਨੀ ਤੇ ਤੁਖਾਰ ਦੇ ਘੋੜਿਆਂ ਦੇ ਸ਼ਾਹ ਸਵਾਰ, ਪ੍ਰਸ਼ਾਦੀ ਹਾਥੀ ਰੱਖਣ ਵਾਲੇ ਸੁਤੰਤਰ ਸਿੱਖ ਸੋਚ ਦੇ ਧਾਰਣੀ ਬਾਦਸ਼ਾਹਤ ਦੇ ਪ੍ਰਤੀਕ ਤਾਜ-ਬਾਜ, ਨਿਸ਼ਾਨ ਸਾਹਿਬ ਝੁਲਾਉਣ ਵਾਲੇ, ਨਿਗਾਰੇ 'ਤੇ ਚੋਟਾਂ ਲਗਵਾਉਣ ਵਾਲੇ ਬਾਦਸ਼ਾਹ ਦਰਵੇਸ਼ ਗੁਰੂ ਗੋਬਿੰਦ ਸਿੰਘ ਜੀ ਨੂੰ ਮਾਛੀਵਾੜੇ ਦੇ ਜੰਗਲਾਂ 'ਚ ਨੰਗੇ ਪੈਰੀ ਵਿਚਰਨਾ ਪਿਆ, ਪਰ ਕਿਧਰੇ ਗਿਲਾ, ਸ਼ਿਕਵਾ, ਸ਼ਿਕਾਇਤ ਨਹੀਂ ਸਗੋਂ ਮਿੱਤਰ ਪਿਆਰੇ ਨੂੰ ਪਿਆਰ ਨਾਲ ਕਹਿੰਦੇ ਹਨ:

*ਮਿਤ੍ਰ ਪਿਆਰੇ ਨੂੰ ਹਾਲ ਮੁਰੀਦਾਂ ਦਾ ਕਹਿਣਾ॥*
*ਤੁਧੁ ਬਿਨੁ ਰੋਗੁ ਰਜਾਈਆ ਦਾ ਓਢਣ ਨਾਗ ਨਿਵਾਸਾ ਦੇ ਰਹਿਣਾ॥* (ਦਸਮ ਗ੍ਰੰਥ)

ਮਾਤਾ ਗੁਜਰੀ ਜੀ ਤੇ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਸੂਬੇਦਾਰ ਨੇ ਬੰਦੀ ਬਣਾ, ਠੰਡੇ ਬੁਰਜ

'ਚ ਕੈਦ ਕਰ ਦਿੱਤਾ। ਬਜ਼ੁਰਗ ਮਾਤਾ ਗੁਜਰੀ ਤੇ ਨੰਨੇ-ਮੁੰਨੇ ਸਾਹਿਬਜ਼ਾਦਿਆਂ, ਗੁਰੂ ਪਰਿਵਾਰ, ਪਿਆਰੇ ਗੁਰਸਿੱਖਾਂ ਦਾ ਸਦੀਵੀ ਵਿਛੋੜਾ, ਸਫ਼ਰ ਦੀਆਂ ਦੁਸ਼ਵਾਰੀਆਂ ਦੇ ਦਰਪੇਸ਼ ਕਿਵੇਂ ਗੁਜ਼ਾਰੇ ਹੋਣਗੇ, ਠੰਡੇ ਬੁਰਜ਼ 'ਚ ਦਿਨ-ਰਾਤ? ਬੁਰਜ਼ ਆਮ ਕਰਕੇ ਕਿਲ੍ਹਿਆਂ, ਸ਼ਾਹੀ ਮਹਿਲਾਂ ਦੇ ਕਿਨਾਰੇ, ਖੁਲ੍ਹੇ 'ਚ ਉੱਚੇ ਉਸਾਰੇ ਜਾਂਦੇ ਹਨ ਜਿਨ੍ਹਾਂ ਰਾਹੀਂ ਸੁਰੱਖਿਆ ਕਰਮਚਾਰੀ ਸੁਰੱਖਿਆ ਕਰਦੇ ਹਨ। ਬੁਰਜ਼ ਗੋਲਕਾਰ, ਚੌਕੋਣੇ ਜਾਂ ਅਠਕੋਣੇ ਹੁੰਦੇ ਹਨ, ਜਿਨ੍ਹਾਂ ਤੋਂ ਸੁਰੱਖਿਆ ਕਰਮੀ ਚੁਫੇਰੇ ਦੇਖ ਸਕੇ। ਪੋਖ ਤੁਖਾਰ ਦਾ ਮਹੀਨਾ, ਉੱਚਾ ਖੁੱਲ੍ਹਾ ਬੁਰਜ, ਨੇੜੇ ਪਾਣੀ ਦੀ ਖਾਈ, ਖੁਲ੍ਹੇ ਖੇਤਰ ਦੀਆਂ ਬਰਫ਼ੀਲੀਆਂ ਸੀਤਲ ਹਵਾਵਾਂ, ਦੂਸਰੇ ਪਾਸੇ ਸਮੇਂ ਤੇ ਮੁਸੀਬਤਾਂ ਨਾਲ ਜੂਝ ਰਹੀ ੮੩ ਸਾਲਾ ਦੀ ਬਜ਼ੁਰਗ ਮਾਤਾ ਨੇ ਬਾਲ ਵਰੇਸ ਦੇ ਆਪਣੇ ਪੋਤਰਿਆਂ ਨੂੰ ਕਿਵੇਂ ਆਪਣੇ ਬਜ਼ੁਰਗ ਸਰੀਰ ਦੀ ਗਰਮਾਇਸ਼ ਨਾਲ ਗਰਮ ਰੱਖਿਆ ਹੋਵੇਗਾ? ਕਲਪਨਾ ਕਰਨੀ ਮੁਸ਼ਕਿਲ ਹੈ, ਸੋਚ ਸ਼ਕਤੀ ਸਾਥ ਨਹੀਂ ਦੇਂਦੀ। ਕੁਦਰਤੀ ਨੇਮ ਅਨੁਸਾਰ ਬਾਲਾਂ ਤੇ ਬਜ਼ੁਰਗਾਂ ਨੂੰ ਸਰਦੀ ਛੇਤੀ ਪੋਂਹਦੀ ਤੇ ਸਤਾਉਂਦੀ ਹੈ। ਕਿਤਨੀ ਮਹਾਨ-ਅਦੁੱਤੀ ਤੇ ਵਿਸ਼ੇਸ ਹੈ, ਸਾਡੀ ਇਹ ਸਤਿਕਾਰਤ ਮਾਤਾ ਜੋ ਪੋਹ ਦੇ ਇਨ੍ਹਾਂ ਦਿਨ੍ਹਾਂ 'ਚ ਆਪਣੇ ਪੋਤਰਿਆਂ ਨੂੰ ਸਬਰ-ਸਿਦਕ ਸ਼ਹੀਦੀ ਦਾ ਪਾਠ ਦ੍ਰਿੜ ਕਰਵਾ ਗਈ। ਵਜ਼ੀਰ ਖਾਂ ਦੀ ਕਚਹਿਰੀ 'ਚ ਭੇਜਣ ਸਮੇਂ ਮਾਤਾ ਗੁਜਰੀ ਜੀ ਨੂੰ ਪਤਾ ਸੀ ਕਿ ਮੇਰੇ ਲਾਡਲੇ ਲਾਲ ਦੇ ਲਾਲਾਂ ਨੇ ਵਾਪਸ ਨਹੀਂ ਆਉਣਾ ਸਗੋਂ ਵਿਰਸੇ-ਵਿਰਾਸਤ ਨੂੰ ਜਿੰਦਾ ਰੱਖਣ, ਸਿੱਖੀ ਦੀਆਂ ਨੀਹਾਂ ਨੂੰ ਮਜਬੂਤ ਕਰਨ ਲਈ ਸ਼ਹੀਦ ਹੋ ਜਾਣਾ ਹੈ। ਸੂਬੇਦਾਰ ਸਰਹਿੰਦ ਵਜ਼ੀਰ ਖਾਂ ਤੇ ਕਾਜ਼ੀ ਵੱਲੋਂ ਵਕਤੀ-ਖੁਸ਼ਾਮਦ ਭਰਪੂਰ ਫਤਵਾ ਸੁਨਾਉਣ 'ਤੇ ਗੁਰੂ ਗੋਬਿੰਦ ਸਿੰਘ ਦੇ ਛੋਟੇ ਸਾਹਿਬਜ਼ਾਦਿਆਂ ਨੂੰ ਬਾਲ ਵਰੇਸ ਨੀਂਹਾਂ 'ਚ ਚਿਣ-ਸ਼ਹੀਦ ਕਰ ਦਿੱਤਾ ਗਿਆ। ਬਾਬਾ ਫਤਹਿ ਸਿੰਘ ਜੀ, ਗੁਰੂ ਗੋਬਿੰਦ ਸਿੰਘ ਦੇ ਲਾਡਲੇ ਲਾਲ ਛੋਟੇ ਸਾਹਿਬਜ਼ਾਦੇ ਸਨ ਜਿਨ੍ਹਾਂ ਦੀ ਅਗਵਾਈ 'ਚ ਗੁਰੂ ਦੀਆਂ ਲਾਡਲੀਆਂ ਫ਼ੌਜਾਂ ਨਿਹੰਗ ਸਿੰਘ ਕਾਰਜਸ਼ੀਲ ਸਨ। ਫਤਹਿਗੜ੍ਹ ਸਾਹਿਬ ਦੀ ਧਰਤ ਸੁਹਾਵੀ 'ਤੇ ਮਾਤਾ ਗੁਜ਼ਰੀ ਜੀ ਨੇ ਆਪਣੇ ਲਾਡਲੇ ਪੋਤਰੇ ਬਾਬਾ ਫਤਹਿ ਸਿੰਘ ਨਾਲ ਅਨੰਦਪੁਰੀ 'ਚ ਕੀਤਾ ਕਰਾਰ ਪੂਰਾ ਕੀਤਾ। ਬਾਬਾ ਫਤਹਿ ਸਿੰਘ ਕੇਵਲ ਦੋ ਸਾਲ ਦੀ ਬਾਲ ਵਰੇਸ 'ਚ ਸਨ ਕਿ ਮਾਤਾ ਜੀਤੋ ਜੀ ਅਕਾਲ ਚਲਾਣਾ ਕਰ ਗਏ। ਦਾਦੀ ਮਾਂ ਨੂੰ ਆਪਣੇ ਮਾਂ-ਮਿਟਰ ਪੋਤਰੇ ਦੀ ਪਾਲਣਾ ਕਰਨੀ ਪਈ। ਬਾਬਾ ਫਤਹਿ ਸਿੰਘ ਮਾਂ ਦੀ ਮੰਗ ਕਰਦੇ ਹਨ-ਮੇਰੀ ਮਾਂ ਕਿਥੇ ਹੈ? ਮੈਂ ਮਾਂ ਪਾਸ ਜਾਣਾ ਹੈ। ਸਾਹਿਬਜ਼ਾਦੇ ਨੂੰ ਵਰਚਾਉਣ ਵਾਸਤੇ ਭਾਈ ਚੌਪਾ ਸਿੰਘ ਘੋੜਾ ਬਣਦਾ ਹੈ, ਖਿਡੌਣੇ ਤੇ ਮਠਿਆਈਆਂ ਦਿਤੀਆਂ ਜਾਂਦੀਆਂ ਹਨ ਪਰ ਫਿਰ ਵੀ ਬਾਬਾ ਫਤਹਿ ਸਿੰਘ ਮਾਂ ਨੂੰ ਮਿਲਣਾ ਲੋਚਦੇ ਹਨ। ਮਾਂ ਗੁਜ਼ਰੀ ਜੀ ਵੱਡਾ ਦਿਲ ਕਰਕੇ ਕਹਿੰਦੀ ਹੈ, ਪੁੱਤ ਤੇਰੀ ਮਾਂ ਸੱਚ-ਖੰਡ ਚਲੀ ਗਈ-ਸਾਜਿਬਜ਼ਾਦਾ ਕਹਿੰਦਾ ਮੈਂ ਵੀ ਮਾਂ ਪਾਸ ਸਚ-ਖੰਡ ਜਾਣਾ ਹੈ। ਮਾਤਾ ਗੁਜ਼ਰੀ ਸੁਭਾਵਿਕ ਕਹਿੰਦੀ ਹੈ ਲਾਲ ਜਿਸ ਦਿਨ ਤੂੰ ਸਚ-ਖੰਡ ਜਾਵੇਗਾ ਤੇਰੀ ਦਾਦੀ ਮਾਂ ਵੀ ਨਾਲ ਜਾਵੇਗੀ! ਤੇਰੀ ਦਾਦੀ ਮਾਂ ਦਾ ਵੀ ਧਰਤੀ 'ਤੇ ਉਹ ਆਖਰੀ ਦਿਨ ਹੋਵੇਗਾ। ਮਾਤਾ ਗੁਜ਼ਰੀ ਜੀ ਨੇ ਬਾਬਾ ਫਤਹਿ ਸਿੰਘ ਨਾਲ ਅਨੰਦਪੁਰੀ ਦੀ ਧਰਤੀ 'ਤੇ ਕੀਤਾ ਕਰਾਰ ਸਰਹਿੰਦ ਦੀ ਧਰਤੀ 'ਤੇ ਪੂਰਾ ਕਰ ਦਿਖਾਇਆ। ਜਦ ਦਾਦੀ ਮਾਂ, ਮਾਂ ਗੁਜ਼ਰੀ ਨੂੰ ਖ਼ਬਰ ਮਿਲੀ ਕਿ ਤੇਰੇ ਪੋਤਰੇ ਸ਼ਹੀਦ ਹੋ ਚੁੱਕੇ ਹਨ ਮਾਂ ਵੀ ਆਪਣੇ ਪੋਤਰਿਆਂ ਨਾਲ ਹੀ ਸਚਖੰਡ ਧਿਆਨਾ ਕਰ ਗਈ।

ਚਲੋਂ ਮੇਰੇ ਹੀਰਿਓ ! ਮੈਂ ਮਗਰੇ ਆਵਾਂ। ਪੁਤਾਂ ਪਿਛੋਂ ਜਿਉਂਦੀਆਂ ਕਦ ਸੁਣੀਆਂ ਮਾਵਾਂ।

ਸਾਹਿਬਜ਼ਾਦਿਆਂ ਦੇ ਵਾਰਸ ਸਦਵਾਉਣ ਵਾਲਿਓ! ਇਨ੍ਹਾਂ ਦਿਨਾਂ 'ਚ ਮਹਿਸੂਸ ਕਰਕੇ ਦੇਖੋ ਮਾਤਾ ਗੁਜ਼ਰੀ ਜੀ ਆਪਣੇ ਪੁੱਤ-ਪੋਤਰਿਆਂ ਦੀ ਸਲਾਮਤੀ ਵਾਸਤੇ ਬਜ਼ੁਰਗ ਹੱਥਾਂ ਨਾਲ ਦੁਆ ਕਰਦੀ ਨਜ਼ਰ ਆਵੇਗੀ। ਸਰਹਿੰਦ ਦਾ ਸ਼ਹੀਦੀ ਸਾਕਾ ਵਾਪਰਨ 'ਤੇ ਸੰਸਾਰ 'ਤੇ ਹਾਹਾਕਾਰ ਮਚ ਗਈ। ਇਤਨਾ ਜ਼ਬਰ-ਜ਼ੁਲਮ, ਤਸ਼ੱਦਦ, ਲਾਲ ਹਨੇਰੀ ਝੁੱਲੀ। ਅਜਿਹਾ ਹੀ ਸ਼ਹੀਦੀ ਸਾਕਾ ਪਹਿਲਾਂ ਸੀਸਗੰਜ, ਚਾਂਦਨੀ ਚੌਂਕ ਦਿੱਲੀ 'ਚ ਦਿਨ-ਦਿਹਾੜੇ ਵਾਪਰ ਚੁੱਕਾ ਸੀ, ਜਿਸ ਬਾਰੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਕਿਹਾ ਸੀ:

*ਤੇਗ ਬਹਾਦਰ ਕੇ ਚਲਤ ਭਯੋ ਜਗਤ ਕੋ ਸੋਕ॥*
*ਹੈ ਹੈ ਹੈ ਸਭ ਜਗ ਭਯੋ ਜੈ ਜੈ ਜੈ ਸੁਰ ਲੋਕ॥੧੬॥* (ਦਸਮ ਗ੍ਰੰਥ)

ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਦੀ ਸ਼ਹੀਦੀ ਦੀ ਦਾਸਤਾਨ ਸੁਣਕੇ ਸਤਿਗੁਰੂ ਜੀ ਗਮਗੀਨ ਨਹੀਂ ਹੋਏ ਸਗੋਂ ਫ਼ਖਰ ਨਾਲ ਕਿਹਾ ਸੀ:

*ਇਨ ਪੁਤ੍ਰਨ ਕੇ ਸੀਸ ਮੈ ਵਾਰ ਦੀਏ ਸੁਤ ਚਾਰ।*
*ਚਾਰ ਮੁਏ ਤੋਂ ਕਿਆ ਭਲਾ ਜੀਵਤ ਕਈ ਹਜ਼ਾਰ।*

ਦਸਮੇਸ਼ ਪਿਤਾ ਨੇ ਸਾਡੇ ਨਾਲ ਇਕ ਇਕਰਾਰ ਕੀਤਾ ਸੀ ਜੋ ਪੂਰਾ ਕੀਤਾ:

ਪਹਿਲੇ ਪਿਤਾ ਕਟਾਯਾ ਅਬ ਬੇਟੇ ਕਟਾਉਗਾ।ਨਾਨਕ ਕਾ ਬਾਗ ਖੂਨਿ ਜਿਗਰ ਸੇ ਖਿਲਾਉਗਾ।

ਸਰਹਿੰਦ ਦੇ ਦਰਦਮਈ ਸਾਕੇ 'ਤੇ ਨਵਾਬ ਮਲੇਰਕੋਟਲੇ, ਮੋਤੀ ਰਾਮ ਮਹਿਰੇ ਤੇ ਦੀਵਾਨ ਟੋਡਰ ਮਲ ਨੇ ਹਾਅ ਦਾ ਨਾਅਰਾ ਮਾਰਿਆ, ਜਿਸ ਸਦਕਾ ਸਿੱਖ ਹਮੇਸ਼ਾਂ ਇਨ੍ਹਾਂ ਨੂੰ ਸਤਿਕਾਰ ਨਾਲ ਯਾਦ ਕਰਦੇ ਹਨ। ਬਹੁਤ ਸਾਰੇ ਦਾਨਿਸ਼ਮੰਦ-ਲੇਖਕਾਂ, ਕਵੀਆਂ ਨੇ ਕਲਮਾਂ ਦੀ ਜ਼ੋਰ-ਅਜ਼ਮਾਈ ਕਰਕੇ ਇਸ ਅਨੋਖੀ ਸ਼ਹੀਦੀ ਦਾਸਤਾਨ ਨੂੰ ਰੂਪਮਾਨ ਕਰ, ਸ਼ਰਧਾ ਸਤਿਕਾਰ ਭੇਂਟ ਕਰਨ ਦਾ ਯਤਨ ਕੀਤਾ। ਇਹ ਦਾਸਤਾਨ ਹਮੇਸ਼ਾ ਚਲਦੀ ਰਹੇਗੀ। ਹਿੰਦੀ ਦੇ ਪ੍ਰਸਿੱਧ ਕਵੀ ਮੈਥਲੀ ਸ਼ਰਨ ਗੁਪਤ ਨੇ ਆਪਣੇ ਦਿਲ ਦੇ ਵਲਵਲਿਆ ਨੂੰ ਇਸ ਤਰ੍ਹਾਂ ਪ੍ਰਗਟ ਕੀਤਾ ਹੈ:

*ਜਿਸ ਕੁਲ ਜਾਤਿ ਦੇਸ਼ ਕੇ ਬਚੇ, ਦੇ ਸਕਤੇ ਹੈ ਯੋ ਬਲੀਦਾਨ।*
*ਉਸ ਕਾ ਵਰਤਮਾਨ ਕੁਝ ਭੀ ਹੋ ਪਰ ਭਵਿਸ਼ਯ ਹੈ ਅਰ ਮਹਾਨ।*

ਦਸ਼ਮੇਸ਼ ਪਿਤਾ ਨੇ ਸਿੱਖੀ ਦੇ ਬਾਗ ਨੂੰ ਪਿਤਾ, ਸਾਹਿਬਜ਼ਾਦਿਆਂ, ਬਜ਼ੁਰਗ ਮਾਤਾ ਗੁਜਰੀ ਜੀ, ਮਹਾਨ ਗੁਰਸਿੱਖਾਂ ਦੇ ਪਵਿੱਤਰ ਖੂਨ ਨਾਲ ਸਿੰਝ ਕੇ ਖੜਾਓ ਬਖ਼ਸ਼ਿਸ਼ ਕੀਤਾ ਤਾਂ ਕਿ ਸਦਾ ਚੜ੍ਹਦੀ ਕਲਾ, ਸਦਾ ਵਿਗਾਸ 'ਚ ਹਮੇਸ਼ਾ ਵਿਗਸਦਾ ਰਹੇ। ਪਰ ਸਿੱਖ ਸਦਵਾਉਣ ਵਾਲਿਓ ਦਸ਼ਮੇਸ਼ ਪਿਤਾ ਨੇ ਕਦੇ ਕਿਸੇ ਨੂੰ ਗੁਰੂ ਨਾਨਕ ਸਾਹਿਬ ਦੇ ਸਦਾ ਬਹਾਰ ਬਾਗ, 'ਨਾਨਕ ਨਿਰਮਲ ਪੰਥ' ਨੂੰ ਬਰਬਾਦ ਕਰਨ ਦਾ ਹੱਕ ਨਹੀਂ ਦਿੱਤਾ! ਇਨ ਪੁਤਰਨ ਦਾ ਇਹ ਕਰਮ ਧਰਮ ਨਹੀਂ। ਉਹ ਸਿੱਖੀ ਸਰੂਪ, ਵਿਚਾਰਧਾਰਾ, ਮਰਯਾਦਾ ਤੇ ਪਰੰਪਰਾ ਨਾਲ ਖਿਲਵਾੜ ਕਰਨ। ਸਾਹਿਬਜ਼ਾਦਿਆਂ ਦੇ ਇਹ ਬੋਲ ਸਾਨੂੰ ਕਦੇ ਵੀ ਨਹੀਂ ਭੁਲਨੇ ਚਾਹੀਦੇ:

*ਹਮ ਜਾਨ ਦੇ ਕੇ ਔਰੋਂ ਕੀ ਜਾਨੇ ਬਚਾ ਚਲੇ।*
*ਸਿਖੀ ਕੀ ਨੀਂਵ ਹਮ ਹੈਂ ਸਰੋਂ ਪਿ ਉਠਾ ਚਲੇ।*

ਇਕ ਪੁਰਾਤਨ ਰੀਤ ਸੀ ਜਦ ਵੀ ਗੁਰੂ ਮਾਰੀ ਸਰਹਿੰਦ, ਕੋਈ ਗੁਰੂ ਦਾ ਸਿੱਖ ਜਾਂਦਾ ਤਾਂ ਦੋ ਚਾਰ ਇੱਟਾਂ ਜ਼ਰੂਰ ਤੋੜਦਾ ਹੋਇਆ, ਰੋਸ ਤੇ ਰੋਹ ਦਾ ਇਜ਼ਹਾਰ ਕਰਦਾ। ਇਕ ਦਿਨ ਅਜਿਹਾ ਆਇਆ ਬਾਬਾ ਬੰਦਾ ਸਿੰਘ ਬਹਾਦਰ ਨੇ ਦਸ਼ਮੇਸ਼ ਪਿਤਾ ਤੋਂ ਥਾਪੜਾ ਪ੍ਰਾਪਤ ਕਰ ਸਰਹਿੰਦ ਦੀ ਇੱਟ-ਨਾ-ਇੱਟ ਖੜਕਾ ਦਿੱਤੀ... ਬਸਤੀ ਸਰਹੰਦ ਸ਼ਹਿਰ ਕੀ ਈਟੋ ਕਾ ਢੇਰ ਥੀ... ਇਹ ਰੋੜੀ ਅੰਗਰੇਜ਼ ਰਾਜ ਕਾਲ ਸਮੇਂ ਰੇਲਵੇ ਲਾਈਨ ਵਿਛਾਉਣ ਸਮੇਂ ਪਟੜੀ 'ਤੇ ਪਾਉਣ ਦੇ ਕੰਮ ਆਈ।

ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਕਥਨੀ-ਕਰਨੀ ਤੇ ਕਿਰਦਾਰ ਦੇ ਸੂਰਮੇ-ਸ਼ਹੀਦ ਸਨ। ਇਸ ਸ਼ਹੀਦੀ ਸਪਤਾਹ ਸਮੇਂ ਸਾਡਾ ਕਾਰ-ਵਿਹਾਰ, ਅਚਾਰ, ਰਹਿਣ-ਸਹਿਣ, ਬੋਲ-ਚਾਲ ਤੇ ਖਾਣ-ਪੀਣ 'ਚ ਅੰਤਰ ਦਿਖਾਈ ਦੇਣਾ ਚਾਹੀਦੀ ਹੈ। ਪਰ ਸਿਖ ਸੋਚ ਸ਼ਕਤੀ ਨੂੰ ਤਾਂ ਦੀਮਕ ਲਗਦੀ ਭਾਸਦੀ ਹੈ। ਸਾਨੂੰ ਇਹ ਪਤਾ ਹੋਣਾ ਚਾਹੀਦਾ ਹੈ ਕਿ ਸਿਉਂਕ ਲੱਗੀ ਲਕੜੀ ਤਾਂ ਬਲਣ ਯੋਗ ਵੀ ਨਹੀਂ ਹੁੰਦੀ। ਨਿੱਜੀ ਰੂਪ ਵਿਚ ਅਸੀਂ ਭਾਵੇਂ ਸਾਰੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰੀ ਨੂੰ ਸ਼ਰਧਾ ਸਤਿਕਾਰ ਭੇਂਟ ਕਰਨ ਲਈ ਨਹੀਂ ਪਹੁੰਚ ਸਕਦੇ, ਪਰ ਸਾਨੂੰ ਇਨ੍ਹਾਂ ਦਿਨਾਂ ਦੇ ਸਦਮੇ ਦਾ ਅਹਿਸਾਸ ਜ਼ਰੂਰ ਹੋਣਾ

ਚਾਹੀਦਾ ਹੈ। ਅਹਿਸਾਸ ਇਹ ਹੋਵੇ ਕਿ ਇਹ ਸਾਡਾ ਕੌਮੀ ਸ਼ਹੀਦੀ ਸਪਤਾਹ ਹੈ, ਇਸ ਦੌਰਾਨ ਅਸਾਂ ਨੇ ਖੁਸ਼ੀ ਦੇ ਪ੍ਰੋਗਰਾਮ ਨਹੀਂ ਰੱਖਣੇ, ਇਸ ਕੌਮੀ ਸਭਾ ਦੇ ਦਿਨਾਂ 'ਚ ਗੰਭੀਰਤਾ ਹੋਵੇ ਤੇ ਗਮ ਦਾ ਅਹਿਸਾਸ।

ਗੁਰੂ ਸਵਾਰੇ ਸਿੱਖੋ ਇਨ੍ਹਾਂ ਦਿਨਾਂ 'ਚ ਤੁਹਾਡੇ ਪਾਸੋਂ ਸੁਹਿਦਤਾ, ਗਮਗੀਨਤਾ, ਗੰਭੀਰਤਾ, ਦਾਨਿਸ਼ਮੰਦੀ ਦੀ ਖੁਸ਼ਬੂ ਆਉਣੀ ਚਾਹੀਦੀ ਹੈ ਨਾ ਕਿ ਖ਼ੁਦਗਰਜ਼ੀ, ਲਾਲਸਾ ਵੱਸ ਖੁਸ਼ਾਮਦ ਕਰਕੇ ਇਨ੍ਹਾਂ ਗਹਿਰ-ਗੰਭੀਰ ਵਿਰਾਸਤੀ ਇਤਿਹਾਸਕ ਪਲਾਂ ਨੂੰ ਗਵਾਉਣ ਦੀ ਬਦਬੂ। ਸਾਹਿਬਜ਼ਾਦਿਆਂ, ਪੋਖ ਤੁਖਾਰ ਦੀਆਂ ਬਰਫ਼ੀਲੀਆਂ ਰਾਤਾਂ ਕਿਵੇਂ ਠੰਡੇ ਬੁਰਜ 'ਚ ਬਜ਼ੁਰਗ ਮਾਤਾ ਗੁਜਰੀ ਜੀ ਨਾਲ ਗੁਜ਼ਾਰੀਆਂ ਸਨ? ਇਨ੍ਹਾਂ ਪਲਾਂ ਦਾ ਅਹਿਸਾਸ ਕਰਨ ਵਾਸਤੇ ਕਲਪਨਾ ਕਰਨੀ ਚਾਹੀਦੀ ਹੈ। ਜੇਕਰ ਸੁਹਿਰਦ ਸਿਖਾਂ ਨੂੰ ਸਮਾਂ ਹੋਵੇ ਤਾਂ!

ਕਿਸੇ ਦਾ ਬੜਾ ਪਿਆਰਾ ਵਿਚਾਰ ਹੈ ਕਿ ਜਦ ਘਰ ਨੂੰ ਅੱਗ ਲਗ ਜਾਵੇ ਤਾਂ ਪਹਿਲਾਂ ਅੱਗ ਬੁਝਾਈ ਜਾਂਦੀ ਹੈ ਨਾਂ ਕਿ ਅੱਗ ਦੇ ਕਾਰਨਾਂ ਦੀ ਪੜਤਾਲ ਕੀਤੀ ਜਾਂਦੀ ਹੈ। ਅਸੀਂ ਸਿੱਖ ਸਦਵਾਉਣ ਵਾਲੇ ਅੱਜ ਮਹਾਨ ਵਿਰਸੇ-ਵਿਰਾਸਤ ਨਾਲੋਂ ਦੂਰ ਹੋ ਸਿੱਖੀ ਸਰੂਪ, ਸਿਧਾਂਤ ਤੇ ਮਰਯਾਦਾ ਨੂੰ ਤਿਲਾਂਜਲੀ ਦੇ ਰਹੇ ਹਾਂ। ਅਸੀਂ ਬਚਾਅ ਪੱਖ ਬਾਰੇ ਗੰਭੀਰ ਨਹੀਂ ਸਗੋਂ ਇਕ ਦੂਸਰੇ 'ਤੇ ਦੂਸ਼ਣਬਾਜ਼ੀ ਕਰ ਕੇ ਜ਼ਿੰਮੇਵਾਰੀ ਤੋਂ ਫ਼ਾਰਗ ਹੋ ਰਹੇ ਹਾਂ। ਅਨੰਦਪੁਰ ਸਾਹਿਬ ਦੇ ਅਨੰਦਮਈ ਵਾਤਵਰਣ ਤੋਂ ਚਮਕੌਰ ਦੀ ਕੱਚੀ ਗੜੀ ਤੇ ਸਰਹਿੰਦ ਦੀਆਂ ਦੀਵਾਰਾਂ ਤੀਕ ਦੇ ਸਫ਼ਰ ਦੀ ਅਕੱਥ ਕਹਾਣੀ ਲੋਕ ਮਾਨਸਿਕਤਾ 'ਚ ਘਰ ਕਰ ਚੁੱਕੀ ਹੈ। ਭਾਵੇਂ ਕਿ ਇਸ ਨੂੰ ਵਰਣਨ ਕਰਨ ਲਈ ਸਿੱਖ ਇਤਿਹਾਸ ਰਚਿਆ ਜਾ ਚੁਕਾ ਹੈ ਪਰ ਦਰਦ ਦੀ ਦਾਸਤਾਨ ਨੂੰ ਥੋੜਾ ਬਹੁਤਾ ਮਹਿਸੂਸ ਤਾਂ ਕੀਤਾ ਜਾ ਸਕਦਾ ਹੈ, ਪਰ ਮੁਕੰਮਲ ਰੂਪ 'ਚ ਰੂਪਮਾਨ ਕਰਨਾ ਅਸੰਭਵ ਹੈ।ਸ਼ਹੀਦੀ ਸਾਕੇ ਦੀ ਦਾਸਤਾਨ ਤਿਆਗ, ਕੁਰਬਾਨੀ,ਧਾਰਮਿਕ, ਸਮਾਜਿਕ ਸੁਤੰਤਰਤਾ, ਸਵੈ ਵਿਸ਼ਵਾਸ, ਸੱਚ, ਸਬਰ, ਸਿਦਕ, ਸ਼ਹਾਦਤ ਦੀ ਅਨੋਖੀ ਦਾਸਤਾਨ ਹੈ। ਇਸ ਕੌਮੀ ਸਭਾ ਦਾ ਮੂਲ ਮਨੋਰਥ ਤੇ ਉਦੇਸ਼ ਸਾਹਿਬਜ਼ਾਦਿਆਂ ਤੇ ਬਜ਼ੁਰਗ ਮਾਤਾ ਗੁਜ਼ਰੀ ਜੀ ਦੀ ਸ਼ਹੀਦੀ ਦਾਸਤਾਨ ਨੂੰ ਯਾਦ ਕਰ ਮਹਾਨ ਵਿਰਸੇ ਨਾਲ ਜੁੜਨਾ ਹੈ। ਦੂਸਣਬਾਜ਼ੀ ਵਾਲੀ ਦੁਸਟ ਸਭਾ ਤੋਂ ਪਰਹੇਜ਼ ਕਰਦੇ ਹੋਏ ਸੰਤ ਸਭਾ 'ਚ ਸ਼ਾਮਲ ਹੋ ਧਰਮੀਆਂ ਦਾ ਜੈਕਾਰ ਕਰਨਾ ਹੈ। ਆਉ ਇਨ੍ਹਾਂ ਦਿਨਾਂ 'ਚ ਗੁਰਮੁਖਾਂ ਵਾਂਗ ਸਫ਼ਾ ਵਿਛਾ ਕੇ ਸਭਾ 'ਚ ਬੈਠੀਏ ਤੇ ਯਾਦ ਕਰੀਏ ਮਹਾਂਨ ਕੁਰਬਾਨੀ ਨੂੰ...।

■

## ਅੰਮ੍ਰਿਤ ਸੰਚਾਰ

***ਸ੍ਰੀ ਅਕਾਲ ਤਖ਼ਤ ਸਹਿਬ ਵਿਖੇ ਹਰ ਬੁੱਧਵਾਰ ਤੇ ਐਤਵਾਰ ਨੂੰ ਦੁਪਹਿਰ ੧੨:੦੦ ਵਜੇ ਅੰਮ੍ਰਿਤ-ਸੰਚਾਰ ਹੁੰਦਾ ਹੈ। ਅੰਮ੍ਰਿਤ ਅਭਿਲਾਖੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋ ਕੇ ਅੰਮ੍ਰਿਤਪਾਨ ਕਰ ਕੇ ਗੁਰੂ ਵਾਲੇ ਬਣਨ।***

# ਮਹਾਨ ਸ਼ਹੀਦ: ਮਾਤਾ ਗੁਜਰੀ ਜੀ

*-ਡਾ. ਰਛਪਾਲ ਸਿੰਘ**

ਸਿੱਖ ਇਤਿਹਾਸ ਸ਼ਹੀਦਾਂ ਦਾ ਇਤਿਹਾਸ ਹੈ ਅਤੇ ਸਿੱਖ ਪੰਥ ਦੀ ਨੀਂਹ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੁਆਰਾ 'ਸ਼ਹੀਦੀ ਆਧਾਰਸ਼ਿਲ੍ਹਾ' ਉੱਪਰ ਹੀ ਰੱਖੀ ਗਈ ਹੈ:

*ਜਉ ਤਉ ਪ੍ਰੇਮ ਖੇਲਣ ਕਾ ਚਾਉ॥ ਸਿਰੁ ਧਰਿ ਤਲੀ ਗਲੀ ਮੇਰੀ ਆਉ॥*
*ਇਤੁ ਮਾਰਗਿ ਪੈਰੁ ਧਰੀਜੈ॥ ਸਿਰੁ ਦੀਜੈ ਕਾਣਿ ਨ ਕੀਜੈ॥ (ਪੰਨਾ ੧੪੧੨)*

ਦੂਜੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਨੇ ਭਾਈ ਮੱਲੂ ਜੀ ਦੇ ਪੁੱਛਣ 'ਤੇ ਉਪਦੇਸ਼ ਕੀਤਾ ਸੀ "ਭਾਈ ਮੱਲੂ! ਯੁੱਧ ਕਰਦੇ ਥੋੜ੍ਹਿਆਂ-ਬਹੁਤਿਆਂ ਦੀ ਪਰਵਾਹ ਨਹੀਂ ਕਰਨੀ।" ਸ੍ਰੀ ਗੁਰੂ ਅਰਜਨ ਦੇਵ ਜੀ ਨੇ ਵੀ ਪਹਿਲਾ ਮਰਣੁ ਕਬੂਲਿ ਜੀਵਣ ਕੀ ਛਡਿ ਆਸ ਦਾ ਉਪਦੇਸ਼ ਦਿੱਤਾ ਅਤੇ ਨਾਲ ਹੀ ਫੁਰਮਾਇਆ, 'ਜੋ ਸ਼ਸਤਰ ਦਾ ਵਾਰ ਸਹਿੰਦੇ ਸ਼ਹੀਦ ਹੁੰਦਾ ਹੈ, ਉਸ ਨੂੰ ਏਨਾ ਵੱਡਾ ਪਰਮ-ਅਨੰਦ ਪ੍ਰਾਪਤ ਹੁੰਦਾ ਹੈ ਜੋ ਹਜ਼ਾਰਾਂ ਸਾਲ ਤਪ ਕਰ ਕੇ ਕਿਸੇ ਜੋਗੀ ਨੂੰ ਵੀ ਨਹੀਂ ਮਿਲਦਾ।" ਇਸੇ ਸ਼ਹੀਦੀ ਪਰੰਪਰਾ ਦੇ ਸਬੰਧ ਵਿਚ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਬਚਨ ਕੀਤਾ ਕਿ ਕੋਲ ਆਏ ਮਹਿਮਾਨ ਲਈ 'ਦੇਗ' ਅਤੇ ਸਿਰ ਫਿਰੇ ਆਕੀ ਲਈ 'ਤੇਗ' ਹਰ ਗੁਰਸਿੱਖ ਦੇ ਘਰ ਸਦਾ ਤਿਆਰ ਮਿਲਣੀ ਚਾਹੀਦੀ ਹੈ।

ਗੁਰਬਾਣੀ ਅਤੇ ਕੁਰਬਾਨੀ ਦੇ ਇਸ ਮਹਾਨ ਪੰਥ ਵਿਚ ਪਹਿਲਾਂ ਸਤਿਗੁਰੂ ਸਾਹਿਬਾਨ ਨੇ ਆਪ ਤੇ ਫਿਰ ਸਿੱਖਾਂ ਨੇ ਇਸੇ ਲਹਿਰ 'ਤੇ ਚੱਲ ਕੇ ਸ਼ਹੀਦੀ ਪਰੰਪਰਾ ਨੂੰ ਜਨਮ ਦੇ ਕੇ ਅੱਗੇ ਤੋਰਿਆ। ਧਰਮ ਯੁੱਧ ਵਿਚ ਜੂਝਦੇ ਹੋਏ ਸਿੰਘਾਂ ਦੀ ਗੱਲ ਹੀ ਦੁਨੀਆ ਤੋਂ ਵੱਖਰੀ ਕਿਸਮ ਦੀ ਸੀ। ਨਾ ਤਾਂ ਉਨ੍ਹਾਂ ਵਿਚ ਗੁੱਸੇ ਜਾਂ ਕ੍ਰੋਧ ਵਾਲੀ ਕੋਈ ਗੱਲ ਸੀ ਅਤੇ ਨਾ ਹੀ ਬਦਲਾਖ਼ੋਰੀ ਵਾਲੀ। ਮੈਦਾਨ-ਏ-ਜੰਗ ਵਿਚ ਸਿੰਘ ਕਦੇ ਵੀ ਆਪਣੇ ਆਪ ਨੂੰ ਇਕੱਲਾ ਨਹੀਂ ਸੀ ਸਮਝਦਾ, ਸਗੋਂ ਸਰਬ-ਸ਼ਕਤੀਵਾਨ ਸਤਿਗੁਰੂ ਨੂੰ ਉਹ ਸਦਾ ਹੀ ਆਪਣੇ ਅੰਗ-ਸੰਗ ਸਮਝਦੇ ਸਨ। ਆਪਣੇ ਗੁਰੂ ਅਤੇ ਸੱਚ ਵਿਚ ਉਨ੍ਹਾਂ ਦਾ ਦ੍ਰਿੜ੍ਹ ਵਿਸ਼ਵਾਸ ਸੀ। ਤਾਂ ਹੀ ਤਾਂ ਸਿੰਘ ਇਕੱਲਾ ਕਦੇ ਵੀ ਨਹੀਂ ਹੁੰਦਾ ਤੇ ਉਹ ਸਦਾ ਹੀ ਚੜ੍ਹਦੀ ਕਲਾ ਵਿਚ ਰਹਿ ਕੇ, ਸਦਾ ਸਫ਼ਲਤਾ ਪ੍ਰਾਪਤ ਕਰਦਾ ਹੈ। ਸਿੰਘਾਂ ਦੇ ਵਿਲੱਖਣ ਧਰਮ ਯੁੱਧ ਬਾਰੇ ਕਿਹਾ ਜਾਂਦਾ ਹੈ ਕਿ, "ਜੇਕਰ ਯੁੱਧ ਵਿਚ ਜੂਝਦੇ ਦੁਸ਼ਮਣ ਦੀ ਪੱਗ ਉਤਰ ਜਾਂਦੀ ਸੀ ਤਾਂ ਸਿੰਘ ਕਿਰਪਾਨ ਮਿਆਨ ਵਿਚ ਪਾ ਲੈਂਦੇ ਸਨ ਤੇ ਕਹਿੰਦੇ ਸਨ- "ਐ ਭਲੇ ਪੁਰਸ਼! ਆਪਣੀ ਪੱਗ ਸੰਭਾਲ, ਮੈਂ ਤੇਰੀ ਇੱਜ਼ਤ ਲਾਹੁਣ ਨਹੀਂ ਆਇਆ।" ਯੁੱਧ ਵਿਚ ਸਿੰਘ ਕਦੇ ਕਿਸੇ ਇਸਤਰੀ ਦੇ ਗਹਿਣੇ ਨੂੰ ਵੀ ਹੱਥ ਨਹੀਂ ਸਨ ਲਾਉਂਦੇ ਅਤੇ ਨਾ ਹੀ ਕਿਸੇ ਇਸਤਰੀ ਨੂੰ ਬੁਰੀ ਨਿਗ੍ਹਾ ਨਾਲ ਹੀ ਵੇਖਦੇ ਸਨ। ਇਸਤਰੀ, ਬੱਚੇ ਜਾਂ ਬਿਰਧ ਉੱਤੇ ਕਦੇ ਵੀ ਸਿੰਘ ਵਾਰ ਨਹੀਂ ਸਨ ਕਰਦੇ ਅਤੇ ਨਾ ਹੀ ਰਣ ਵਿਚ ਭੱਜੇ ਜਾਂਦੇ ਉੱਤੇ ਹੀ ਵਾਰ ਕਰਦੇ ਸਨ। ਇਹ ਸੀ ਸਿੱਖਾਂ ਦਾ ਵਿਲੱਖਣ ਧਰਮ-ਯੁੱਧ, ਜਿਸ ਦੇ ਪ੍ਰਤਾਪ ਕਰਕੇ ਹੀ ਸਿੰਘਾਂ ਨਾਲ ਕੋਈ ਵੀ ਦੁਸ਼ਮਣ ਨਾ ਅੜ ਸਕਿਆ, ਦਸ-ਦਸ ਲੱਖ ਦੀਆਂ ਫੌਜਾਂ ਦੇ ਲਸ਼ਕਰ ਬੁਰੀ ਤਰ੍ਹਾਂ ਮਾਰ ਖਾ-ਖਾ ਕੇ ਭੱਜੇ ਅਤੇ ਖਾਲਸੇ ਦੀ ਹਰ ਮੈਦਾਨ ਫਤਿਹ ਹੋਈ। ਆਕੀਆਂ, ਦੁਸ਼ਟਾਂ ਅਤੇ ਹੰਕਾਰੀਆਂ ਦਾ ਨਾਸ਼ ਹੋਇਆ ਅਤੇ 'ਅਕਾਲ ਪੁਰਖ ਦੀ ਫੌਜ' ਦੇ ਬੋਲ-ਬਾਲੇ ਹੋਏ। ਮਾਤਾ ਗੁਜਰੀ ਜੀ ਦੀ ਮਹਾਨਤਾ ਕਿਸੇ ਤੋਂ ਲੁਕੀ-ਛਿਪੀ ਨਹੀਂ ਹੈ, ਆਪ ਤਾਂ ਮਾਤਾ ਜੀ ਮਹਾਨ ਸ਼ਹੀਦ ਹਨ ਹੀ, ਪਰ ਜਿਨ੍ਹਾਂ ਦਾ ਸਮੁੱਚਾ ਖਾਨਦਾਨ ਹੀ ਮਹਾਨ ਸ਼ਹੀਦ ਹੋਵੇ, ਐਸੀ ਸ਼ਹੀਦ ਮਾਤਾ ਨੂੰ

**ਪਿੰਡ ਕੈਲੇ ਕਲ੍ਹਾਂ, ਡਾਕ: ਘੁੰਮਣ ਕਲ੍ਹਾਂ (ਨੌਸ਼ਹਿਰਾ ਮੱਝਾ ਸਿੰਘ), ਜ਼ਿਲ੍ਹਾ ਗੁਰਦਾਸਪੁਰ।*

ਸ਼੍ਰੋਮਣੀ ਸ਼ਹੀਦ ਮਾਤਾ ਕਿਹਾ ਜਾਂਦਾ ਹੈ।

ਸ਼ਹੀਦ ਪਤੀ (ਸ੍ਰੀ ਗੁਰੂ ਤੇਗ ਬਹਾਦਰ ਜੀ), ਸ਼ਹੀਦ ਪੁੱਤਰ (ਸ੍ਰੀ ਗੁਰੂ ਗੋਬਿੰਦ ਸਿੰਘ ਜੀ), ਸ਼ਹੀਦ ਭਰਾ (ਮਾਮਾ ਕ੍ਰਿਪਾਲ ਚੰਦ ਜੀ), ਨਨਾਣ (ਬੀਬੀ ਵੀਰੋ ਜੀ) ਦੇ ਪੰਜ ਪੁੱਤਰ ਸ਼ਹੀਦ (ਨਦੋਤਰੇ) ਬਾਬਾ ਸੰਗੋ ਸ਼ਾਹ ਜੀ, ਬਾਬਾ ਗੁਲਾਬ ਚੰਦ ਜੀ, ਬਾਬਾ ਜਤੀ ਮੱਲ ਜੀ, ਬਾਬਾ ਗੰਗਾ ਰਾਮ ਜੀ, ਬਾਬਾ ਸਹਾਰੀ ਚੰਦ ਜੀ।

ਇਸ ਸ਼ਹੀਦੀ ਖ਼ਾਨਦਾਨ (ਵੰਸ਼) ਦੀ ਪ੍ਰਧਾਨ, ਐਸੀ ਸ਼ਹੀਦ ਮਾਤਾ ਗੁਜਰੀ ਜੀ ਦਾ ਜਨਮ ੧੬੨੭ ਈ. ਨੂੰ ਭਾਈ ਲਾਲ ਚੰਦ ਜੀ ਅਤੇ ਮਾਤਾ ਬਿਸ਼ਨ ਕੌਰ ਜੀ ਦੇ ਗ੍ਰਿਹ ਵਿਖੇ ਜਲੰਧਰ ਨੇੜੇ ਕਰਤਾਰਪੁਰ ਵਿਖੇ ਹੋਇਆ। ਆਪ ਜੀ ਦਾ ਵਿਆਹ ਨੌਂਵੇਂ ਸਤਿਗੁਰੂ, ਹਿੰਦ ਦੀ ਚਾਦਰ, ਧਰਮ ਹੇਤ ਮਹਾਨ ਸਾਕਾ ਕਰਨ ਵਾਲੇ ਸ੍ਰੀ ਗੁਰੂ ਤੇਗ ਬਹਾਦਰ ਜੀ ਨਾਲ ਹੋਇਆ। ਜਦੋਂ ਡੋਲੀ ਤੁਰਨ ਲੱਗੀ ਤਾਂ ਮਾਤਾ ਬਿਸ਼ਨ ਕੌਰ ਜੀ ਨੇ ਸਿਰ 'ਤੇ ਪਿਆਰ ਦੇ ਕੇ ਸਮਝਾਇਆ, "ਗੁਜਰੀ! ਪਤੀ ਨੂੰ ਪਰਮੇਸ਼ਰ ਜਾਣ ਕੇ ਸੇਵਾ ਕਰੀਂ, ਇਸ ਦੇ ਬਰਾਬਰ ਹੋਰ ਕੋਈ ਸੇਵਾ ਨਹੀਂ।" ਪਤਿ ਸਮ ਈਸ ਪਛਾਨ ਕੈ, ਹੇ ਪੁੱਤਰੀ ਕਰ ਸੇਵ। ਪਤਿ ਪਰਮੇਸ਼ਰ ਜਾਨੀਐ, ਔਰ ਤੁਛ ਲਖ ਏਵ। (ਗੁਰ ਬਿਲਾਸ)

ਮਾਤਾ ਬਿਸ਼ਨ ਕੌਰ ਤੇ ਪਿਤਾ ਲਾਲ ਚੰਦ ਜੀ ਨੇ ਅਰਦਾਸ ਕੀਤੀ, "ਹੇ ਸਤਿਗੁਰੂ ਜੀਓ! ਗਰੀਬ ਦੀ ਲਾਜ ਰੱਖਿਓ। ਗੁਰੂ (ਹਰਿਗੋਬਿੰਦ ਜੀ) ਦੇ ਘਰੋਂ ਸਦਾ ਨਿੱਘ ਹੀ ਆਵੇ, ਸੇਕ ਨਾ ਆਵੇ।" ਮਾਤਾ ਗੁਜਰੀ ਜੀ ਦੀ ਸੁੰਦਰਤਾ ਬੇਮਿਸਾਲ ਸੀ। ਲੰਮਾ ਕੱਦ, ਸੁੰਦਰ ਨੈਣ, ਹੱਸਮੁਖ ਚਿਹਰਾ, ਬੋਲ ਮਿੱਠੇ-ਮਿੱਠੇ, ਅਵਾਜ਼ ਸਹਿਜ ਅਵਸਥਾ ਵਾਲੀ, ਮਨ ਦੀ ਨਿਰਮਾਣਤਾ, ਸ਼ਰਮ ਲੱਜਾ ਅਤੇ ਨਿਮਰਤਾ ਦੀ ਸੁੰਦਰ ਮੂਰਤ ਸਨ, ਮਾਤਾ ਗੁਜਰੀ ਜੀ। ਹਰ ਵੇਲੇ ਆਪ ਜੀ ਸੱਸ, ਸਹੁਰੇ ਅਤੇ ਘਰ ਆਈ ਸਾਧ-ਸੰਗਤ ਦੀ ਸੇਵਾ ਵਿਚ ਐਸਾ ਲੀਨ ਰਹਿੰਦੇ ਸਨ ਕਿ ਆਪ ਨੇ ਕਦੇ ਕਿਸੇ ਨੂੰ ਸ਼ਿਕਾਇਤ ਦਾ ਮੌਕਾ ਹੀ ਨਹੀਂ ਸੀ ਦਿੱਤਾ। ਆਪ ਜੀ ਦਾ ਵਿਆਹ ਹੋਏ ਨੂੰ ਅਜੇ ਥੋੜ੍ਹਾ ਸਮਾਂ ਹੀ ਹੋਇਆ ਸੀ, ਜਦੋਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੂੰ, ਕਰਤਾਰਪੁਰ ਦੀ ਜੰਗ ਬੇਸ਼ੁਮਾਰ ਮੁਗ਼ਲ ਸੈਨਾ ਨਾਲ ਲੜਨੀ ਪਈ। ਇਸ ਭਿਆਨਕ ਜੰਗ ਨੂੰ ਨਵੀਂ ਵਿਆਹੀ ਆਈ ਮਾਤਾ ਗੁਜਰੀ ਜੀ ਨੇ ਮਕਾਨਾਂ ਦੀਆਂ ਛੱਤਾਂ ਉੱਪਰ ਚੜ੍ਹ ਕੇ ਅੱਖੀਂ ਵੇਖਿਆ। ਪਤੀ ਨੂੰ ਦੁਸ਼ਮਣਾਂ ਦਾ ਡਟ ਕੇ ਮੁਕਾਬਲਾ ਕਰਨ ਲਈ ਖ਼ੂਬ ਹੱਲਾਸ਼ੇਰੀ ਦਿੱਤੀ। ਐਸੀ ਧਰਮ, ਬਹਾਦਰ ਅਤੇ ਨਿਰਭੈ ਸ਼ਖ਼ਸੀਅਤ ਦੇ ਮਾਲਕ ਸਨ, ਮਾਤਾ ਜੀ। ਸ੍ਰੀ ਗੁਰੂ ਤੇਗ ਬਹਾਦਰ ਜੀ, ਪਿਤਾ-ਗੁਰੂ ਦੇ ਹੁਕਮ ਅਨੁਸਾਰ, ਮਾਤਾ ਨਾਨਕੀ ਜੀ ਤੇ ਮਾਤਾ ਗੁਜਰੀ ਜੀ ਨਾਲ ਬਾਬਾ ਬਕਾਲਾ ਵਿਖੇ ਆ ਗਏ। ਬਾਬਾ ਬਕਾਲਾ ਵਿਖੇ ਜੋ ਤਿਆਗ, ਸੰਜਮ, ਸੇਵਾ, ਭਗਤੀ ਅਤੇ ਸਿਮਰਨ, ਗੁਰੂ ਜੀ ਦੇ ਨਾਲ, ਮਾਤਾ ਗੁਜਰੀ ਜੀ ਨੇ ਕੀਤਾ, ਇਸ ਦੀ ਉਦਾਹਰਨ ਮਿਲਣੀ ਕਠਿਨ ਲੱਗਦੀ ਹੈ। ਮਾਤਾ ਗੁਜਰੀ ਜੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਪਰਮਾਤਮਾ ਦੀ ਬੇਅੰਤ ਬੰਦਗੀ ਕੀਤੀ ਜਿਸ ਦਾ ਜ਼ਿਕਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 'ਬਚਿਤ੍ਰ ਨਾਟਕ' ਰਚਨਾ ਵਿਚ ਵੀ ਕੀਤਾ ਹੈ:

*ਤਾਤ ਮਾਤ ਮੁਰ ਅਲਖ ਅਰਾਧਾ॥ ਬਹੁ ਬਿਧਿ ਜੋਗ ਸਾਧਨਾ ਸਾਧਾ॥*
*ਤਿਨ ਜੋ ਕਰੀ ਅਲਖ ਕੀ ਸੇਵਾ॥ ਤਾ ਤੇ ਭਏ ਪ੍ਰਸੰਨ ਗੁਰਦੇਵਾ॥*

ਇੱਥੇ ਹੀ ਬਸ ਨਹੀਂ, ਕਸ਼ਮੀਰੀ ਪੰਡਤਾਂ ਦੀ ਅਰਜ਼ੋਈ ਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਚੱਕ ਨਾਨਕੀ ਛੱਡ ਕੇ, ਦਿੱਲੀ ਜਾ ਕੇ ਸ਼ਹੀਦ ਹੋਣਾ ਤੇ ਮਾਤਾ ਗੁਜਰੀ ਜੀ ਨੇ ਭਾਣੇ ਵਿਚ ਅਡੋਲ ਰਹਿਣਾ, ਹਰ ਦੁੱਖ-ਸੁਖ ਨੂੰ ਸਮ (ਬਰਾਬਰ) ਕਰਕੇ ਜਾਣਨਾ, ਇਕ ਇਸਤਰੀ ਵਾਸਤੇ ਕੋਈ ਛੋਟੀ ਜਿਹੀ ਗੱਲ ਨਹੀਂ ਹੈ। ਜਦੋਂ ਮਹਾਨ ਸ਼ਹੀਦ ਪਿਤਾ ਦਾ ਸੀਸ ਦਿੱਲੀ ਦੇ ਚਾਂਦਨੀ ਚੌਂਕ ਵਿੱਚੋਂ ਉਠਾ ਕੇ ਭਾਈ ਜੈਤਾ ਜੀ ਕੀਰਤਪੁਰ ਸਾਹਿਬ ਲੈ ਕੇ ਆਏ ਤਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਕੱਟਿਆ ਹੋਇਆ ਸੀਸ ਵੇਖ ਕੇ ਮਾਤਾ ਗੁਜਰੀ

ਜੀ ਨੇ 'ਗੁਰੂ-ਪਤੀ' ਨੂੰ ਮੱਥਾ ਟੇਕਿਆ। ਵਾਹਿਗੁਰੂ ਦਾ ਸ਼ੁਕਰਾਨਾ ਕਰਦੇ ਹੋਏ ਬਚਨ ਕਹੇ, 'ਤੁਹਾਡੀ ਨਿਭ ਆਈ, ਇਹ ਕਿਰਪਾ ਕਰੋ ਕਿ ਮੇਰੀ ਵੀ ਨਿਭ ਜਾਏ!' ਅੱਖਾਂ ਵਿਚ ਅੱਥਰੂ ਨਹੀਂ, ਨਾ ਹੀ ਗ਼ਮ ਸੀ, ਸਗੋਂ ਮੱਥੇ ਤੇ ਚਿਹਰੇ ਤੋਂ ਅਕਾਲ ਪੁਰਖ ਦਾ ਸ਼ੁਕਰਾਨਾ ਹੀ ਪੜ੍ਹਿਆ ਜਾ ਸਕਦਾ ਸੀ। ਸ੍ਰੀ ਅਨੰਦਪੁਰ ਸਾਹਿਬ ਵਿਖੇ 'ਖਾਲਸਾ ਪੰਥ' ਦੀ ਸਿਰਜਣਾ ਵੇਲੇ ਗੁਰੂ ਜੀ ਵੱਲੋਂ ਸੀਸ ਮੰਗਣ 'ਤੇ ਬਹੁਤ ਸਾਰੇ ਸ਼ਰਧਾਲੂ ਅਤੇ ਮਸੰਦ ਦੌੜ ਕੇ ਮਾਤਾ ਗੁਜਰੀ ਜੀ ਪਾਸ ਫਰਿਆਦੀ ਹੋਏ ਸਨ ਪਰ ਮਾਤਾ ਜੀ ਦੂਰਦ੍ਰਿਸ਼ਟੀ ਦੇ ਮਾਲਕ ਸਨ। ਉਨ੍ਹਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਇਸ ਅਨੋਖੀ ਖੇਡ ਵਿਚ ਦਖ਼ਲ ਨਾ ਦਿੱਤਾ। ਸ੍ਰੀ ਅਨੰਦਪੁਰ ਸਾਹਿਬ ਦੀ ਪਹਿਲੀ ਜੰਗ (੧੭੦੦ ਈ.) ਜਿੱਤ ਕੇ ਜਦੋਂ ਸਾਹਿਬਜ਼ਾਦਾ ਅਜੀਤ ਸਿੰਘ ਜੀ ਆਏ ਤਾਂ ਮਾਤਾ ਗੁਜਰੀ ਜੀ ਨੇ ਗਲਵਕੜੀ ਵਿਚ ਲੈ ਕੇ, ਨਿੱਘਾ ਪਿਆਰ ਦਿੱਤਾ ਤੇ ਸ਼ਾਬਾਸ਼ ਦਿੱਤੀ। ਗੰਗੂ ਰਸੋਈਏ ਨੇ ਜਦੋਂ ਲੂਣ-ਹਰਾਮੀ ਕਰ ਕੇ ਮਾਤਾ ਜੀ ਦੀ ਧਨ ਹੀਰਿਆਂ ਆਦਿ ਵਾਲੀ ਗਠੜੀ ਲੁਕਾ ਲਈ ਤਾਂ ਮਾਤਾ ਜੀ ਨੇ ਬੜੇ ਪਿਆਰ ਤੇ ਠਰ੍ਹੰਮੇ ਨਾਲ ਗੰਗੂ ਨੂੰ ਆਖਿਆ ਸੀ, "ਗੰਗੂ! ਤੂੰ ਇੰਜ ਕਿਉਂ ਕੀਤਾ, ਜੇ ਤੂੰ ਮੇਰੇ ਕੋਲੋਂ ਉਂਝ ਮੰਗ ਲੈਂਦੋਂ ਤਾਂ ਕਿਹੜੀ ਮੈਂ ਨਾਂਹ ਕਰ ਦੇਣੀ ਸੀ?" ਸਾਹਿਬਜ਼ਾਦਿਆਂ ਨੂੰ ਸੂਬੇ ਦੀ ਕਚਹਿਰੀ ਵਿਚ ਲੈਣ ਲਈ ਆਏ ਸਿਪਾਹੀ ਵੇਖ ਕੇ ਮਾਤਾ ਗੁਜਰੀ ਜੀ ਨੇ, ਛੋਟੇ ਪੋਤਰਿਆਂ ਦੇ ਸੁੰਦਰ ਮੁਖੜੇ ਧੋਤੇ, ਸਿਰ 'ਤੇ ਦਸਤਾਰਾਂ ਸਜਾਈਆਂ ਤੇ ਕਿਹਾ "ਬੇਟਾ! ਤੁਸੀਂ ਗੁਰੂ ਤੇਗ ਬਹਾਦਰ ਜੀ ਦੇ ਪੋਤਰੇ ਤੇ ਗੁਰੂ ਗੋਬਿੰਦ ਸਿੰਘ ਜੀ ਦੇ ਪੁੱਤਰ ਹੋ। ਕਿਸੇ ਅੱਗੇ ਜਾ ਕੇ ਸਿਰ ਨਹੀਂ ਝੁਕਾਉਣਾ; ਗੱਜ ਕੇ ਫਤਿਹ ਬੁਲਾਉਣੀ, ਆਪਣਾ ਧਰਮ ਨਹੀਂ ਛੱਡਣਾ, ਕਿਸੇ ਪ੍ਰਕਾਰ ਦੇ ਵੀ ਲਾਲਚ ਵਿਚ ਨਹੀਂ ਆਉਣਾ, ਕਿਤੇ ਪਿਉ-ਬਾਬੇ ਦੀ ਪੱਗ ਨੂੰ ਲਾਜ ਨਾ ਲੱਗੇ!" ਸਾਹਿਬਜ਼ਾਦਿਆਂ ਨੇ ਜਾਨਾਂ ਕੁਰਬਾਨ ਤਾਂ ਕਰ ਦਿੱਤੀਆਂ, ਨੀਹਾਂ ਵਿਚ ਤਾਂ ਚਿਣੇ ਗਏ ਪਰ ਇਸਲਾਮ ਕਬੂਲ ਨਾ ਕੀਤਾ। ਇਹ ਸੀ ਦਾਦੀ ਮਾਂ ਗੁਜਰੀ ਜੀ ਦੀ ਸਿੱਖਿਆ ਉਪਦੇਸ਼ ਦਾ ਚਮਤਕਾਰ। ਬੱਚਿਆਂ ਦੀ ਸ਼ਹੀਦੀ ਸੁਣ ਕੇ ਮਾਤਾ ਜੀ ਨੇ ਨਿਰੰਕਾਰ ਦਾ ਸ਼ੁਕਰਾਨਾ ਕੀਤਾ, ਆਪਣੀ ਸਮਾਧੀ ਰੂਪ ਵਿਚ ਬਿਰਾਜਮਾਨ ਹੋ ਗਏ ਅਤੇ ਆਪਣੇ ਪ੍ਰਾਣ ਤਿਆਗ ਦਿੱਤੇ। ਮਾਤਾ ਗੁਜਰੀ ਜੀ, ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਅਤੇ ਸਾਹਿਬਜ਼ਾਦਾ ਬਾਬਾ ਫ਼ਤਿਹ ਸਿੰਘ, ਤਿੰਨਾਂ ਦਾ ਇਕੱਠਿਆਂ ਹੀ ਸਸਕਾਰ, ਗੁਰਦੁਆਰਾ ਸਾਹਿਬ ਜੋਤੀ ਸਰੂਪ ਵਾਲੀ ਥਾਂ, ਫਤਿਹਗੜ੍ਹ ਸਾਹਿਬ (ਸਰਹਿੰਦ) ਵਿਖੇ ੧੪ ਪੋਹ ੧੭੬੦ ਬਿਕ੍ਰਮੀ ਅਨੁਸਾਰ ੧੩ ਦਸੰਬਰ, ੧੭੦੪ ਈ. ਨੂੰ ਕੀਤਾ ਗਿਆ। ਨਿਰਸੰਦੇਹ ਮਾਤਾ ਗੁਜਰੀ ਜੀ ਵਰਗੀ ਅਮਰ-ਸ਼ਹੀਦ ਅਤੇ ਲਾਸਾਨੀ ਕੁਰਬਾਨੀ ਵਾਲੀ ਮਹਾਨ ਸ਼ਖ਼ਸੀਅਤ ਦੁਨੀਆ ਭਰ ਦੇ ਇਤਿਹਾਸ ਵਿਚ ਕਿਤੇ ਵੀ ਨਜ਼ਰ ਨਹੀਂ ਆਉਂਦੀ ਜੋ ਆਪਣਾ ਆਪ, ਆਪਣਾ ਸਾਰਾ ਖ਼ਾਨਦਾਨ ਅਰਥਾਤ ਪਤੀ, ਪੁੱਤਰ, ਪੋਤਰੇ, ਭਰਾ ਅਤੇ ਨਦੋਤਰੇ ਦੇਸ਼-ਧਰਮ ਹਿੱਤ ਕੁਰਬਾਨ ਕਰਵਾ ਕੇ ਪ੍ਰਭੂ-ਭਾਣੇ ਵਿਚ ਅਡੋਲ ਰਹੀ ਹੋਵੇ।

(ਦਸੰਬਰ ੨੦੧੯ ਦੇ ਮਾਸਿਕ 'ਗੁਰਮਤਿ ਪ੍ਰਕਾਸ਼' ਵਿਚੋਂ)

## ਧਾਰਮਿਕ ਪ੍ਰੀਖਿਆ

***ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਹਰ ਸਾਲ ਧਾਰਮਿਕ ਪ੍ਰੀਖਿਆ ਲੈ ਕੇ ਵਜ਼ੀਫੇ ਦਿੱਤੇ ਜਾਂਦੇ ਹਨ। ਇਹ ਪ੍ਰੀਖਿਆ ਹਰ ਸਾਲ ਅਕਤੂਬਰ-ਨਵੰਬਰ ਵਿਚ ਹੁੰਦੀ ਹੈ। ਇਸ ਪ੍ਰੀਖਿਆ ਵਿਚ ਸ਼ਾਮਲ ਹੋਣ ਦੇ ਚਾਹਵਾਨ ਵਿਦਿਆਰਥੀ ਸਕੱਤਰ, ਧਰਮ ਪ੍ਰਚਾਰ ਕਮੇਟੀ (ਸ਼੍ਰੋ: ਗੁ: ਪ੍ਰ: ਕਮੇਟੀ), ਸ੍ਰੀ ਅੰਮ੍ਰਿਤਸਰ ਨੂੰ ਲਿਖਣ।***

# ਆਪਸੀ ਸਦਭਾਵਨਾ ਤੇ ਭਾਈਚਾਰੇ ਦਾ ਉਪਦੇਸ਼ ਦਿੰਦਾ ਸੰਪੂਰਨ ਹੋਇਆ ਅੰਤਰਰਾਸ਼ਟਰੀ ਨਗਰ ਕੀਰਤਨ

*-ਮਨਜੀਤ ਸਿੰਘ**

ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ੫੫੦ ਸਾਲਾ ਪ੍ਰਕਾਸ਼ ਪੁਰਬ ਵਿਸ਼ਵ ਭਰ ਦੀਆਂ ਸਿੱਖ ਸੰਗਤਾਂ ਵੱਲੋਂ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਗੁਰੂ ਨਾਨਕ ਸਾਹਿਬ ਜੀ ਦੀ ਅਲੌਕਿਕ ਸ਼ਖ਼ਸੀਅਤ ਅਤੇ ਉਨ੍ਹਾਂ ਦੇ ਜੀਵਨ ਤੋਂ ਸੰਗਤਾਂ ਨੂੰ ਜਾਣੂੰ ਕਰਵਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਪ੍ਰੋਗਰਾਮਾਂ ਦੀ ਕੀਤੀ ਵਿਉਂਤਬੰਦੀ ਵਿਚ ਗੁਰਮਤਿ ਸਮਾਗਮ, ਸੈਮੀਨਾਰ ਅਤੇ ਗੁਰਮਤਿ ਕੈਂਪਾਂ ਦੇ ਨਾਲ-ਨਾਲ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ-ਛਾਇਆ ਤੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਨਗਰ ਕੀਰਤਨ ਸਜਾਇਆ ਗਿਆ।

੧ ਅਗਸਤ ੨੦੧੯ ਨੂੰ ਗੁਰਦੁਆਰਾ ਜਨਮ ਅਸਥਾਨ ਤੋਂ ਆਰੰਭ ਹੋਇਆ ਇਹ ਇਤਿਹਾਸਕ ਨਗਰ ਕੀਰਤਨ ਸਵਾ ਤਿੰਨ ਮਹੀਨੇ ਦੇ ਲੰਬੇ ਪੜਾਅ ਨੂੰ ਤੈਅ ਕਰਦਿਆਂ ਪਾਵਨ ਇਤਿਹਾਸਕ ਨਗਰੀ ਸੁਲਤਾਨਪੁਰ ਲੋਧੀ ਵਿਖੇ ਖ਼ਾਲਸਈ ਜਾਹੋ-ਜਲਾਲ ਨਾਲ ਸੰਪੂਰਨ ਹੋਇਆ। ਦੇਸ਼ ਦੀ ਵੰਡ ਤੋਂ ਬਾਅਦ ਪਿਛਲੇ ੭੨ ਸਾਲਾਂ ਦੌਰਾਨ ਇਤਿਹਾਸ ਸਿਰਜਣ ਵਾਲਾ ਇਹ ਪਹਿਲਾ ਨਗਰ ਕੀਰਤਨ ਸੀ ਜੋ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਤੋਂ ਆਰੰਭ ਹੋ ਕੇ ਭਾਰਤ ਪਹੁੰਚਿਆ। ਇਸ ਕਾਰਜ ਲਈ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਭਾਰਤ-ਪਾਕਿਸਤਾਨ ਸਰਕਾਰਾਂ ਦਾ ਵੀ ਵਿਸ਼ੇਸ਼ ਸਹਿਯੋਗ ਮਿਲਿਆ ਜਿਸ ਸਦਕਾ ਇਤਿਹਾਸ 'ਚ ਪਹਿਲੀ ਵਾਰ ਅੰਤਰਰਾਸ਼ਟਰੀ ਨਗਰ ਕੀਰਤਨ ਸੰਭਵ ਹੋ ਸਕਿਆ। ਇਸ ਨਗਰ ਕੀਰਤਨ ਦੀ ਆਰੰਭਤਾ ਲਈ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਮੁੱਖ ਸਕੱਤਰ ਡਾ. ਰੂਪ ਸਿੰਘ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਸਿਰਸਾ, ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਸ. ਅਵਤਾਰ ਸਿੰਘ ਹਿੱਤ, ਅਕਾਲੀ ਆਗੂ ਸ. ਦਰਬਾਰਾ ਸਿੰਘ ਗੁਰੂ ਸਮੇਤ ਅਨੇਕਾਂ ਪ੍ਰਮੁੱਖ ਸ਼ਖ਼ਸੀਅਤਾਂ ਸ੍ਰੀ ਨਨਕਾਣਾ ਸਾਹਿਬ ਪਹੁੰਚੀਆਂ।

ਇਤਿਹਾਸ ਦੇ ਪੰਨਿਆਂ 'ਤੇ ਅੰਕਤ ਹੋਣ ਵਾਲਾ ਇਹ ਨਗਰ ਕੀਰਤਨ ਨੇ ਜਦੋਂ ਵਾਹਗਾ ਸਰਹੱਦ ਰਾਹੀਂ ਭਾਰਤ ਅੰਦਰ ਪ੍ਰਵੇਸ਼ ਕੀਤਾ ਤਾਂ ਸੰਗਤਾਂ ਦਾ ਉਤਸ਼ਾਹ ਤੇ ਸ਼ਰਧਾ ਬਿਆਨ ਤੋਂ ਬਾਹਰੀ ਸੀ। ਵਾਹਗਾ ਬਾਰਡਰ 'ਤੇ ਨਗਰ ਕੀਰਤਨ ਦਾ ਸਵਾਗਤ ਕਰਨ ਲਈ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਪੁੱਜੀਆਂ ਹੋਈਆਂ ਸਨ। ਸੰਗਤਾਂ ਵਿੱਚ ਇੰਨਾ ਉਤਸ਼ਾਹ ਸੀ ਕਿ ਰਾਤ ਨੂੰ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਪਹੁੰਚਣ ਵਾਲਾ ਨਗਰ ਕੀਰਤਨ ਅਗਲੀ ਸਵੇਰ ਨੂੰ ਪਹੁੰਚ ਸਕਿਆ। ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਤੋਂ ਆਏ ਇਸ ਨਗਰ ਕੀਰਤਨ ਦੇ ਦਰਸ਼ਨਾਂ ਲਈ ਸੰਗਤਾਂ ਦੇ ਉਤਸ਼ਾਹ ਕਾਰਨ ਦਿਨ-

**ਸੰਪਾਦਕ, ਗੁਰਦੁਆਰਾ ਗਜ਼ਟ ਅਤੇ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।*

ਰਾਤ ਚੱਲਦਿਆਂ ਵੀ ਅਗਲੇ ਪੜਾਵਾਂ 'ਤੇ ਦੇਰੀ ਹੁੰਦੀ ਰਹੀ।

ਇਹ ਅੰਤਰਾਸ਼ਟਰੀ ਨਗਰ ਕੀਰਤਨ ਭਾਰਤ ਦੇ ੧੭ ਸੂਬਿਆਂ ਦੇ ਹਜ਼ਾਰਾਂ ਦੀ ਗਿਣਤੀ 'ਚ ਵੱਖ-ਵੱਖ ਸ਼ਹਿਰਾਂ, ਪਿੰਡਾਂ ਅਤੇ ਕਸਬਿਆਂ ਰਾਹੀਂ ਹੁੰਦਾ ਹੋਇਆ ਸਿੱਖ ਪੰਥ ਦੇ ਪੰਜ ਤਖ਼ਤਾਂ ਦੀ ਯਾਤਰਾ ਕਰਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਚਰਨ-ਛੋਹ ਪ੍ਰਾਪਤ ਅਸਥਾਨ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਪਹੁੰਚਿਆ। ਨਗਰ ਕੀਰਤਨ ਲਗਾਤਾਰ ਨਿਰਵਿਘਨ ੯੭ ਦਿਨਾਂ ਦੀ ਪੜਾਅਵਾਰ ਯਾਤਰਾ ਕਰਦਾ ਹੋਇਆ ੫ ਨਵੰਬਰ ਨੂੰ ਖ਼ਾਲਸਈ ਜਾਹੋ-ਜਲਾਲ ਨਾਲ ਸੰਪੂਰਨ ਹੋਇਆ। ਇਹ ਅੰਤਰਰਾਸ਼ਟਰੀ ਨਗਰ ਕੀਰਤਨ ਪੂਰੇ ਸਿੱਖ ਜਗਤ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਅੰਦਰ ਸ਼ਤਾਬਦੀ ਸਮਾਗਮਾਂ ਪ੍ਰਤੀ ਚਾਅ, ਉਤਸ਼ਾਹ, ਸ਼ਰਧਾ ਤੇ ਪ੍ਰੇਰਨਾ ਦਾ ਭਾਵ ਪੈਦਾ ਕਰਨ ਵਿੱਚ ਸਹਾਈ ਹੋਇਆ। ਨਗਰ ਕੀਰਤਨ ਪ੍ਰਤੀ ਪੂਰੇ ਭਾਰਤ ਅੰਦਰ ਸਭਾ-ਸੁਸਾਇਟੀਆਂ, ਸਿੱਖ ਸੰਪਰਦਾਵਾਂ, ਵੱਖ-ਵੱਖ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸੰਗਤਾਂ ਨੇ ਭਾਰੀ ਉਤਸ਼ਾਹ ਦਿਖਾਇਆ, ਜੋ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰਤੀ ਸ਼ਰਧਾ ਤੇ ਸਤਿਕਾਰ ਦੀ ਭਾਵਨਾ ਦਾ ਪ੍ਰਗਟਾਵਾ ਸੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਨਗਰ ਕੀਰਤਨ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦੇ ਸੰਦੇਸ਼ ਨੂੰ ਪ੍ਰਚਾਰਨ ਦੇ ਮਕਸਦ ਵਿਚ ਸਫਲ ਹੋਈ। ਇਸ ਇਤਿਹਾਸਕ ਨਗਰ ਕੀਰਤਨ ਦੇ ਵੱਖ-ਵੱਖ ਪੜਾਵਾਂ ਦੌਰਾਨ ਕਈ ਕੇਂਦਰੀ ਮੰਤਰੀ, ਮੈਂਬਰ ਪਾਰਲੀਮੈਂਟ ਅਤੇ ਵੱਖ-ਵੱਖ ਸੂਬਿਆਂ ਦੇ ਮੁੱਖ ਮੰਤਰੀ, ਮੰਤਰੀ, ਵਿਧਾਇਕ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਸਵਾਗਤ ਲਈ ਪੁੱਜਦੀਆਂ ਰਹੀਆਂ। ਇਸ ਦੇ ਨਾਲ ਹੀ ਵੱਖ-ਵੱਖ ਸੂਬਿਆਂ ਦੀਆਂ ਗੁਰਦੁਆਰਾ ਕਮੇਟੀਆਂ ਅਤੇ ਸੰਗਤਾਂ ਵੱਲੋਂ ਨਗਰ ਕੀਰਤਨ ਦੇ ਪ੍ਰਬੰਧਾਂ ਵਿੱਚ ਦਿੱਤੇ ਗਏ ਸਹਿਯੋਗ ਨੂੰ ਵੀ ਭੁਲਾਇਆ ਨਹੀਂ ਜਾ ਸਕਦਾ। ਸ਼੍ਰੋਮਣੀ ਕਮੇਟੀ ਦੇ ਸਮੂਹ ਮੈਂਬਰਾਂ, ਸ਼੍ਰੋਮਣੀ ਅਕਾਲੀ ਦਲ ਸਮੇਤ ਹੋਰ ਵੱਖ-ਵੱਖ ਰਾਜਸੀ ਪਾਰਟੀਆਂ ਦੇ ਆਗੂ ਅਤੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਵੱਲੋਂ ਤਨਦੇਹੀ ਨਾਲ ਕੀਤੀ ਗਈ ਸੇਵਾ ਵੀ ਸ਼ਲਾਘਾਯੋਗ ਸੀ।

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੈਂਬਰ ਜਥੇਦਾਰ ਤੋਤਾ ਸਿੰਘ ਦੀ ਅਗਵਾਈ ਹੇਠ ਇਸ ਅੰਤਰਰਾਸ਼ਟਰੀ ਨਗਰ ਕੀਰਤਨ ਸਬੰਧੀ ਇੱਕ ਸਬ-ਕਮੇਟੀ ਬਣਾਈ ਗਈ ਸੀ, ਜਿਸਦੇ ਕੋਆਰਡੀਨੇਟਰ ਹੋਣ ਦਾ ਮਾਣ ਦਾਸ ਨੂੰ ਮਿਲਿਆ। ਇਸ ਕਮੇਟੀ ਨੇ ਕਈ ਇਕੱਤਰਤਾਵਾਂ ਕਰ ਕੇ ਜਿਥੇ ਮੁਕੰਮਲ ਰੂਟ ਉਲੀਕਿਆ, ਉਥੇ ਹੀ ਨਗਰ ਕੀਰਤਨ ਦੇ ਪ੍ਰਬੰਧਕੀ ਕਾਰਜਾਂ ਪ੍ਰਤੀ ਵੀ ਸਾਰਥਿਕ ਭੂਮਿਕਾ ਨਿਭਾਈ। ਨਗਰ ਕੀਰਤਨ ਦੌਰਾਨ ਵੀ ਉਨ੍ਹਾਂ ਨੇ ਪ੍ਰਬੰਧਕੀ ਟੀਮ ਨਾਲ ਲਗਾਤਾਰ ਰਾਬਤਾ ਬਣਾਈ ਰੱਖਿਆ। ਵੱਖ-ਵੱਖ ਸੂਬਿਆਂ ਦੀਆਂ ਪ੍ਰਬੰਧਕ ਕਮੇਟੀਆਂ, ਸਭਾ-ਸੁਸਾਇਟੀਆਂ ਤੇ ਸੰਗਤਾਂ ਤੱਕ ਪਹੁੰਚ ਕਰਨ ਲਈ ਰੂਪ-ਰੇਖਾ ਉਲੀਕੀ, ਜਿਸ ਨੂੰ ਅਮਲ ਵਿਚ ਲਿਆਉਣ ਤਹਿਤ ਪ੍ਰਚਾਰਕਾਂ ਨੇ ਭਰਵਾਂ ਸਹਿਯੋਗ ਦਿੱਤਾ। ਨਗਰ ਕੀਰਤਨ ਕਮੇਟੀ ਦੀ ਵਿਉਂਤਬੰਦੀ 'ਤੇ ਭਾਈ ਲੌਂਗੋਵਾਲ ਦੇ ਆਦੇਸ਼ਾਂ ਤਹਿਤ ਵੱਖ-ਵੱਖ ਸੂਬਿਆਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸੱਦਾ ਦਿੱਤਾ ਗਿਆ। ਉਲੇਖਯੋਗ ਹੈ ਕਿ ਸਬ-ਕਮੇਟੀ ਦੇ ਮੁਖੀ ਜਥੇਦਾਰ ਤੋਤਾ ਸਿੰਘ ਨੇ ਕੌਮੀ ਭਾਵਨਾ ਤਹਿਤ ਵਿਸ਼ੇਸ਼ ਦਿਲਚਸਪੀ ਨਾਲ ਆਪਣੀ ਜ਼ਿੰਮੇਵਾਰੀ ਨੂੰ ਬਾਖ਼ੂਬੀ ਨਿਭਾਇਆ।

ਇਸ ਇਤਿਹਾਸਕ ਨਗਰ ਕੀਰਤਨ ਦੌਰਾਨ ਭਾਰਤ ਦੇ ੧੭ ਸੂਬਿਆਂ ਅੰਦਰ ਸੰਗਤ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਤਮਸਤਕ ਹੋਣ ਸਮੇਂ ੧੦ ਕਰੋੜ ੧੩ ਲੱਖ ਰੁਪਏ ਦੇ ਕਰੀਬ ਚੜ੍ਹਾਏ ਗਏ, ਜਦਕਿ ਸਾਰੇ ਨਗਰ ਕੀਰਤਨ ਦੌਰਾਨ ੧ ਕਰੋੜ ੭੩ ਲੱਖ ਰੁਪਏ ਦੇ ਕਰੀਬ ਖ਼ਰਚਾ ਹੋਇਆ। ਨਗਰ ਕੀਰਤਨ ਦੌਰਾਨ ਸੰਗਤ ਵੱਲੋਂ ਗੱਡੀਆਂ ਦੀ ਰਿਪੇਅਰ, ਤੇਲ ਅਤੇ ਸੰਗਤ ਦੀ ਰਿਹਾਇਸ਼ ਆਦਿ ਦੀ ਵੀ ਲਾ-ਮਿਸਾਲ ਸੇਵਾ ਕੀਤੀ ਗਈ। ਇਸ ਤੋਂ ਇਲਾਵਾ ਸੰਗਤ ਨੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕਰਦਿਆਂ ਸੋਨਾ, ਚਾਂਦੀ

ਅਤੇ ਵਿਦੇਸ਼ੀ ਕਰੰਸੀ ਆਦਿ ਚੜ੍ਹਾਅ ਕੇ ਵੀ ਸ਼ਰਧਾ ਪ੍ਰਗਟਾਈ।

ਇਤਿਹਾਸ ਅੰਦਰ ਦੇਸ਼ ਵੰਡ ਤੋਂ ਬਾਅਦ ਪਹਿਲੀ ਵਾਰ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਤੋਂ ਆਏ ਇਸ ਨਗਰ ਕੀਰਤਨ ਨੇ ਦੋਵਾਂ ਦੇਸ਼ਾਂ ਦੇ ਲੋਕਾਂ ਅੰਦਰ ਮਿਲਵਰਤਨ ਦਾ ਚਾਅ ਪੈਦਾ ਕੀਤਾ। ਵੱਖ-ਵੱਖ ਧਰਮਾਂ ਦੇ ਲੋਕਾਂ ਵੱਲੋਂ ਇਸ ਇਤਿਹਾਸਕ ਨਗਰ ਕੀਰਤਨ ਦਾ ਸ਼ਰਧਾ ਸਤਿਕਾਰ ਨਾਲ ਕੀਤਾ ਗਿਆ ਸਵਾਗਤ ਵੀ ਆਪਸੀ ਭਾਈਚਾਰੇ ਦੀ ਮਿਸਾਲ ਸੀ। ਸ੍ਰੀ ਗੁਰੂ ਨਾਨਕ ਸਾਹਿਬ ਜੀ ਨੇ ਅੰਧਕਾਰ ਵਿਚ ਫਸੀ ਮਨੁੱਖਤਾ ਨੂੰ ਸਰਬਸਾਂਝਾ ਉਪਦੇਸ਼ ਕੀਤਾ। ਉਨ੍ਹਾਂ ਦੇ ਜਨਮ ਅਸਥਾਨ ਤੋਂ ਆਰੰਭ ਹੋਇਆ ਇਹ ਇਤਿਹਾਸਕ ਅੰਤਰਰਾਸ਼ਟਰੀ ਨਗਰ ਕੀਰਤਨ ਸੰਗਤਾਂ ਨੂੰ ਆਪਸੀ ਸਦਭਾਵਨਾ ਤੇ ਭਾਈਚਾਰੇ ਦਾ ਉਪਦੇਸ਼ ਦਿੰਦਾ ਹੋਇਆ ਸੁਲਤਾਨਪੁਰ ਲੋਧੀ ਵਿਖੇ ਸੰਪੂਰਨ ਹੋਇਆ। ਸੋ ਆਓ, ਇਸ ਵਿਸ਼ਾਲ ਨਗਰ ਕੀਰਤਨ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਮੌਕੇ ਗੁਰੂ ਸਾਹਿਬ ਦੇ ਸਿਧਾਂਤਾਂ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ ਪ੍ਰਤੀ ਚੇਤਨਤਾ ਦੀ ਲਹਿਰ ਨੂੰ ਨਿਰੰਤਰ ਜਾਰੀ ਰੱਖਣ ਵਿਚ ਆਪੋ-ਆਪਣਾ ਯੋਗਦਾਨ ਪਾਈਏ। ■


**ਧਰਮ ਪ੍ਰਚਾਰ ਕਮੇਟੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀਆਂ ਪ੍ਰਕਾਸ਼ਨਾਵਾਂ ਹੇਠ ਲਿਖੇ ਸਥਾਨਾਂ ਤੋਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ।**

* ਮੁੱਖ ਪ੍ਰਵੇਸ਼ ਦੁਆਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਚੌਂਕ ਘੰਟਾ-ਘਰ, ਸ੍ਰੀ ਅੰਮ੍ਰਿਤਸਰ।
* ਸ੍ਰੀ ਗੁਰੂ ਅਰਜਨ ਦੇਵ ਨਿਵਾਸ, ਸ੍ਰੀ ਅੰਮ੍ਰਿਤਸਰ।
* ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦ, ਸ੍ਰੀ ਅੰਮ੍ਰਿਤਸਰ।
* ਗੁਰਦੁਆਰਾ ਪਾ: ੯ਵੀਂ ਬਾਬਾ ਬਕਾਲਾ (ਅੰਮ੍ਰਿਤਸਰ)।
* ਗੁਰਦੁਆਰਾ ਪਾ: ੬ਵੀਂ ਛੇਹਰਟਾ ਸਾਹਿਬ (ਅੰਮ੍ਰਿਤਸਰ)।
* ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ, ਠੱਠਾ (ਤਰਨ ਤਾਰਨ)।
* ਸ੍ਰੀ ਦਰਬਾਰ ਸਾਹਿਬ, ਤਰਨ ਤਾਰਨ।
* ਗੁਰਦੁਆਰਾ ਸ੍ਰੀ ਗੋਇੰਦਵਾਲ ਸਾਹਿਬ (ਤਰਨ ਤਾਰਨ)।
* ਗੁਰਦੁਆਰਾ ਕੰਧ ਸਾਹਿਬ, ਬਟਾਲਾ (ਗੁਰਦਾਸਪੁਰ)।
* ਗੁਰਦੁਆਰਾ ਗਰਨਾ ਸਾਹਿਬ, ਬੋਦਲ (ਹੁਸ਼ਿਆਰਪੁਰ)।
* ਗੁਰਦੁਆਰਾ ਸੰਗ ਢੇਸੀਆਂ (ਜਲੰਧਰ)।
* ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ (ਕਪੂਰਥਲਾ)।
* ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ।
* ਗੁਰਦੁਆਰਾ ਭੱਠਾ ਸਾਹਿਬ, ਰੋਪੜ।
* ਗੁਰਦੁਆਰਾ ਸ੍ਰੀ ਚਮਕੌਰ ਸਾਹਿਬ (ਰੋਪੜ)।
* ਗੁਰਦੁਆਰਾ ਮੰਜੀ ਸਾਹਿਬ, ਆਲਮਗੀਰ (ਲੁਧਿਆਣਾ)।
* ਗੁਰਦੁਆਰਾ ਸ੍ਰੀ ਦੇਗਸਰ, ਕਟਾਣਾ (ਲੁਧਿਆਣਾ)।
* ਗੁਰਦੁਆਰਾ ਮੰਜੀ ਸਾਹਿਬ, ਕੋਟਾਂ (ਲੁਧਿਆਣਾ)।
* ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ, ਰਾਏਕੋਟ (ਲੁਧਿਆਣਾ)।
* ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ।
* ਗੁਰਦੁਆਰਾ ਦੂਖ ਨਿਵਾਰਨ ਸਾਹਿਬ, ਪਟਿਆਲਾ।
* ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ, ਸੰਗਰੂਰ।
* ਗੁਰਦੁਆਰਾ ਬਾਬਾ ਗਾਂਧਾ ਸਿੰਘ, ਬਰਨਾਲਾ।
* ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ)।
* ਗੁਰਦੁਆਰਾ ਪਾ: ੧੦ਵੀਂ, ਹਾਜੀ ਰਤਨ, ਬਠਿੰਡਾ।
* ਸ੍ਰੀ ਦਰਬਾਰ ਸਾਹਿਬ, ਮੁਕਤਸਰ।
* ਗੁਰਦੁਆਰਾ ਸ੍ਰੀ ਨਾਢਾ ਸਾਹਿਬ, ਪੰਚਕੂਲਾ (ਹਰਿਆਣਾ)।

# ਗੁਰੂ ਨਾਨਕ ਨਾਮ ਲੇਵਾ ਭਾਈਚਾਰਿਆਂ ਨੂੰ ਸਿੱਖੀ ਦੀ ਮੁੱਖ ਧਾਰਾ 'ਚ ਲਿਆਉਣ ਦੇ ਯਤਨ ਸ਼ਲਾਘਾਯੋਗ

*-ਸ. ਤਲਵਿੰਦਰ ਸਿੰਘ ਬੁੱਟਰ**

ਵਿਸ਼ਵ 'ਚ ਵੱਖ-ਵੱਖ ਧਰਮਾਂ ਦੇ ਅਨੇਕਾਂ ਰਹਿਬਰ, ਨਬੀ, ਗੁਰੂ, ਪੈਗੰਬਰ ਅਤੇ ਰਾਹ-ਦਸੇਰੇ ਸਮੇਂ-ਸਮੇਂ ਧਰਮ, ਸਮਾਜ ਅਤੇ ਮਨੁੱਖਤਾ ਨੂੰ ਸਚਿਆਰਤਾ ਦੇ ਮਾਰਗ 'ਤੇ ਤੋਰਨ ਲਈ ਆਏ, ਪਰ ਜੇਕਰ ਕਿਸੇ ਧਰਮ ਦੇ ਪੈਗੰਬਰ, ਗੁਰੂ ਅਤੇ ਰਹਿਬਰ ਨੂੰ 'ਵਿਸ਼ਵ ਰਹਿਬਰ' ਹੋਣ ਦਾ ਰੁਤਬਾ ਹਾਸਲ ਹੈ ਤਾਂ ਉਹ ਸਿਰਫ਼ ਸ੍ਰੀ ਗੁਰੂ ਨਾਨਕ ਦੇਵ ਜੀ ਹੀ ਹੋਏ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਭ ਤੋਂ ਵੱਡਾ ਅਤੇ ਮੁੱਖ ਉਪਦੇਸ਼ ਰੱਬੀ ਏਕਤਾ ਅਤੇ ਮਨੁੱਖੀ ਬਰਾਬਰਤਾ ਵਾਲੇ ਸਮਾਜ ਦਾ ਸੰਕਲਪ ਸੀ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਦੇਸ਼ ਸਮੁੱਚੀ ਰੱਬੀ ਰਚਨਾ ਸੀ ਅਤੇ ਕੌਮ ਸਾਰਾ ਸੰਸਾਰ ਸੀ। ਉਨ੍ਹਾਂ ਨੇ ਬ੍ਰਹਿਮੰਡ ਦੇ ਸਾਰੇ ਖੰਡਾਂ ਵਿਚ ਜਾ ਕੇ ਚਾਰ ਉਦਾਸੀਆਂ (ਧਰਮ ਪ੍ਰਚਾਰ ਯਾਤਰਾਵਾਂ) ਦੇ ਰੂਪ 'ਚ ਹਜ਼ਾਰਾਂ ਮੀਲ ਪੈਦਲ ਸਫ਼ਰ ਕਰਕੇ ਨਿਰਮਲ ਪੰਥ ਦੀ ਨੀਂਹ ਧਰੀ। ਭਾਈ ਗੁਰਦਾਸ ਜੀ ਵੀ ਪਹਿਲੀ ਪਾਤਿਸ਼ਾਹੀ ਦੇ ਵਿਸ਼ਵ ਵਿਆਪੀ ਰੱਬੀ ਮਨੋਰਥ ਦੀ ਗਵਾਹੀ ਇਉਂ ਭਰਦੇ ਹਨ;

*ਬਾਬੇ ਭੇਖ ਬਣਾਇਆ ਉਦਾਸੀ ਕੀ ਰੀਤਿ ਚਲਾਈ॥*
*ਚੜ੍ਹਿਆ ਸੋਧਣਿ ਧਰਤਿ ਲੁਕਾਈ॥ (ਵਾਰ ੧, ਪਉੜੀ ੨੪/੮)*

ਇਹੀ ਕਾਰਨ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਸਿਰਫ਼ ਸਿੱਖ ਧਰਮ ਦੇ ਹੀ ਬਾਨੀ ਨਹੀਂ ਹਨ, ਬਲਕਿ ਉਨ੍ਹਾਂ ਨੂੰ ਦੁਨੀਆ ਦੇ ਹਰ ਕੋਨੇ ਦੇ ਲੋਕ ਆਪੋ-ਆਪਣੇ ਅਕੀਦੇ ਮੁਤਾਬਕ ਮੰਨਦੇ ਹਨ। ਦੁਨੀਆ ਦੇ ਅਨੇਕਾਂ ਦੇਸ਼ਾਂ 'ਚ ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਵੱਖ-ਵੱਖ ਨਾਵਾਂ ਨਾਲ ਪੂਜਿਆ ਜਾਂਦਾ ਹੈ। ਸ੍ਰੀਲੰਕਾ 'ਚ ਨਾਨਕਚਾਰੀਆ, ਤਿੱਬਤ 'ਚ ਨਾਨਕ ਲਾਮਾ, ਸਿੱਕਮ ਤੇ ਭੂਟਾਨ 'ਚ ਗੁਰੂ ਰਿੰਪੋਚੀਆ, ਮੱਕਾ 'ਚ ਵਲੀ ਹਿੰਦ, ਰੂਸ 'ਚ ਨਾਨਕ ਕਦਾਮਦਰ, ਇਰਾਕ 'ਚ ਬਾਬਾ ਨਾਨਕ, ਨੇਪਾਲ 'ਚ ਨਾਨਕ ਰਿਸ਼ੀ, ਬਗ਼ਦਾਦ 'ਚ ਨਾਨਕ ਪੀਰ, ਮਿਸਰ 'ਚ ਨਾਨਕ ਵਲੀ ਅਤੇ ਚੀਨ 'ਚ ਬਾਬਾ ਫੂਸਾ ਦੇ ਨਾਵਾਂ ਨਾਲ ਚੇਤੇ ਕੀਤਾ ਜਾਂਦਾ ਹੈ।

ਸਿੱਖ ਧਰਮ ਸਚਿਆਰ ਮਨੁੱਖ ਦੀ ਸਿਰਜਣਾ ਦਾ ਇਕ ਆਦਰਸ਼ਕ ਅਮਲ ਸੀ, ਜੋ ਕਿ ੨੩੯ ਸਾਲਾਂ ਦੇ ਲੰਬੇ ਸਫ਼ਰ ਤੋਂ ਬਾਅਦ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਲੋਂ ਖ਼ਾਲਸਾ ਸਾਜਨਾ ਦੇ ਨਾਲ ਸੰਪੂਰਨ ਹੋਇਆ ਸੀ। ਸਿੱਖੀ ਦੇ ਕੇਂਦਰ ਜਾਂ ਕਹਿ ਲਓ ਕਿ ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਦੀ ਪਹੁੰਚ ਤੋਂ ਦੂਰ ਰਹਿ ਗਏ ਕਰੋੜਾਂ ਲੋਕ ਉਹ ਵੀ ਹਨ, ਜਿਹੜੇ ਖ਼ਾਲਸਾ ਪੰਥ ਦਾ ਅੰਗ ਬਣ ਕੇ ਸਿੱਖੀ ਦੀ ਮੁਕੰਮਲਤਾ ਦਾ ਹਿੱਸਾ ਤਾਂ ਨਹੀਂ ਬਣ ਸਕੇ, ਪਰ ਉਹ ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਮੰਨਦੇ ਹਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਅੱਜ ਵੀ ਆਪਣਾ ਅਕੀਦਾ ਧਾਰਦੇ ਹਨ। ਇਹ ਲੋਕ 'ਗੁਰੂ ਨਾਨਕ ਨਾਮ ਲੇਵਾ' ਸਦਾਉਂਦੇ ਹਨ। ਸਿੱਖਾਂ ਦੀ ਗਿਣਤੀ ਭਾਵੇਂ ਪੂਰੀ ਦੁਨੀਆ 'ਚ ਦੋ ਕਰੋੜ ਦੇ ਲਗਪਗ ਮੰਨੀ ਜਾਂਦੀ ਹੈ ਪਰ 'ਗੁਰੂ ਨਾਨਕ ਨਾਮ ਲੇਵਾ' ਵਿਸ਼ਵ 'ਚ ਸਵਾ ੧੪ ਕਰੋੜ ਦੇ ਲਗਪਗ ਵੱਸਦੇ ਹਨ। ਇਨ੍ਹਾਂ ਵਿਚ ਉਦਾਸੀ, ਨਿਰਮਲੇ, ਸੇਵਾਪੰਥੀ, ਸਿਕਲੀਗਰ, ਵਣਜਾਰੇ, ਸਿੰਧੀ, ਅਫ਼ਗਾਨੀ, ਖੋਸਤੀ, ਜੌਹਰੀ, ਮਰਦਾਨੇ-ਕੇ, ਲਾਮੇ, ਅਸਾਮੀ,

*ਸ਼ਹੀਦ ਬਾਬਾ ਦੀਪ ਸਿੰਘ ਜੀ ਕਲੋਨੀ, ਸ੍ਰੀ ਦਸਮੇਸ਼ ਅਕੈਡਮੀ ਰੋਡ, ਸ੍ਰੀ ਅਨੰਦਪੁਰ ਸਾਹਿਬ।

ਬਿਹਾਰੀ, ਥਾਰੂ ਅਤੇ ਸਤਨਾਮੀਏ ਆਦਿ ਸ਼ਾਮਲ ਹਨ।

'ਗੁਰੂ ਨਾਨਕ ਨਾਮ ਲੇਵਾ' ਸਮੂਹ ਭਾਈਚਾਰਿਆਂ/ ਕਬੀਲਿਆਂ ਨੇ ਪਿਛਲੇ ੫੫੦ ਸਾਲਾਂ 'ਚ ਆਪਣੇ ਅਕੀਦੇ ਨੂੰ ਨਿਭਾਉਂਦਿਆਂ ਅਨੇਕਾਂ ਦੁਸ਼ਵਾਰੀਆਂ, ਸਮੱਸਿਆਵਾਂ ਅਤੇ ਔਕੜਾਂ ਦਾ ਸਿੱਦਕਦਿਲੀ ਨਾਲ ਸਾਹਮਣਾ ਵੀ ਕੀਤਾ ਪਰ ਇਹ ਸਿੱਖ ਪੰਥ ਦੀ ਮੁੱਖ ਧਾਰਾ ਤੋਂ ਅਣਗੌਲੇ ਹੀ ਰਹੇ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਵਿਸ਼ਵ ਪੱਧਰ 'ਤੇ ਮਨਾਉਂਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਮੁੱਖ ਸਕੱਤਰ ਡਾ. ਰੂਪ ਸਿੰਘ ਦੇ ਵਿਚਾਰ ਅਨੁਸਾਰ 'ਗੁਰੂ ਨਾਨਕ ਨਾਮ ਲੇਵਾ' ਨੂੰ ਵੀ ਸਿੱਖ ਪੰਥ ਦਾ ਹਿੱਸਾ ਹੋਣ ਦੇ ਮਾਣ ਦਿਵਾਉਣ ਲਈ ੧੦ ਅਕਤੂਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ 'ਗੁਰੂ ਨਾਨਕ ਨਾਮ ਲੇਵਾ' ਦਾ ਇਕ ਸੰਮੇਲਨ ਬੁਲਾਇਆ ਗਿਆ। ਇਨ੍ਹਾਂ ਅਣਗੌਲੇ ਹੋਏ ਭਾਈਚਾਰਿਆਂ ਦੀਆਂ ਦੁੱਖ-ਤਕਲੀਫ਼ਾਂ ਸੁਣਦਿਆਂ ਉਨ੍ਹਾਂ ਨੂੰ ਵੀ ਸਿੱਖ ਸਮਾਜ ਦਾ ਅੰਗ ਹੋਣ ਦਾ ਮਾਣ ਦਿੱਤਾ ਗਿਆ।

'ਗੁਰੂ ਨਾਨਕ ਨਾਮ ਲੇਵਾ' ਦੀ ਪਹਿਲੀ ਵਿਸ਼ਵ ਕਾਨਫਰੰਸ ੧੪-੧੫ ਅਕਤੂਬਰ ੧੯੩੪ ਨੂੰ ਲੁਧਿਆਣਾ ਜ਼ਿਲ੍ਹੇ ਦੇ ਭੈਣੀ ਵਿਖੇ ਕਰਵਾਈ ਗਈ ਸੀ, ਜਿਸ ਦੀ ਪ੍ਰਧਾਨਗੀ ਸ. ਅਰਜਨ ਸਿੰਘ ਬਾਗੜੀਆਂ ਨੇ ਕੀਤੀ ਸੀ। ਇਸ ਕਾਨਫਰੰਸ 'ਚ ਸਿੱਖ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵਿਚ ਭਾਈ ਕਾਨ੍ਹ ਸਿੰਘ ਨਾਭਾ, ਪ੍ਰਿੰ. ਤੇਜਾ ਸਿੰਘ, ਪ੍ਰਿੰ. ਗੰਗਾ ਸਿੰਘ, ਸ. ਸੁੰਦਰ ਸਿੰਘ ਮਜੀਠੀਆ, ਗਿਆਨੀ ਸ਼ੇਰ ਸਿੰਘ, ਭਾਈ ਜੋਧ ਸਿੰਘ, ਸ਼੍ਰੋਮਣੀ ਅਕਾਲੀ ਦਲ, ਚੀਫ਼ ਖ਼ਾਲਸਾ ਦੀਵਾਨ ਅਤੇ ਬੁੱਢਾ ਦਲ ਵਰਗੀਆਂ ਜਥੇਬੰਦੀਆਂ ਦੇ ਨੁਮਾਇੰਦੇ ਵੀ ਸ਼ਾਮਲ ਹੋਏ ਅਤੇ ਵੱਖ-ਵੱਖ ਹਿੱਸਿਆਂ ਤੋਂ ਆਏ 'ਗੁਰੂ ਨਾਨਕ ਨਾਮ ਲੇਵਾ' ਦੇ ਪ੍ਰਤੀਨਿਧਾਂ ਦੀ ਹਾਜ਼ਰੀ 'ਚ ਇਕ ਮਤਾ ਪਾਸ ਕੀਤਾ ਗਿਆ ਕਿ, 'ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਮੰਨਣ ਵਾਲੀਆਂ ਸਭ ਸੰਪਰਦਾਵਾਂ ਆਪਣੇ ਅਸੂਲਾਂ ਦਾ ਪ੍ਰਚਾਰ ਕਰਦੇ ਸਮੇਂ ਇਕ ਦੂਜੇ ਦੇ ਸਿਧਾਂਤਾਂ ਨੂੰ ਖੰਡਨ ਕਰਨ ਦੀ ਪਰਪਾਟੀ ਬੰਦ ਕਰਨ।' ਇਸ ਕਾਨਫਰੰਸ ਦੇ ਨਤੀਜੇ ਵਜੋਂ ਸਿੱਖ ਪੰਥ ਨਾਲ ਇਨ੍ਹਾਂ 'ਗੁਰੂ ਨਾਨਕ ਨਾਮ ਲੇਵਾ' ਭਾਈਚਾਰਿਆਂ ਦੀ ਸਾਂਝ ਗੂੜ੍ਹੀ ਹੋਈ। ਇਕ ਦੂਜੇ ਨੂੰ ਸਮਝਣ ਅਤੇ ਸਿੱਖਣ ਦਾ ਮੌਕਾ ਮਿਲਿਆ ਅਤੇ ਪੰਥਕ ਏਕਤਾ ਜਲਵਾਗਰ ਹੋਈ ਸੀ। ਪਰ ਉਸ ਤੋਂ ਬਾਅਦ ਲਗਭਗ ਪੌਣੀ ਸਦੀ ਤੋਂ ਵੱਧ ਸਮੇਂ ਦਰਮਿਆਨ ਇਨ੍ਹਾਂ ਭਾਈਚਾਰਿਆਂ ਨਾਲ ਲੋੜੀਂਦੀ ਸਾਂਝ ਅਤੇ ਰਾਬਤੇ ਦੀ ਘਾਟ ਕਾਰਨ ਅੱਜ ਲੱਖਾਂ ਵਣਜਾਰੇ, ਸਿਕਲੀਗਰ ਅਤੇ ਹੋਰ 'ਗੁਰੂ ਨਾਨਕ ਨਾਮ ਲੇਵਾ' ਸਿੱਖੀ ਮੂਲ ਧਾਰਾ ਤੋਂ ਅਛੋਪਲੇ ਦੂਰ ਜਾ ਰਹੇ ਹਨ। ਇਕ ਦੂਜੇ ਨਾਲ ਗੁਣਾਂ ਦੀ ਸਾਂਝ ਰੱਖਣ ਦੀ ਬਜਾਇ, ਇਕ ਦੂਜੇ ਦੀਆਂ ਮਰਯਾਦਾਵਾਂ, ਪਰੰਪਰਾਵਾਂ ਦੇ ਖੰਡਨ ਕਾਰਨ ਆਪਸ ਵਿਚ ਦੂਰੀਆਂ ਅਤੇ ਵਿਰੋਧਤਾਈਆਂ ਵਧੀਆਂ ਅਤੇ ਸਿੱਟੇ ਵਜੋਂ ਸਮੁੱਚਾ 'ਗੁਰੂ ਨਾਨਕ ਨਾਮ ਲੇਵਾ' ਸਿੱਖ ਜਗਤ ਏਕਤਾ ਦੇ ਸੂਤਰ ਵਿਚ ਬੱਝਣ ਦੀ ਬਜਾਇ ਧੜੇਬੰਦੀਆਂ ਵਿਚ ਵੰਡਿਆ ਗਿਆ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਮੌਕੇ ਸਮੁੱਚੇ 'ਗੁਰੂ ਨਾਨਕ ਨਾਮ ਲੇਵਾ' ਜਗਤ ਨੂੰ ਮੁੜ ਇਕ ਮੰਚ 'ਤੇ ਇਕੱਤਰ ਕਰਨ ਦੀ ਦਿਸ਼ਾ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ 'ਗੁਰੂ ਨਾਨਕ ਨਾਮ ਲੇਵਾ' ਦਾ ਸੰਮੇਲਨ ਇਕ ਸਾਰਥਿਕ ਪਹਿਲ ਹੈ।

'ਗੁਰੂ ਨਾਨਕ ਨਾਮ ਲੇਵਾ' ਭਾਈਚਾਰਿਆਂ 'ਚ ਪ੍ਰਮੁੱਖ ਕਬੀਲਾ ਵਣਜਾਰਿਆਂ ਦਾ ਹੈ, ਜੋ ਸਮੁੱਚੇ ਦੱਖਣੀ ਭਾਰਤ ਵਿਚ ਸਭ ਤੋਂ ਵੱਧ ਫੈਲਿਆ ਹੋਇਆ ਹੈ। ਇਨ੍ਹਾਂ ਦੀ ਗਿਣਤੀ ੫ ਕਰੋੜ ਦੇ ਲਗਪਗ ਮੰਨੀ ਜਾਂਦੀ ਹੈ। ਇਸ ਬਹਾਦਰ ਕਬੀਲੇ ਵਿਚੋਂ ਮੁਗ਼ਲਾਂ ਦੇ ਭੇਜੇ ਖ਼ੂਨੀ ਹਾਥੀਆਂ ਦੇ ਮੂੰਹ ਮੋੜਣ ਵਾਲੇ ਯੋਧੇ ਭਾਈ ਬਚਿਤਰ ਸਿੰਘ, ਦੇਗਾਂ 'ਚ ਉਬਾਲੇ ਜਾਣ ਵਾਲੇ ਭਾਈ ਦਿਆਲਾ, ਬੰਦ-ਬੰਦ ਕਟਵਾਉਣ ਵਾਲੇ ਭਾਈ ਮਨੀ ਸਿੰਘ, ਪੁੱਠੀਆਂ ਖਲਾਂ ਲੁਹਾਉਣ ਵਾਲੇ ਭਾਈ ਜਗਤ ਸਿੰਘ ਵਰਗੇ ਸਿੱਖ ਸ਼ਹੀਦ ਹੋਏ ਹਨ। ਘੁੰਮ-ਫਿਰ ਕੇ ਵਣਜ-ਵਪਾਰ ਕਰਨ ਕਰਕੇ ਇਸ ਭਾਈਚਾਰੇ ਨੂੰ 'ਵਣਜਾਰੇ' ਕਿਹਾ ਜਾਂਦਾ ਹੈ। ਭਾਰਤ 'ਚ ਪਿਛਲੇ ਦਹਾਕਿਆਂ

ਦੌਰਾਨ ਇਸਾਈਅਤ ਦੀ ਲਹਿਰ ਨੇ ਇਨ੍ਹਾਂ ਦੀ ਗ਼ਰੀਬੀ ਦਾ ਫਾਇਦਾ ਚੁੱਕਣ ਦੀ ਕੋਸ਼ਿਸ਼ ਕੀਤੀ ਪਰ ਇਨ੍ਹਾਂ ਨੇ ਅਣਗੌਲੇ ਹੋਣ ਦੇ ਬਾਵਜੂਦ ਸਿੱਖੀ ਨਹੀਂ ਛੱਡੀ। ਗੁਰੂ ਨਾਨਕ ਦੇ ਦਰ ਪ੍ਰਤੀ ਸਮਰਪਣ ਭਾਵਨਾ ਪ੍ਰਗਟ ਕਰਨ ਲਈ ਇਨ੍ਹਾਂ ਵਿਚ ਇਕ ਨਾਅਰਾ ਪ੍ਰਚਲਿਤ ਹੈ, 'ਜਿਸ ਘਰ ਨਾਨਕ ਪੂਜਾ, ਤਿਸ ਘਰ ਦੇਉ ਨ ਦੂਜਾ।' ਇਨ੍ਹਾਂ ਵਿਚ ਭਾਈਚਾਰਕ ਅਸੂਲ ਵੇਖਣਯੋਗ ਹਨ। ਦੋ ਧੜਿਆਂ ਵਿਚ ਲੜਾਈ ਹੋ ਰਹੀ ਹੋਵੇ ਅਤੇ ਅਰਦਾਸੀਆ ਗੁਰੂ ਨਾਨਕ ਦੀ ਅਰਦਾਸ ਕਰ ਦੇਵੇ ਤਾਂ ਦੋਵੇਂ ਧੜ੍ਹੇ ਲੜਾਈ ਅੱਧਵਾਟੇ ਛੱਡ ਕੇ ਆਪੋ-ਆਪਣੇ ਘਰਾਂ ਨੂੰ ਤੁਰ ਜਾਂਦੇ ਹਨ। ਮੁੰਡੇ ਦਾ ਵਿਆਹ ਪਗੜੀ ਵਿਚ ਗੁਰੂ ਨਾਨਕ ਦੇ ਨਾਮ ਦਾ ਰੁਪਈਆ ਬੰਨ੍ਹੇ ਬਗੈਰ ਨਹੀਂ ਕਰਦੇ। ਵਿਆਂਹਦੜ ਕੁੜੀ ਗੁਰੂ ਨਾਨਕ ਸਾਹਿਬ ਦੇ ਨਾਮ ਦਾ ਚੂੜਾ ਪਹਿਨਦੀ ਹੈ। ਇਹ ਬੜੇ ਮਾਣ ਨਾਲ ਕਹਿੰਦੇ ਹਨ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਧੜ ਦਾ ਸਸਕਾਰ ਲੱਖੀ ਸਾਹ ਵਣਜਾਰੇ ਨੇ ਕੀਤਾ ਸੀ, ਇਸ ਕਰਕੇ ਅੱਧੀ ਸਿੱਖੀ ਤਾਂ ਸਾਡੀ ਹੈ। ਅੱਜ ੯੦ ਫ਼ੀਸਦੀ ਵਣਜਾਰੇ ਗਰੀਬੀ ਰੇਖਾ ਤੋਂ ਹੇਠਾਂ ਜੀਵਨ ਜੀਉਂਦੇ ਹਨ।

ਸਿਕਲੀਗਰ ਸਿੱਖ ਸਿਰੜ ਅਤੇ ਸਿੱਦਕ 'ਚ ਸਭ ਤੋਂ ਅੱਗੇ ਹਨ। ਇਹ ਗੁਰੂ ਸਾਹਿਬਾਨ ਵੇਲੇ ਸਰਬਲੋਹ ਦੇ ਸ਼ਸਤਰ ਤਿਆਰ ਕਰਨ ਦੀ ਸੇਵਾ ਕਰਦੇ ਸਨ। ਅੰਗਰੇਜ਼ ਸਾਮਰਾਜ ਵੇਲੇ ਸਿਕਲੀਗਰਾਂ ਦੇ ਹਥਿਆਰ ਬਣਾਉਣ 'ਤੇ ਪਾਬੰਦੀ ਲੱਗ ਗਈ ਤੇ ਇਨ੍ਹਾਂ ਨੂੰ ਅਪਰਾਧੀ ਕਬੀਲਾ ਕਰਾਰ ਦਿੱਤਾ ਗਿਆ। ਗੁਜ਼ਾਰੇ ਲਈ ਇਹ ਟਿਕਾਣੇ ਛੱਡ ਕੇ ਗੱਡੀਆਂ ਉਪਰ ਘੁੰਮਣ ਲੱਗੇ ਤੇ ਤਸਲੇ, ਬਾਲਟੀਆਂ, ਖੁਰਪੀਆਂ, ਰੰਬੇ ਤੇ ਹੋਰ ਘਰੇਲੂ/ ਖੇਤੀ ਦਾ ਛੋਟਾ-ਮੋਟਾ ਸਮਾਨ ਬਣਾਉਣ ਲੱਗੇ। ਪੰਜਾਬੋਂ ਬਾਹਰ ਸਿਕਲੀਗਰ ਵੱਡੀ ਗਿਣਤੀ 'ਚ ਮਹਾਂਰਾਸ਼ਟਰ, ਆਂਧਰਾ, ਮੱਧ ਪ੍ਰਦੇਸ਼, ਕਰਨਾਟਕ, ਗੁਜਰਾਤ ਅਤੇ ਮੱਧ ਪ੍ਰਦੇਸ਼ ਵਿਚ ਵੱਸਦੇ ਹਨ। ਗ਼ਰੀਬੀ ਅਤੇ ਅਣਗੌਲੇਪਨ ਕਾਰਨ ਅੱਜ ਸਿਕਲੀਗਰ ਸਿੱਖੀ ਤੋਂ ਦੂਰ ਜਾ ਰਹੇ ਹਨ। 'ਗੁਰੂ ਨਾਨਕ ਨਾਮ ਲੇਵਾ' ਭਾਈਚਾਰਿਆਂ ਵਿਚੋਂ ਸਿਕਲੀਗਰ ਅਜਿਹਾ ਭਾਈਚਾਰਾ ਹੈ, ਜਿਸ ਨੂੰ ਸ਼੍ਰੋਮਣੀ ਕਮੇਟੀ ਵਲੋਂ ਸਮੇਂ-ਸਮੇਂ ਸਭ ਤੋਂ ਵੱਧ ਸਹਾਇਤਾ ਦਿੱਤੀ ਜਾਂਦੀ ਰਹੀ ਹੈ। ਇਸ ਮਨੋਰਥ ਲਈ ਸ਼੍ਰੋਮਣੀ ਕਮੇਟੀ ਆਪਣੇ ਬਜਟ 'ਚ ਸਿਕਲੀਗਰ ਸਿੱਖਾਂ ਦੀ ਸਹਾਇਤਾ ਲਈ ਰਾਖ਼ਵਾਂ ਫੰਡ ਰੱਖਦੀ ਹੈ।

ਸਤਿਨਾਮੀਏ ੨ ਕਰੋੜ ਦੀ ਵੱਡੀ ਗਿਣਤੀ 'ਚ ਛੱਤੀਸਗੜ੍ਹ, ਝਾੜਖੰਡ, ਬੰਗਾਲ ਆਦਿ ਸੂਬਿਆਂ 'ਚ ਰਹਿੰਦੇ ਹਨ। ਇਨ੍ਹਾਂ ਬਾਰੇ ਸਿੱਖ ਸਮਾਜ ਅਨਜਾਣ ਹੈ। ਜਦੋਂ ਔਰੰਗਜ਼ੇਬ ਨੇ ਗ਼ੈਰ ਮੁਸਲਮਾਨਾਂ 'ਤੇ ਜਜ਼ੀਆ ਲਾਉਣ ਅਤੇ ਮੰਦਰਾਂ ਨੂੰ ਢਾਹੁਣ ਦੇ ਫ਼ਰਮਾਨ ਕੀਤੇ ਸਨ ਤਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਆਦੇਸ਼ਾਂ 'ਤੇ ਇਨ੍ਹਾਂ ਲੋਕਾਂ ਨੇ ਬਾਦਸ਼ਾਹ ਔਰੰਗਜ਼ੇਬ ਨਾਲ ਭਰਵੀਂ ਟੱਕਰ ਲਈ ਤੇ ਬਗਾਵਤ ਕਰਕੇ ਅਜੋਕੇ ਦੱਖਣੀ ਹਰਿਆਣਾ ਤੇ ਉੱਤਰੀ ਰਾਜਸਥਾਨ ਦੇ ਪੂਰੇ ਇਲਾਕੇ 'ਤੇ ਚੋਖਾ ਸਮਾਂ ਕਬਜ਼ਾ ਜਮਾਈ ਰੱਖਿਆ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਸ ਇਲਾਕੇ ਦੀ ਫੇਰੀ ਦੌਰਾਨ 'ਸਤਿਨਾਮ' ਦੇ ਹੋਕੇ ਨਾਲ ਜੁੜੇ ਇਹ ਲੋਕ 'ਸਤਿਨਾਮੀਏ' ਕਹਾਉਂਦੇ ਹਨ। ਇਨ੍ਹਾਂ ਨੇ 'ਗੁਰੂ ਨਾਨਕ ਨਾਮ ਲੇਵਾ' ਅਕੀਦੇ ਦੀ ਪਾਲਣਾ ਕਰਦਿਆਂ ਪਿਛਲੀਆਂ ਸਦੀਆਂ 'ਚ ਅਨੇਕਾਂ ਕੁਰਬਾਨੀਆਂ ਕੀਤੀਆਂ ਹਨ। ਸ੍ਰੀ ਅਨੰਦਪੁਰ ਸਾਹਿਬ 'ਚ ਹੋਏ 'ਗੁਰੂ ਨਾਨਕ ਨਾਮ ਲੇਵਾ ਸੰਮੇਲਨ' 'ਚ ਛੱਤੀਸਗੜ੍ਹ ਤੋਂ ਪਹੁੰਚੇ ਇਨ੍ਹਾਂ ਦੇ ਪ੍ਰਤੀਨਿਧ ਜਗਦੀਸ਼ ਕੁਰੇ ਨੇ ਸਤਿਨਾਮੀ ਸਮਾਜ ਦੀ ਵਿਡੰਬਣਾ ਬਿਆਨਦਿਆਂ ਆਖਿਆ ਸੀ ਕਿ ਸਤਿਨਾਮੀ ਸਮਾਜ ਗੁਰੂ ਨਾਨਕ ਪੰਥ ਦੀ ਭੀੜ 'ਚ ਗੁਆਚਿਆ ਹੋਇਆ ਹੈ, ਜਿਨ੍ਹਾਂ ਨੂੰ ਗਲੇ ਲਾਉਣ ਦੀ ਲੋੜ ਹੈ।

ਸਿੰਧੀਆਂ ਵਿਚ ਸਿੱਖੀ ਪ੍ਰਤੀ ਆਸਥਾ ਮਿਸਾਲੀ ਹੈ। ਸਿੱਖੀ ਸਰੂਪ 'ਚ ਪ੍ਰਪੱਕ ਨਾ ਹੋਣ ਦੇ ਬਾਵਜੂਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੋਂ ਬਗ਼ੈਰ ਜੀਵਨ ਦੀ ਕੋਈ ਵੀ ਰਸਮ ਪੂਰੀ ਨਹੀਂ ਕਰਦੇ। ਅਫ਼ਗਾਨੀ ਸੰਗਤਾਂ ਦਾ ਸਿੱਖ ਧਰਮ ਨਾਲ ਮੁੱਢ ਤੋਂ ਡੂੰਘਾ ਰਿਸ਼ਤਾ ਰਿਹਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੇਲੇ ਤੋਂ ਹੀ ਅਫ਼ਗਾਨਿਸਤਾਨ ਦੀਆਂ ਸੰਗਤਾਂ ਸਿੱਖ ਧਰਮ ਨਾਲ ਜੁੜ ਗਈਆਂ ਸਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ

ਅਫ਼ਗਾਨੀ ਸੰਗਤਾਂ ਦਾ ਸਿੱਖੀ ਪਿਆਰ ਤੇ ਭਾਵਨਾ ਨੂੰ ਕਬੂਲ ਕਰਦਿਆਂ ਇਕ ਹੁਕਮਨਾਮੇ 'ਚ ਇਉਂ ਵਰ ਦਿੱਤਾ ਸੀ, 'ਕਾਬਲ ਕੀ ਸੰਗਤ ਕੋ ਗੁਰੂ ਰੱਖੇਗਾ।' ਸੰਨ ੧੯੨੧ 'ਚ ਅਕਾਲੀ ਕੌਰ ਸਿੰਘ ਨੇ ਅਫ਼ਗਾਨਿਸਤਾਨ ਦੇ ਜਲਾਲਾਬਾਦ ਦੇ ਪਿੰਡ ਗੋਸ਼ਤੇ 'ਚ ਪਹਿਲਾ ਅੰਮ੍ਰਿਤ ਸੰਚਾਰ ਕਰਵਾਇਆ ਜੀ, ਜਿਸ ਦੌਰਾਨ ੧੨੦੦ ਅਫ਼ਗਾਨੀ ਸਿੱਖ, ਸਿੰਘ ਸਜੇ ਸਨ। ਇਸ ਵੇਲੇ ੯੦ ਫ਼ੀਸਦੀ ਅਫ਼ਗਾਨੀ ਸਿੱਖ ਅੰਮ੍ਰਿਤਧਾਰੀ ਹਨ। ਅਫ਼ਗਾਨਿਸਤਾਨ ਦੇ ਸਿੱਖਾਂ 'ਚ ਗੁਰੂ ਨਾਨਕ ਦੇ ਦਰ ਪ੍ਰਤੀ ਪਿਆਰ ਦੀ ਇਕ ਮਿਸਾਲ ਹੈ ਕਿ ਅਫ਼ਗਾਨੀ ਪਰੰਪਰਾ ਅਨੁਸਾਰ ਭੋਜਨ ਖਾਣ ਤੋਂ ਪਹਿਲਾਂ ਜ਼ਮੀਨ 'ਤੇ ਇਕ ਕੱਪੜਾ ਵਿਛਾਇਆ ਜਾਂਦਾ ਹੈ, ਜਿਸ ਨੂੰ 'ਦਸਤਰ ਖਾਨ' ਕਹਿੰਦੇ ਹਨ। ਅਫ਼ਗਾਨੀ ਸਿੱਖ 'ਦਸਤਰ ਖਾਨ' ਵਿਛਾ ਕੇ ਭੋਜਨ ਪਰੋਸਣ ਤੋਂ ਪਹਿਲਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਜਨਮ ਸਾਖੀ ਦੀ ਪੋਥੀ ਪ੍ਰਕਾਸ਼ ਕਰਦੇ ਹਨ ਅਤੇ ਸਾਰਾ ਪਰਿਵਾਰ ਬੈਠ ਕੇ ਉਸ ਦੇ ਪਹਿਲੇ ਪੰਨੇ ਦੀ ਵੀਚਾਰ ਕਰਦੇ ਹਨ।

ਇਸੇ ਤਰ੍ਹਾਂ ਲਾਮੇ ਜੋ ਕਿ ਜ਼ਿਆਦਾਤਰ ਬੁੱਧ ਧਰਮ ਨੂੰ ਮੰਨਦੇ ਹਨ, ਪਰ ਉਹ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰਤੀ ਅਥਾਹ ਸ਼ਰਧਾ ਰੱਖਦੇ ਹਨ। ਭਾਈ ਮਰਦਾਨੇ ਦੇ ਵੰਸ਼ਜ਼ ਮਰਦਾਨੇ-ਕੇ ਕਹਾਉਂਦੇ ਹਨ, ਉਨ੍ਹਾਂ ਵਿਚ ਵੀ ਸਿੱਖ ਧਰਮ ਪ੍ਰਤੀ ਆਪਣੀ ਹੀ ਸ਼ਰਧਾ ਹੈ। ਬਾਕੀ 'ਗੁਰੂ ਨਾਨਕ ਨਾਮ ਲੇਵਾ' ਭਾਈਚਾਰਿਆਂ ਦੀਆਂ ਵੀ ਗੁਰੂ ਨਾਨਕ ਸਾਹਿਬ ਪ੍ਰਤੀ ਆਪਣੀਆਂ ਆਸਥਾਵਾਂ ਹਨ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਦੇ ਸਬੰਧ 'ਚ ਸਮੂਹ 'ਗੁਰੂ ਨਾਨਕ ਨਾਮ ਲੇਵਾ' ਦਾ ਇਕ ਸੰਮੇਲਨ ਕਰਵਾ ਕੇ ਸ਼੍ਰੋਮਣੀ ਕਮੇਟੀ ਨੇ ਇਨ੍ਹਾਂ ਭੁੱਲੇ-ਵਿਸਰੇ ਸਿੱਖ ਕਬੀਲਿਆਂ ਨੂੰ ਸਾਹਮਣੇ ਲਿਆਂਦਾ ਹੈ। 'ਗੁਰੂ ਨਾਨਕ ਨਾਮ ਲੇਵਾ' ਸੰਮੇਲਨ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਾਰੇ ਭਾਈਚਾਰਿਆਂ ਦੇ ਨੁਮਾਇੰਦਿਆਂ ਨੂੰ ਮੰਚ ਤੋਂ ਬਣਦਾ ਮਾਣ-ਸਤਿਕਾਰ ਦੇ ਕੇ ਨਿਵਾਜਿਆ ਗਿਆ ਅਤੇ 'ਗੁਰੂ ਨਾਨਕ ਨਾਮ ਲੇਵਾ' ਵੱਖ-ਵੱਖ ਭਾਈਚਾਰੇ ਸ਼੍ਰੋਮਣੀ ਕਮੇਟੀ ਵਲੋਂ ਮਿਲੇ ਮਾਣ-ਸਤਿਕਾਰ ਕਾਰਨ ਖ਼ੁਸ਼ੀ 'ਚ ਅੱਖਾਂ ਵਿਚੋਂ ਹੰਝੂ ਵਹਾਉਂਦੇ ਵੀ ਵੇਖੇ ਗਏ।

ਬੇਸ਼ੱਕ ਇਹ ਗੱਲ ਵੀ ਠੀਕ ਹੈ ਕਿ ਜਿਨ੍ਹਾਂ 'ਗੁਰੂ ਨਾਨਕ ਨਾਮ ਲੇਵਾ' ਭਾਈਚਾਰਿਆਂ ਨੂੰ ਆਰਥਿਕ ਪੱਧਰ 'ਤੇ ਬੇਹੱਦ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉਨ੍ਹਾਂ ਨੂੰ ਆਰਥਿਕ ਪੱਧਰ 'ਤੇ ਵੀ ਯੋਗ ਸਹਾਇਤਾ ਮਿਲਣੀ ਚਾਹੀਦੀ ਹੈ ਪਰ ਸਮੁੱਚੇ 'ਗੁਰੂ ਨਾਨਕ ਨਾਮ ਲੇਵਾ' ਸਿੱਖ ਜਗਤ ਵਿਚ ਆਪਸ ਵਿਚ ਮਿਲਵਰਤਨ, ਪੰਥਕ ਭਾਵਨਾ, ਗੁਣਾਂ ਦੀ ਸਾਂਝ ਅਤੇ 'ਗੁਰੂ ਗ੍ਰੰਥ, ਗੁਰੂ ਪੰਥ' ਪ੍ਰਤੀ ਸਮਰਪਣ ਭਾਵਨਾ ਨੂੰ ਜਗਾਉਣਾ ਸਭ ਤੋਂ ਤਰਜੀਹੀ ਕੰਮ ਹੈ। ■


## ਧਾਰਮਿਕ ਪ੍ਰੀਖਿਆ

***ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਹਰ ਸਾਲ ਧਾਰਮਿਕ ਪ੍ਰੀਖਿਆ ਲੈ ਕੇ ਵਜ਼ੀਫੇ ਦਿੱਤੇ ਜਾਂਦੇ ਹਨ। ਇਹ ਪ੍ਰੀਖਿਆ ਹਰ ਸਾਲ ਅਕਤੂਬਰ-ਨਵੰਬਰ ਵਿਚ ਹੁੰਦੀ ਹੈ। ਇਸ ਪ੍ਰੀਖਿਆ ਵਿਚ ਸ਼ਾਮਲ ਹੋਣ ਦੇ ਚਾਹਵਾਨ ਵਿਦਿਆਰਥੀ ਸਕੱਤਰ, ਧਰਮ ਪ੍ਰਚਾਰ ਕਮੇਟੀ (ਸ਼੍ਰੋ: ਗੁ: ਪ੍ਰ: ਕਮੇਟੀ), ਸ੍ਰੀ ਅੰਮ੍ਰਿਤਸਰ ਨੂੰ ਲਿਖਣ।***

# ਸ਼੍ਰੋਮਣੀ ਕਮੇਟੀ ਖ਼ਬਰਨਾਮਾ

## ਭਾਈ ਗੋਬਿੰਦ ਸਿੰਘ ਲੌਂਗੋਵਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੜ ਪ੍ਰਧਾਨ ਬਣੇ

### ਭਾਈ ਰਾਜਿੰਦਰ ਸਿੰਘ ਮਹਿਤਾ ਸੀਨੀ: ਮੀਤ ਪ੍ਰਧਾਨ, ਸ. ਗੁਰਬਖ਼ਸ਼ ਸਿੰਘ ਖਾਲਸਾ ਜੂਨੀ: ਮੀਤ ਪ੍ਰਧਾਨ ਤੇ ਸ. ਹਰਜਿੰਦਰ ਸਿੰਘ ਧਾਮੀ ਚੁਣੇ ਜਨਰਲ ਸਕੱਤਰ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਏ ਸਾਲਾਨਾ ਜਨਰਲ ਇਜਲਾਸ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸ਼੍ਰੋਮਣੀ ਕਮੇਟੀ ਦੇ ਲਗਾਤਾਰ ਤੀਸਰੀ ਵਾਰ ਪ੍ਰਧਾਨ ਚੁਣ ਲਿਆ ਗਿਆ। ਉਨ੍ਹਾਂ ਦੀ ਇਹ ਚੋਣ ਸਰਬਸੰਮਤੀ ਨਾਲ ਹੋਈ। ਭਾਈ ਲੌਂਗੋਵਾਲ ਦੀ ਚੋਣ ਨੂੰ ਸਮੁੱਚੇ ਹਾਊਸ ਵੱਲੋਂ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨਗੀ ਦਿੱਤੀ ਗਈ। ਦੱਸਣਯੋਗ ਹੈ ਕਿ ਭਾਈ ਲੌਂਗੋਵਾਲ ੨੯ ਨਵੰਬਰ ੨੦੧੭ ਨੂੰ ਪਹਿਲੀ ਵਾਰ ਅਤੇ ਫਿਰ ੧੩ ਨਵੰਬਰ ੨੦੧੮ ਨੂੰ ਦੂਸਰੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬਣੇ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਹੋਏ ਜਨਰਲ ਇਜਲਾਸ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਨਾਮ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਪੇਸ਼ ਕੀਤਾ, ਜਿਸ ਦੀ ਸ. ਅਲਵਿੰਦਰ ਸਿੰਘ ਪੱਖੋਕੇ ਨੇ ਤਾਈਦ ਅਤੇ ਸ. ਦਲਜੀਤ ਸਿੰਘ ਭਿੰਡਰ ਨੇ ਤਾਈਦ ਮਜੀਦ ਕੀਤੀ। ਇਸ ਮੌਕੇ ਭਾਈ ਰਾਜਿੰਦਰ ਸਿੰਘ ਮਹਿਤਾ ਨੂੰ ਸੀਨੀਅਰ ਮੀਤ ਪ੍ਰਧਾਨ ਚੁਣਿਆ ਗਿਆ। ਉਨ੍ਹਾਂ ਦਾ ਨਾਮ ਭਾਈ ਅਮਰਜੀਤ ਸਿੰਘ ਚਾਵਲਾ ਨੇ ਪੇਸ਼ ਕੀਤਾ, ਜਿਸ ਦੀ ਤਾਈਦ ਸ. ਭਗਵੰਤ ਸਿੰਘ ਸਿਆਲਕਾ ਅਤੇ ਮਜੀਦ ਸ. ਗੁਰਪ੍ਰੀਤ ਸਿੰਘ ਝੱਬਰ ਨੇ ਕੀਤੀ। ਜੂਨੀਅਰ ਮੀਤ ਪ੍ਰਧਾਨ ਲਈ ਸ. ਗੁਰਬਖ਼ਸ਼ ਸਿੰਘ ਨਵਾਂ ਸ਼ਹਿਰ ਚੁਣੇ ਗਏ ਹਨ। ਉਨ੍ਹਾਂ ਦਾ ਨਾਮ ਬਾਬਾ ਚਰਨਜੀਤ ਸਿੰਘ ਜੱਸੋਵਾਲ ਨੇ ਪੇਸ਼ ਕੀਤਾ, ਤਾਈਦ ਸ. ਬਲਦੇਵ ਸਿੰਘ ਚੂੰਘਾ ਤੇ ਮਜੀਦ ਸ. ਰਵਿੰਦਰ ਸਿੰਘ ਖ਼ਾਲਸਾ ਨੇ ਕੀਤੀ। ਇਸੇ ਤਰ੍ਹਾਂ ਸ. ਹਰਜਿੰਦਰ ਸਿੰਘ ਧਾਮੀ ਨੂੰ ਸਰਬਸੰਮਤੀ ਨਾਲ ਜਨਰਲ ਸਕੱਤਰ ਚੁਣ ਲਿਆ ਗਿਆ। ਸ. ਧਾਮੀ ਦਾ ਨਾਂ ਸ. ਸੁਰਜੀਤ ਸਿੰਘ ਭਿੱਟੇਵਡ ਨੇ ਪੇਸ਼ ਕੀਤਾ, ਤਾਈਦ ਸ. ਗੁਰਪ੍ਰੀਤ ਸਿੰਘ ਝੱਬਰ ਨੇ ਕੀਤੀ ਜਦਕਿ ਮਜੀਦ ਸ. ਸੁਖਹਰਪ੍ਰੀਤ ਸਿੰਘ ਰੋਡੇ ਵੱਲੋਂ ਕੀਤੀ ਗਈ।

ਜਨਰਲ ਇਜਲਾਸ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਅੰਤ੍ਰਿੰਗ ਕਮੇਟੀ ਦੇ ੧੧ ਮੈਂਬਰਾਂ ਦਾ ਨਾਂ ਪੇਸ਼ ਕੀਤਾ, ਜਿਨ੍ਹਾਂ ਨੂੰ ਹਾਜ਼ਰ ਮੈਂਬਰਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨ ਕੀਤਾ। ਅੰਤ੍ਰਿੰਗ ਕਮੇਟੀ ਦੇ ਚੁਣੇ ਗਏ ਮੈਂਬਰਾਂ ਵਿਚ ਸ. ਭੁਪਿੰਦਰ ਸਿੰਘ ਅਸੰਧ, ਸ. ਜਗਸੀਰ ਸਿੰਘ ਮਾਂਗੇਆਣਾ (ਡੱਬਵਾਲੀ), ਸ. ਗੁਰਪਾਲ ਸਿੰਘ ਗੋਰਾ, ਸ. ਸ਼ੇਰ ਸਿੰਘ ਮੰਡਵਾਲਾ, ਬੀਬੀ ਪਰਮਜੀਤ ਕੌਰ ਲਹਿਰਾ, ਸ. ਜਸਮੇਰ ਸਿੰਘ ਲਾਛੜੂ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਸੁਰਜੀਤ ਸਿੰਘ ਕੰਗ ਰਾਜਿਸਥਾਨ, ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਬੀਬੀ ਕੁਲਦੀਪ ਕੌਰ ਟੌਹੜਾ ਨੂੰ ਚੁਣਿਆ ਗਿਆ। ਅੰਤ੍ਰਿੰਗ ਮੈਂਬਰ ਦੇ ਨਾਂ ਦੀ ਤਾਈਦ ਬੀਬੀ ਜਗੀਰ ਕੌਰ ਅਤੇ ਤਾਈਦ ਮਜੀਦ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕੀਤੀ।

ਜਨਰਲ ਇਜਲਾਸ ਦੀ ਆਰੰਭਤਾ ਸਮੇਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਅਰਦਾਸ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਲਿਆ। ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਵੀ ਮੌਜੂਦ ਸਨ। ਇਜਲਾਸ ਦੀ ਕਾਰਵਾਈ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਜਨਰਲ ਇਜਲਾਸ ਸਬੰਧੀ ਮੈਂਬਰ ਸਾਹਿਬਾਨ ਨੂੰ ਭੇਜਿਆ ਗਿਆ ਪੱਤਰ ਪੜ੍ਹ ਕੇ ਆਰੰਭ ਕੀਤੀ, ਜਿਸ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਬੀਤੇ ਸਮੇਂ ਚਲਾਣਾ ਕਰ ਗਏ ਸਿੰਘ ਸਾਹਿਬ ਗਿਆਨੀ ਪੂਰਨ ਸਿੰਘ ਸਾਬਕਾ ਜਥੇਦਾਰ, ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਖਦੇਵ ਸਿੰਘ ਬਾਠ, ਸ. ਲਖਬੀਰ ਸਿੰਘ ਅਰਾਈਆਂਵਾਲਾ, ਕੈਪਟਨ ਅਵਤਾਰ ਸਿੰਘ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਸੁਰਿੰਦਰਪਾਲ ਸਿੰਘ ਬੱਦੋਵਾਲ ਅਤੇ ਸਾਬਕਾ ਮੈਂਬਰ ਸ. ਸੁਖਦੇਵ ਸਿੰਘ ਲਿਬੜਾ ਸਬੰਧੀ ਸ਼ੋਕ ਮਤੇ ਪੜ੍ਹ ਕੇ ਮੂਲ ਮੰਤਰ ਦੇ ਜਾਪ ਨਾਲ ਵਿਛੜੀਆਂ ਰੂਹਾਂ ਨੂੰ ਸ਼ਰਧਾਜਲੀ ਭੇਟ ਕੀਤੀ ਗਈ। ੨੭ ਨਵੰਬਰ

# ਧਰਮ ਪ੍ਰਚਾਰ ਲਹਿਰ ਨੂੰ ਹੋਰ ਸਰਗਰਮ ਕਰਨਾ ਹੋਵੇਗੀ ਪਹਿਲ -ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ ਦਾ ਸ਼ਤਾਬਦੀ ਦਿਹਾੜਾ ਜਾਹੋ-ਜਲਾਲ ਮਨਾਇਆ ਜਾਵੇਗਾ

ਸ਼੍ਰੋਮਣੀ ਕਮੇਟੀ ਦੇ ਮੁੜ ਪ੍ਰਧਾਨ ਚੁਣੇ ਜਾਣ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਸੇਵਾ ਗੁਰੂ ਸਾਹਿਬ ਦੀ ਬਖਸ਼ਿਸ਼ ਸਦਕਾ ਪ੍ਰਾਪਤ ਹੋਈ ਹੈ, ਜਿਸਨੂੰ ਉਹ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਸ. ਪ੍ਰਕਾਸ਼ ਸਿੰਘ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਵੱਲੋਂ ਉਨ੍ਹਾਂ 'ਤੇ ਭਰੋਸਾ ਪ੍ਰਗਟ ਕਰਨ ਲਈ ਧੰਨਵਾਦ ਕਰਦਿਆਂ ਆਖਿਆ ਕਿ ਮੈਂ ਪੰਥ ਦੀ ਚੜ੍ਹਦੀ ਕਲਾ ਅਤੇ ਏਕਤਾ ਦੇ ਲਈ ਹਮੇਸ਼ਾ ਕਾਰਜਸ਼ੀਲ ਰਹਾਂਗਾ। ਭਾਈ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਦੇ ਸਮੁੱਚੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਨਵੇਂ ਚੁਣੇ ਗਏ ਅਹੁਦੇਦਾਰਾਂ ਦੇ ਸਹਿਯੋਗ ਨਾਲ ਪੰਥਕ ਕਾਰਜ ਕਰਨ ਦੀ ਵਚਨਬਧਤਾ ਵੀ ਪ੍ਰਗਟਾਈ। ਭਾਈ ਲੌਂਗੋਵਾਲ ਨੇ ਕਿਹਾ ਕਿ ਕੌਮ ਨੂੰ ਦਰਪੇਸ਼ ਚੁਣੌਤੀਆਂ ਨੂੰ ਰਲ਼-ਮਿਲ਼ ਕੇ ਨਜਿੱਠਿਆ ਜਾਵੇਗਾ ਅਤੇ ਧਰਮ ਪ੍ਰਚਾਰ ਦੀ ਲਹਿਰ ਨੂੰ ਹੋਰ ਪ੍ਰਚੰਡ ਕੀਤਾ ਜਾਵੇਗਾ। ਧਰਮ ਪ੍ਰਚਾਰ ਲਈ ਹਰ ਸਿੱਖ ਜਥੇਬੰਦੀ ਦਾ ਸਹਿਯੋਗ ਲਿਆ ਜਾਵੇਗਾ।

ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਅਗਲੇ ਸਾਲ ਆ ਰਿਹਾ ੧੦੦ ਸਾਲਾ ਸਥਾਪਨਾ ਦਿਵਸ ਕੌਮੀ ਜਾਹੋ-ਜਲਾਲ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਦੀ ਖੁਸ਼ਕਿਸਮਤੀ ਹੈ ਜੋ ਸ਼ਤਾਬਦੀ ਦਿਹਾੜਾ ਉਨ੍ਹਾਂ ਦੇ ਕਾਰਜਕਾਲ ਵਿਚ ਆ ਰਿਹਾ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਦੇ ਸਥਾਪਨਾ ਦਿਵਸ ਮੌਕੇ ਸੰਸਥਾ ਦੇ ਇਤਿਹਾਸ ਅਤੇ ਪ੍ਰਾਪਤੀਆਂ ਨੂੰ ਉਭਾਰਨ ਲਈ ਖੋਜ ਕਾਰਜ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਇਸ ਸੰਸਥਾ ਦਾ ਇਤਿਹਾਸ ਬੇਹੱਦ ਸ਼ਾਨਾਮੱਤਾ ਹੈ। ਇਸ ਦੀ ਸਥਾਪਨਾ ਪਿੱਛੇ ਕੌਮ ਦੇ ਸ਼ਹੀਦਾਂ ਦਾ ਵੱਡਾ ਯੋਗਦਾਨ ਹੈ। ਇਸ ਵਿਲੱਖਣ ਅਤੇ ਗੌਰਵਮਈ ਇਤਿਹਾਸ ਨੂੰ ਵੱਧ ਤੋਂ ਵੱਧ ਸੰਗਤਾਂ ਤੱਕ ਪਹੁੰਚਾਉਣ ਲਈ ਯਤਨ ਕੀਤੇ ਜਾਣਗੇ ਅਤੇ ਖ਼ਾਸ ਸਮਾਗਮ ਵੀ ਉਲੀਕੇ ਜਾਣਗੇ। ਉਨ੍ਹਾਂ ਅਗਲੇ ਸਾਲ ਆ ਰਹੇ ਭਗਤ ਨਾਮਦੇਵ ਜੀ ਅਤੇ ਬੰਦੀ ਛੋੜ ਦਿਵਸ ਦੇ ਸ਼ਤਾਬਦੀ ਦਿਹਾੜਿਆਂ ਨੂੰ ਵੀ ਯਾਦਗਾਰੀ ਢੰਗ ਨਾਲ ਮਨਾਉਣ ਦੀ ਗੱਲ ਆਖੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਵਿਦਿਅਕ

ਪਸਾਰ ਵੱਲ ਵੀ ਉਚੇਚਾ ਧਿਆਨ ਦੇਣ ਦੀ ਵਚਨਬਧਤਾ ਦੁਹਰਾਈ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਵਿਦਿਅਕ ਸੰਸਥਾਵਾਂ ਅਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਨੂੰ ਚੁਸਤ ਦਰੁਸਤ ਬਣਾਉਣ ਲਈ ਵੀ ਉਚੇਚੇ ਕਾਰਜ ਕੀਤੇ ਜਾਣਗੇ।

ਇਸ ਤੋਂ ਬਾਅਦ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਚੁਣੇ ਗਏ ਹੋਰ ਅਹੁਦੇਦਾਰਾਂ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਜਿਥੇ ਉਨ੍ਹਾਂ ਨੂੰ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ। ਉਹ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਵੀ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਲਈ ਗਏ।

**ਸਿੰਘ ਸਾਹਿਬਾਨ ਵੱਲੋਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ:** ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਸਮੇਤ ਹੋਰ ਸਾਰੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ। ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਨੇ ਕਿਹਾ ਕਿ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਤੀਸਰੀ ਵਾਰ ਪ੍ਰਧਾਨ ਬਣਨ ਨਾਲ ਸਿੱਖੀ ਪ੍ਰਚਾਰ ਵਿਚ ਨਿਰੰਤਰਤਾ ਬਣੀ ਰਹੇਗੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ੫੫੦ਵਾਂ ਪ੍ਰਕਾਸ਼ ਪੁਰਬ ਕੌਮਾਂਤਰੀ ਪੱਧਰ 'ਤੇ ਮਨਾਉਣ ਤੋਂ ਬਾਅਦ ਸਿੱਖ ਕੌਮ ਅੰਦਰ ਅਗਲੇ ਸਾਲ ਆ ਰਹੀਆਂ ਸ਼ਤਾਬਦੀਆਂ ਵੀ ਖ਼ਾਸ ਮੌਕਾ ਹਨ, ਜਿਨ੍ਹਾਂ ਨੂੰ ਸੇਧਿਤ ਹੁੰਦਿਆਂ ਭਾਈ ਲੌਂਗੋਵਾਲ ਦੀ ਅਗਵਾਈ ਵਿਚ ਨਵੇਂ ਅਹੁਦੇਦਾਰ ਅੱਗੇ ਵੱਧਣਗੇ।

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰਬਾਣੀ ਦੀ ਪੰਕਤੀ ਲਿਖਿਆ ਬੋਰਡ ਸਜਾਇਆ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰਬਾਣੀ ਦੀ ਪਾਵਨ ਪੰਕਤੀ 'ਹਰਿ ਮੰਦਰੁ ਹਰਿ ਸਾਜਿਆ ਹਰਿ ਵਸੈ ਜਿਸੁ ਨਾਲਿ' ਲਿਖੇ ਇਕ ਖੂਬਸੂਰਤ ਬੋਰਡ ਦੀ ਗੁਰੂ ਘਰ ਦੇ ਸ਼ਰਧਾਲੂਆਂ ਵੱਲੋਂ ਸੇਵਾ ਕਰਵਾਈ ਗਈ ਹੈ। ਇਹ ਪੰਕਤੀ ਦਰਸ਼ਨੀ ਡਿਉੜੀ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਜਾਂਦੇ ਰਸਤੇ ਵਿਚ ਸਜਾਈ ਗਈ ਹੈ। ਵਿਸ਼ੇਸ਼ ਤੌਰ 'ਤੇ ਤਿਆਰ ਕੀਤੇ ਗਏ ਲੱਕੜ ਦੇ ਬੋਰਡ ਉੱਪਰ ਤਾਂਬੇ ਨਾਲ ਅੱਖਰ ਤਿਆਰ ਕੀਤੇ ਗਏ ਹਨ, ਜਿਨ੍ਹਾਂ 'ਤੇ ਸੋਨੇ ਦੇ ਵਰਕ ਹਨ। ਬੀਤੇ ਦਿਨੀਂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਇਸ ਨੂੰ ਲਗਾਉਣ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਸ਼ਰਧਾ ਨਾਲ ਸੇਵਾ ਕਰਵਾਉਂਦੀਆਂ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਗੁਰੂ ਘਰ ਦੇ ਸ਼ਰਧਾਲੂ ਭਾਈ ਗੁਰਬਚਨ ਸਿੰਘ ਵੱਲੋਂ ਭਾਈ ਸਵਿੰਦਰਪਾਲ ਸਿੰਘ ਦੇ ਸਹਿਯੋਗ ਨਾਲ ਗੁਰਬਾਣੀ ਦੀ ਪਾਵਨ ਪੰਕਤੀ ਨੂੰ ਸੁਨਹਿਰੀ ਦਿੱਖ ਵਿਚ ਤਿਆਰ ਕਰਵਾ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਜਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਦੀ ਕੀਮਤ ਲਗਭਗ ੧੧ ਲੱਖ ਰੁਪਏ ਹੈ। ਇਹ ਦਰਸ਼ਨੀ ਡਿਉੜੀ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਰਸਤੇ ਪੁੱਲ 'ਤੇ ਸਜਾਈ ਗਈ ਹੈ। ਡਾ. ਰੂਪ ਸਿੰਘ ਨੇ ਇਹ ਵੀ ਦੱਸਿਆ ਕਿ ਭਾਈ ਪ੍ਰਭਜੋਤ ਸਿੰਘ ਦੇ ਪਰਿਵਾਰ ਭਾਈ ਸਵਿੰਦਰਪਾਲ ਸਿੰਘ ਤੇ ਭਾਈ ਇੰਦਰਪਾਲ ਸਿੰਘ ਵੱਲੋਂ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੋ ਹਾਰਮੋਨੀਅਮ

ਵੀ ਭੇਟਾ ਕੀਤੇ ਗਏ ਹਨ। ਇਹ ਹਾਰਮੋਨੀਅਮ ਸੁਨਹਿਰੀ ਸ਼ੀਟ ਦੇ ਬਣੇ ਹੋਏ ਹਨ। ੪ ਨਵੰਬਰ

## ਪੀਅਰਸਨ ਕਨਵੈਨਸ਼ਨ ਸੈਂਟਰ ਟੋਰਾਂਟੋ ਦੇ ਮਾਲਕ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ 5 ਲੱਖ ਰੁਪਏ ਭੇਟ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਕਰਨ ਪਹੁੰਚੇ ਟੋਰਾਂਟੋ (ਕੈਨੇਡਾ) ਨਿਵਾਸੀ ਸ. ਮਹਿੰਦਰ ਸਿੰਘ ਮਿਨਹਾਸ ਦੇ ਸਪੁੱਤਰ ਸ. ਨਿਸ਼ਾਨ ਸਿੰਘ ਮਿਨਹਾਸ ਨੇ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਲਈ ਸ਼ਰਧਾ ਨਾਲ ੫ ਲੱਖ ਰੁਪਏ ਡਰਾਫਟ ਦੇ ਰੂਪ 'ਚ ਭੇਟ ਕੀਤੇ ਹਨ। ਇਹ ਡਰਾਫਟ ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿੱਜੀ ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਤੇ ਸਕੱਤਰ ਸ. ਮਹਿੰਦਰ ਸਿੰਘ ਆਹਲੀ ਨੂੰ ਸੌਂਪਿਆ। ਇਸ ਮੌਕੇ ਸ. ਨਿਸ਼ਾਨ ਸਿੰਘ ਮਿਨਹਾਸ ਨੇ ਕਿਹਾ ਕਿ ਗੁਰੂ ਸਾਹਿਬ ਦੀ ਬਖ਼ਸ਼ਿਸ਼ ਸਦਕਾ ਉਹ ਆਪਣੇ ਕਾਰੋਬਾਰ ਵਿੱਚੋਂ ਸ਼ਰਧਾ ਭਾਵਨਾ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਲਈ ਇਹ ਮਾਇਆ ਪਿਛਲੇ ਸਾਲ ਦੀ ਤਰ੍ਹਾਂ ਭੇਟ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਮੁਕੱਦਸ ਅਸਥਾਨ ਤੋਂ ਹੀ ਉਨ੍ਹਾਂ ਨੂੰ ਸਭ ਕੁਝ ਪ੍ਰਾਪਤ ਹੋਇਆ ਹੈ। ਉਹ ਹਰ ਸਾਲ ਇਸ ਅਸਥਾਨ 'ਤੇ ਨਤਮਸਤਕ ਹੋਣ ਲਈ ਆਉਂਦੇ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਤੇ ਸ. ਮਹਿੰਦਰ ਸਿੰਘ ਆਹਲੀ ਨੇ ਸ. ਨਿਸ਼ਾਨ ਸਿੰਘ ਮਿਨਹਾਸ ਅਤੇ ਉਨ੍ਹਾਂ ਨਾਲ ਆਏ ਸ੍ਰੀ ਅਸ਼ਨਵੀ ਕੁਮਾਰ ਸ਼ਰਮਾ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਡਾ. ਪਰਮਜੀਤ ਸਿੰਘ ਸਰੋਆ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ ਆਦਿ ਹਾਜ਼ਰ ਸਨ। ੧੪ ਨਵੰਬਰ

## ਨਗਰ ਕੀਰਤਨ ਸ਼ਤਾਬਦੀ ਸਬੰਧੀ ਸੰਗਤ 'ਚ ਉਤਸ਼ਾਹ ਪੈਦਾ ਕਰਨ ਵਿਚ ਸਫ਼ਲ ਹੋਇਆ -ਜਥੇਦਾਰ ਤੋਤਾ ਸਿੰਘ

ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਤੋਂ ਸਜਾਏ ਗਏ ਕੌਮਾਂਤਰੀ ਨਗਰ ਕੀਰਤਨ ਸਬੰਧੀ ਸਬ-ਕਮੇਟੀ ਦੀ ਹੋਈ ਇਕੱਤਰਤਾ ਵਿਚ ਨਗਰ ਕੀਰਤਨ ਦੌਰਾਨ ਸੰਗਤ ਵੱਲੋਂ ਚੜ੍ਹਾਏ ਗਏ ਪੈਸਿਆਂ ਨਾਲ ਪਹਿਲੇ ਪਾਤਸ਼ਾਹ ਜੀ ਦੇ ਨਾਂ 'ਤੇ ਵਧੀਆ ਸਕੂਲ ਖੋਲ੍ਹਣ ਦੀ ਸਿਫਾਰਸ਼ ਕੀਤੀ ਗਈ ਹੈ। ਨਗਰ ਕੀਰਤਨ ਦੇ ਪ੍ਰਬੰਧਕ ਅਤੇ ਸਬ-ਕਮੇਟੀ ਦੇ ਚੇਅਰਮੈਨ ਜਥੇਦਾਰ ਤੋਤਾ ਸਿੰਘ ਦੀ ਅਗਵਾਈ ਵਿਚ ਹੋਈ ਇਕੱਤਰਤਾ 'ਚ ਆਮਦਨ ਅਤੇ ਖ਼ਰਚਿਆਂ ਸਬੰਧੀ ਰਿਪੋਰਟ 'ਤੇ ਵਿਚਾਰ ਵਟਾਂਦਰੇ ਮਗਰੋਂ ਸਮੂਹ ਮੈਂਬਰਾਂ ਦੀ ਸਹਿਮਤੀ ਨਾਲ ਇਹ ਸਿਫਾਰਸ਼ ਕੀਤੀ ਗਈ। ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ, ਜਥੇਦਾਰ ਕਰਨੈਲ ਸਿੰਘ ਪੰਜੋਲੀ, ਸ. ਦਰਬਾਰਾ ਸਿੰਘ ਗੁਰੂ, ਸ. ਬਲਦੇਵ ਸਿੰਘ ਮਾਨ, ਸ. ਦਲਜੀਤ ਸਿੰਘ ਭਿੰਡਰ, ਸ. ਅਜਮੇਰ ਸਿੰਘ ਖੇੜਾ, ਸ. ਸਵਿੰਦਰ ਸਿੰਘ ਸਭਰਵਾਲ, ਸਕੱਤਰ ਸ. ਮਨਜੀਤ ਸਿੰਘ ਤੇ ਮੀਤ ਸਕੱਤਰ ਸ. ਸਕੱਤਰ ਸਿੰਘ ਆਦਿ ਮੌਜੂਦ ਸਨ।

ਇਕੱਤਰਤਾ ਮਗਰੋਂ ਜਥੇਦਾਰ ਤੋਤਾ ਸਿੰਘ ਨੇ ਕਿਹਾ ਕਿ ਨਗਰ ਕੀਰਤਨ ਦਾ ਪਾਕਿਸਤਾਨ ਅਤੇ ਭਾਰਤ ਦੇ ੧੭ ਰਾਜਾਂ ਅੰਦਰ ਸੰਗਤ ਵੱਲੋਂ ਕੀਤੇ ਗਏ ਭਰਵੇਂ ਸਵਾਗਤ ਲਈ ਸ਼੍ਰੋਮਣੀ ਕਮੇਟੀ ਧੰਨਵਾਦੀ ਹੈ। ਉਨ੍ਹਾਂ ਕਿਹਾ ਕਿ ਇਹ ਕਾਰਜ ਭਾਰਤ ਅਤੇ ਪਾਕਿਸਤਾਨ ਦੀਆਂ ਸਰਕਾਰਾਂ ਦੇ ਵਿਸ਼ੇਸ਼ ਸਹਿਯੋਗ ਨਾਲ ਹੀ ਸੰਭਵ ਹੋ ਸਕਿਆ ਹੈ। ਨਗਰ ਕੀਰਤਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ

ਦੇ ਸੰਦੇਸ਼ ਨੂੰ ਪ੍ਰਚਾਰਨ ਦੇ ਨਾਲ-ਨਾਲ ਸ਼ਤਾਬਦੀ ਸਮਾਗਮਾਂ ਸਬੰਧੀ ਪੂਰੇ ਦੇਸ਼ ਅੰਦਰ ਚੇਤਨਾ ਅਤੇ ਉਤਸ਼ਾਹ ਪੈਦਾ ਕਰਨ ਵਿਚ ਸਫਲ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਦੌਰਾਨ ਕਈ ਕੇਂਦਰੀ ਮੰਤਰੀ, ਮੈਂਬਰ ਪਾਰਲੀਮੈਂਟ ਅਤੇ ਵੱਖ-ਵੱਖ ਸੂਬਿਆਂ ਦੇ ਮੁੱਖ ਮੰਤਰੀ, ਮੰਤਰੀ, ਵਿਧਾਇਕ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਸਵਾਗਤ ਲਈ ਪੁੱਜਦੀਆਂ ਰਹੀਆਂ। ਇਸ ਵਿਚ ਵੱਖ-ਵੱਖ ਸੂਬਿਆਂ ਦੀਆਂ ਗੁਰਦੁਆਰਾ ਕਮੇਟੀਆਂ ਅਤੇ ਸੰਗਤਾਂ ਵੱਲੋਂ ਦਿੱਤੇ ਗਏ ਸਹਿਯੋਗ ਨੂੰ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਇਹ ਗੁਰੂ ਸਾਹਿਬ ਦੀ ਬਖ਼ਸ਼ਿਸ਼ ਨਾਲ ਸੰਪੂਰਨ ਹੋਇਆ ਹੈ, ਜਿਸ ਲਈ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨ ਕੋਟਿ ਸ਼ੁਕਰਾਨਾ ਕਰਦੇ ਹਨ। ਜਥੇਦਾਰ ਤੋਤਾ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਸਮੂਹ ਮੈਂਬਰਾਂ, ਸ਼੍ਰੋਮਣੀ ਅਕਾਲੀ ਦਲ ਸਮੇਤ ਹੋਰ ਵੱਖ-ਵੱਖ ਰਾਜਸੀ ਪਾਰਟੀ ਅਤੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਵੱਲੋਂ ਤਨਦੇਹੀ ਨਾਲ ਕੀਤੀ ਗਈ ਸੇਵਾ ਦੀ ਵੀ ਸ਼ਲਾਘਾ ਕੀਤੀ। ੧੫ ਨਵੰਬਰ

# ਭਾਈ ਲੌਂਗੋਵਾਲ ਨੇ ਅਮਰੀਕਾ 'ਚ ਸਿੱਖਾਂ 'ਤੇ ਵਧੇ ਨਸਲੀ ਹਮਲਿਆਂ 'ਤੇ ਗਹਿਰੀ ਚਿੰਤਾ ਪ੍ਰਗਟਾਈ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਅਮਰੀਕਾ ਅੰਦਰ ਸਿੱਖਾਂ ਉੱਤੇ ਵਧੇ ਨਸਲੀ ਹਮਲਿਆਂ 'ਤੇ ਗਹਿਰੀ ਚਿੰਤਾ ਪ੍ਰਗਟਾਈ ਹੈ। ਛਪੀਆਂ ਰਿਪੋਰਟਾਂ ਅਨੁਸਾਰ ਅਮਰੀਕਾ ਦੀ ਕੇਂਦਰੀ ਜਾਂਚ ਏਜੰਸੀ ਐਫ. ਬੀ. ਆਈ. ਵੱਲੋਂ ਜਾਰੀ ਅੰਕੜਿਆਂ ਅਨੁਸਾਰ ੨੦੧੭ ਦੇ ਮੁਕਾਬਲੇ ੨੦੧੮ ਵਿਚ ਸਿੱਖਾਂ ਖਿਲਾਫ ਅਪਰਾਧਾਂ ਦੀ ਗਿਣਤੀ ਵਿਚ ਵਾਧਾ ਹੋਇਆ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਦੁੱਖ ਦੀ ਗੱਲ ਹੈ ਕਿ ਸਿੱਖਾਂ ਨੂੰ ਵਿਦੇਸ਼ਾਂ ਅੰਦਰ ਲਗਾਤਾਰ ਨਫਰਤ ਦਾ ਸ਼ਿਕਾਰ ਹੋਣਾ ਪੈ ਰਿਹਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਸਿੱਖ ਕੌਮ ਵਿਸ਼ਵ ਸ਼ਾਂਤੀ ਅਤੇ ਮਨੁੱਖਤਾ ਦੀ ਭਲਾਈ ਲਈ ਸਦਾ ਯਤਨਸ਼ੀਲ ਰਹੀ ਹੈ। ਵਿਦੇਸ਼ਾਂ ਵਿਚ ਸਿੱਖਾਂ ਨੇ ਆਪਣੀ ਮਿਹਨਤ ਸਦਕਾ ਉੱਚ ਮੁਕਾਮ ਹਾਸਲ ਕੀਤੇ ਹਨ ਅਤੇ ਸਬੰਧਤ ਦੇਸ਼ਾਂ ਦੇ ਵਿਕਾਸ ਵਿਚ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਅੱਜ ਸਿੱਖ ਵਿਦੇਸ਼ਾਂ ਅੰਦਰ ਸਰਕਾਰਾਂ ਦਾ ਵੀ ਹਿੱਸਾ ਬਣੇ ਹੋਏ ਹਨ। ਭਾਈ ਲੌਂਗੋਵਾਲ ਨੇ ਸਿੱਖਾਂ 'ਤੇ ਹੁੰਦੇ ਨਸਲੀ ਹਮਲਿਆਂ ਨੂੰ ਰੋਕਣ ਲਈ ਭਾਰਤ ਸਰਕਾਰ ਨੂੰ ਲੋੜੀਂਦੀ ਕਾਰਵਾਈ ਕਰਨ ਦੀ ਅਪੀਲ ਵੀ ਕੀਤੀ। ੧੪ ਨਵੰਬਰ

# ਸ਼੍ਰੋਮਣੀ ਕਮੇਟੀ ਦੇ 99 ਸਾਲਾ ਸਥਾਪਨਾ ਦਿਵਸ ਮੌਕੇ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸਮਾਗਮ

ਅੰਮ੍ਰਿਤਸਰ- ੧੫ ਨਵੰਬਰ ੧੯੨੦ ਨੂੰ ਹੋਂਦ ਵਿਚ ਆਈ ਸਿੱਖ ਕੌਮ ਦੀ ਮਾਣਮੱਤੀ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ੯੯ ਸਾਲਾ ਸਥਾਪਨਾ ਦਿਵਸ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਸਥਿਤ ਇਤਿਹਾਸਕ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਜਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਭਾਈ ਕੁਲਵਿੰਦਰ ਸਿੰਘ ਵੱਲੋਂ ਅਰਦਾਸ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਹੁਕਮਨਾਮਾ ਸਰਵਣ ਕਰਵਾਇਆ।

ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਤੋਤਾ ਸਿੰਘ ਨੇ ਸੰਸਥਾ ਦੇ ਸ਼ਾਨਾਮੱਤੇ ਇਤਿਹਾਸ ਸਬੰਧੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਇਤਿਹਾਸਕ ਗੁਰਧਾਮਾਂ

ਨੂੰ ਮਹੰਤਾਂ ਦੇ ਹੱਥਾਂ 'ਚੋਂ ਛੁਡਵਾ ਕੇ ਸੰਗਤੀ ਪ੍ਰਬੰਧ ਹੇਠ ਲਿਆਉਣ ਦਾ ਉਹ ਸਫ਼ਰ ਹੈ, ਜਿਸ ਨੂੰ ਤੈਅ ਕਰਨ ਲਈ ਸਿੱਖ ਕੌਮ ਨੇ ਵੱਡੀਆਂ ਸ਼ਹਾਦਤਾਂ ਦਿੱਤੀਆਂ। ਉਨ੍ਹਾਂ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਇਸ ਵੱਲੋਂ ਇਤਿਹਾਸਕ ਗੁਰਦੁਆਰਿਆਂ ਦਾ ਪੰਥਕ ਮਰਯਾਦਾ ਅਨੁਸਾਰ ਪ੍ਰਬੰਧ ਚਲਾਉਣ ਦੇ ਨਾਲ-ਨਾਲ ਧਰਮ ਪ੍ਰਚਾਰ ਅਤੇ ਲੋਕ ਭਲਾਈ ਦੇ ਖੇਤਰ ਵਿਚ ਕੀਤੇ ਕਾਰਜਾਂ ਨੂੰ ਵੀ ਯਾਦ ਕੀਤਾ। ਇਸ ਮੌਕੇ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਮਨਜੀਤ ਸਿੰਘ ਬਾਠ ਅਤੇ ਸ. ਸੁਖਦੇਵ ਸਿੰਘ ਭੂਰਾਕੋਹਨਾ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਮੁੱਖ ਗ੍ਰੰਥੀ ਗਿਆਨੀ ਮੋਹਨ ਸਿੰਘ, ਰਾਗੀ ਭਾਈ ਗੁਰਮੇਲ ਸਿੰਘ, ਸਾਬਕਾ ਅਕਾਊਂਟੈਂਟ ਸ. ਗੁਰਚਰਨ ਸਿੰਘ, ਸਾਬਕਾ ਸੇਵਾਦਾਰ ਸ. ਕਰਨੈਲ ਸਿੰਘ ਤੇ ਸਾਬਕਾ ਸਫਾਈ ਸੇਵਾਦਾਰ ਭਾਈ ਗੁਰਦੇਵ ਚੰਦ ਨੂੰ ਉਨ੍ਹਾਂ ਦੀਆਂ ਸੇਵਾਵਾਂ ਬਦਲੇ ਸਨਮਾਨਿਤ ਵੀ ਕੀਤਾ ਗਿਆ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਦਰਬਾਰਾ ਸਿੰਘ ਗੁਰੂ, ਸ. ਰਣਜੀਤ ਸਿੰਘ ਤਲਵੰਡੀ, ਸ. ਕਰਨੈਲ ਸਿੰਘ ਪੰਜੋਲੀ, ਸ. ਅਜਮੇਰ ਸਿੰਘ ਖੇੜਾ, ਬੀਬੀ ਜੋਗਿੰਦਰ ਕੌਰ, ਸ. ਸਵਿੰਦਰ ਸਿੰਘ ਸਭਰਵਾਲ, ਸ. ਕੁਲਦੀਪ ਸਿੰਘ ਤੇੜਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਡਾ. ਪਰਮਜੀਤ ਸਿੰਘ ਸਰੋਆ, ਸਾਬਕਾ ਸਕੱਤਰ ਸ. ਜੋਗਿੰਦਰ ਸਿੰਘ ਅਦਲੀਵਾਲ, ਸ. ਸਤਬੀਰ ਸਿੰਘ ਧਾਮੀ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਸਤਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਨਿਸ਼ਾਨ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਸੁਲੱਖਣ ਸਿੰਘ ਭੰਗਾਲੀ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਅਤੇ ਸ਼੍ਰੋਮਣੀ ਕਮੇਟੀ ਦਾ ਸਮੁੱਚਾ ਸਟਾਫ਼ ਹਾਜ਼ਰ ਸੀ। ੧੫ ਨਵੰਬਰ

## ਸਿੱਖ ਕੈਦੀਆਂ ਨੂੰ ਰਿਹਾਅ ਕਰਨ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਵਾਗਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਠ ਸਿੱਖ ਕੈਦੀਆਂ ਦੀ ਰਿਹਾਈ ਦਾ ਸਵਾਗਤ ਕੀਤਾ ਗਿਆ ਹੈ। ਜਾਰੀ ਇਕ ਪ੍ਰੈੱਸ ਬਿਆਨ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਲੰਮੇ ਸਮੇਂ ਤੋਂ ਜ਼ੇਲ੍ਹਾਂ ਵਿਚ ਬੰਦ ਸਿੱਖ ਕੈਦੀਆਂ ਨੂੰ ਰਿਹਾਅ ਕਰਨਾ ਕੇਂਦਰ ਸਰਕਾਰ ਦਾ ਇਕ ਸਵਾਗਤਯੋਗ ਫੈਸਲਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਮੌਕੇ ਬੰਦੀ ਸਿੰਘਾਂ ਦੀ ਰਿਹਾਈ ਦਾ ਚੁੱਕਿਆ ਗਿਆ ਕਦਮ ਸਹੀ ਦਿਸ਼ਾ ਵਿਚ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਕੈਦੀਆਂ ਦੀ ਰਿਹਾਈ ਲਈ ਲੰਮੇ ਸਮੇਂ ਤੋਂ ਯਤਨ ਕੀਤੇ ਜਾਂਦੇ ਰਹੇ ਹਨ, ਜਿਸ ਦੇ ਨਤੀਜੇ ਵਜੋਂ ਇਹ ਸੰਭਵ ਹੋ ਸਕਿਆ ਹੈ। ੧੫ ਨਵੰਬਰ

## ਭਾਈ ਲੌਂਗੋਵਾਲ ਨੇ ਦਿੱਲੀ 'ਚ ਸਿੱਖ ਬੱਚੀ ਨੂੰ ਕਕਾਰਾਂ ਸਮੇਤ ਪ੍ਰੀਖਿਆ 'ਚ ਬੈਠਣ ਤੋਂ ਰੋਕਣ ਦੀ ਕੀਤੀ ਕਰੜੀ ਨਿੰਦਾ

ਅੰਮ੍ਰਿਤਸਰ- ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦਿੱਲੀ ਵਿਚ ਅੰਮ੍ਰਿਤਧਾਰੀ ਸਿੱਖ ਬੱਚੀ ਨੂੰ ਅਧੀਨ ਸੇਵਾਵਾਂ ਚੋਣ ਬੋਰਡ ਵੱਲੋਂ ਲਈ ਗਈ ਪ੍ਰੀਖਿਆ ਵਿਚ ਬੈਠਣ ਤੋਂ ਰੋਕਣ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਦਿੱਲੀ ਦੀ ਸਰਕਾਰ ਨੂੰ ਇਸ ਮਾਮਲੇ ਦੀ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕਕਾਰ ਸਿੱਖ ਰਹਿਣੀ ਦਾ ਅਹਿਮ ਹਿੱਸਾ ਹਨ ਅਤੇ ਭਾਰਤ ਅੰਦਰ ਸਿੱਖਾਂ ਨੂੰ ਸੰਵਿਧਾਨਕ ਤੌਰ 'ਤੇ ਇਸ ਦੀ ਅਜ਼ਾਦੀ ਹੈ, ਪ੍ਰੰਤੂ ਦੇਸ਼ ਅੰਦਰ ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਦੌਰਾਨ ਅਜਿਹੀ ਪ੍ਰੇਸ਼ਾਨੀ ਦਾ ਅਕਸਰ ਸਾਹਮਣਾ

ਕਰਨਾ ਪੈ ਰਿਹਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਕਈ ਵਾਰ ਭਾਰਤ ਅਤੇ ਵੱਖ-ਵੱਖ ਸੂਬਿਆਂ ਦੀ ਸਰਕਾਰਾਂ ਨੂੰ ਲਿਖਿਆ ਜਾ ਚੁੱਕਾ ਹੈ, ਪਰੰਤੂ ਹੈਰਾਨੀ ਦੀ ਗੱਲ ਹੈ ਕਿ ਫਿਰ ਵੀ ਜਾਣਬੁਝ ਕੇ ਸਿੱਖ ਵਿਦਿਆਰਥੀਆਂ ਨਾਲ ਇਹ ਧੱਕਾ ਕੀਤਾ ਜਾ ਰਿਹਾ ਹੈ। ੧੫ ਨਵੰਬਰ

# ਸ਼੍ਰੋਮਣੀ ਕਮੇਟੀ ਵੱਲੋਂ ਸ਼ਰਧਾ ਨਾਲ ਮਨਾਇਆ ਗਿਆ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ

ਅੰਮ੍ਰਿਤਸਰ- ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਣ ਪਹੁੰਚੀਆਂ। ਸਵੇਰ ਤੋਂ ਰਾਤ ਤੱਕ ਕਥਾ-ਕੀਰਤਨ ਦਾ ਪ੍ਰਵਾਹ ਲਗਾਤਾਰ ਜਾਰੀ ਰਿਹਾ। ਇਸ ਸਬੰਧ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਕਿਹਾ ਕਿ ਬਾਬਾ ਦੀਪ ਸਿੰਘ ਜੀ ਸ਼ਹੀਦ ਦਾ ਜੀਵਨ ਭਗਤੀ ਤੇ ਸ਼ਕਤੀ ਦਾ ਸੁਮੇਲ ਸੀ, ਜਿਸ ਤੋਂ ਸਾਨੂੰ ਗੁਰੂ ਸਾਹਿਬ ਨੂੰ ਸਮਰਪਿਤ ਹੋ ਕੇ ਜੀਵਨ ਜਿਉਣ ਦੀ ਪ੍ਰੇਰਨਾ ਮਿਲਦੀ ਹੈ। ਸਿੰਘ ਸਾਹਿਬ ਨੇ ਸੰਗਤ ਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਦੀ ਪ੍ਰੇਰਨਾ ਵੀ ਕੀਤੀ। ਇਸ ਤੋਂ ਇਲਾਵਾ ਪੰਥ ਪ੍ਰਸਿੱਧ ਢਾਡੀ, ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਬਾਬਾ ਦੀਪ ਸਿੰਘ ਜੀ ਦੀ ਲਾਸਾਨੀ ਸ਼ਹਾਦਤ ਤੋਂ ਜਾਣੂੰ ਕਰਵਾਇਆ ਅਤੇ ਕਵੀ ਦਰਬਾਰ ਦੌਰਾਨ ਹਾਜ਼ਰ ਕਵੀਆਂ ਨੇ ਹਾਜ਼ਰੀ ਭਰੀ।

ਇਸੇ ਦੌਰਾਨ ਬਾਅਦ ਦੁਪਹਿਰ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਭਾਈ ਹਰਨਾਮ ਸਿੰਘ ਹਜ਼ੂਰੀ ਰਾਗੀ ਜਥਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਭਾਈ ਬਲਵਿੰਦਰ ਸਿੰਘ ਰੰਗੀਲਾ ਚੰਡੀਗੜ੍ਹ ਵਾਲੇ, ਭਾਈ ਹਰਜੋਤ ਸਿੰਘ ਜ਼ਖਮੀ, ਭਾਈ ਗੁਰਦੇਵ ਸਿੰਘ ਆਸਟਰੇਲੀਆ, ਭਾਈ ਮਹਿਲ ਸਿੰਘ ਕਵੀਸ਼ਰ, ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ, ਬਾਬਾ ਦਰਸ਼ਨ ਸਿੰਘ ਗੁਮਟਾਲੇ ਵਾਲੇ, ਭਾਈ ਗਗਨਦੀਪ ਸਿੰਘ ਗੰਗਾਨਗਰ, ਭਾਈ ਹਰਵਿੰਦਰਪਾਲ ਸਿੰਘ ਲਿਟਲ, ਬੀਬਾ ਤਰਨਪ੍ਰੀਤ ਕੌਰ, ਭਾਈ ਦਲੇਰ ਸਿੰਘ ਅੰਮ੍ਰਿਤਸਰ ਨੇ ਸੰਗਤ ਗੁਰਬਾਣੀ ਕੀਰਤਨ ਤੇ ਗੁਰੂ ਜਸ ਸਰਵਣ ਕਰਵਾ ਕੇ ਨਿਹਾਲ ਕੀਤਾ। ਇਸ ਤੋਂ ਇਲਾਵਾ ਸੇਵਕ ਜਥਾ ਕੜਾਹਿ ਪ੍ਰਸ਼ਾਦਿ ਵੱਲੋਂ ਖ਼ੂਨਦਾਨ ਕੈਂਪ ਵੀ ਲਗਾਇਆ ਗਿਆ। ਬੱਚਿਆਂ ਦੇ ਦਸਤਾਰ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿਚ ੩੫੦ ਬੱਚਿਆਂ ਨੇ ਭਾਗ ਲਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਦਿਆਲ ਸਿੰਘ ਕੋਲਿਆਂਵਾਲੀ, ਭਾਈ ਅਜਾਇਬ ਸਿੰਘ ਅਭਿਆਸੀ, ਜਥੇਦਾਰ ਬਾਵਾ ਸਿੰਘ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਹਰਪ੍ਰੀਤ ਸਿੰਘ, ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ, ਭਾਈ ਤਰਸੇਮ ਸਿੰਘ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ੧੫ ਨਵੰਬਰ

# ਕੈਨੇਡਾ ਤੋਂ ਬੱਸ ਰਾਹੀਂ ਵਿਸ਼ਵ ਯਾਤਰਾ 'ਤੇ ਨਿਕਲੇ ਸਿੱਖਾਂ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨ

ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਸਬੰਧੀ ਕੈਨੇਡਾ ਤੋਂ ਵਿਸ਼ਵ ਯਾਤਰਾ 'ਤੇ ਨਿਕਲੇ ਸਿੱਖ ਸ਼ਰਧਾਲੂਆਂ ਦਾ ਸ੍ਰੀ ਅੰਮ੍ਰਿਤਸਰ ਪੁੱਜਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ। ਕੈਨੇਡਾ ਦੇ ਟੋਰਾਂਟੋ ਤੋਂ ਕਰੀਬ ਦੋ ਮਹੀਨੇ ਪਹਿਲਾਂ ਸ਼ੁਰੂ ਹੋਈ ਇਹ ਯਾਤਰਾ ਵੱਖ-ਵੱਖ ਦੇਸ਼ਾਂ ਤੋਂ ਹੁੰਦੀ ਹੋਈ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ

ਤੇ ਸ੍ਰੀ ਨਨਕਾਣਾ ਸਾਹਿਬ ਤੋਂ ਬਾਅਦ ਵਾਹਗਾ ਅਟਾਰੀ ਸਰਹੱਦ ਰਾਹੀਂ ਬੀਤੇ ਕੱਲ੍ਹ ਸ੍ਰੀ ਅੰਮ੍ਰਿਤਸਰ ਵਿਖੇ ਪੁੱਜੀ ਸੀ। ਯਾਤਰਾ 'ਚ ਸ਼ਾਮਲ ਇਹ ਸ਼ਰਧਾਲੂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਮਗਰੋਂ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਪੁੱਜੇ, ਜਿਥੇ ਉਨ੍ਹਾਂ ਦਾ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਹੋਰ ਅਧਿਕਾਰੀਆਂ ਨੇ ਸਨਮਾਨ ਕੀਤਾ। ਸ. ਗੁਰਚਰਨ ਸਿੰਘ ਬਨਵੈਤ ਦੀ ਅਗਵਾਈ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਅਕੀਦਤ ਭੇਟ ਕਰਨ ਨਿਕਲੇ ਇਸ ਜਥੇ ਵਿਚ ੮ ਮੈਂਬਰ ਸ਼ਾਮਲ ਹਨ। ਸ. ਬਨਵੈਤ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਨੇ ਕਰੀਬ ੨ ਮਹੀਨੇ ਦੇ ਸਫ਼ਰ ਦੌਰਾਨ ੧੭ ਦੇਸ਼ਾਂ ਦੀ ਯਾਤਰਾ ਕੀਤੀ ਹੈ। ਇਸ ਦੌਰਾਨ ਉਨ੍ਹਾਂ ਨੇ ਪਹਿਲੇ ਪਾਤਸ਼ਾਹ ਜੀ ਦੇ ਜੀਵਨ ਇਤਿਹਾਸ ਤੇ ਸਿੱਖਿਆਵਾਂ ਸਬੰਧੀ ਵੱਖ-ਵੱਖ ਦੇਸ਼ਾਂ ਵਿਚ ਸਾਹਿਤ ਵੀ ਵੰਡਿਆ। ਉਨ੍ਹਾਂ ਦੱਸਿਆ ਕਿ ਯਾਤਰਾ ਦਾ ਮੰਤਵ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਦੀ ਰੌਸ਼ਨੀ ਵਿਚ ਵਿਸ਼ਵ ਸ਼ਾਂਤੀ ਦਾ ਸੁਨੇਹਾ ਫੈਲਾਉਣਾ ਸੀ। ਉਨ੍ਹਾਂ ਕਿਹਾ ਕਿ ਹਰ ਦੇਸ਼ ਵਿਚ ਉਨ੍ਹਾਂ ਦਾ ਭਰਵਾਂ ਸਵਾਗਤ ਹੋਇਆ ਹੈ। ਜਿਨ੍ਹਾਂ ਦੇਸ਼ਾਂ ਵਿਚ ਸਿੱਖਾਂ ਦੀ ਵੱਸੋਂ ਨਹੀਂ ਹੈ, ਉਥੇ ਵੀ ਲੋਕਾਂ ਵੱਲੋਂ ਭਰਪੂਰ ਪਿਆਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਯਾਤਰਾ ਲਈ ਟੋਰਾਂਟੋ ਦੇ ਵਸਨੀਕ ਅਮੀਰ ਖਾਂ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ, ਜੋ ਪਿੱਛੋਂ ਲਾਹੌਰ ਦੇ ਰਹਿਣ ਵਾਲੇ ਹਨ। ਸ. ਬਨਵੈਤ ਅਨੁਸਾਰ ਉਨ੍ਹਾਂ ਨੇ ਯਾਤਰਾ ਦੌਰਾਨ ੨੧ ਹਜ਼ਾਰ ਕਿਲੋਮੀਟਰ ਦਾ ਸਫ਼ਰ ਤੈਅ ਕੀਤਾ। ਇਸ ਤਹਿਤ ਉਹ ਇੰਗਲੈਂਡ, ਪੈਰਸ, ਜਰਮਨ, ਸਵਿਟਰਜਰਲੈਂਡ, ਹਾਲੈਂਡ, ਬੈਲਜੀਅਮ, ਅਸਟ੍ਰੀਆ, ਹੰਗਰੀ, ਟਰਕੀ, ਇਰਾਨ, ਪਾਕਿਸਤਾਨ, ਭਾਰਤ ਆਦਿ ਦੇਸ਼ਾਂ ਵਿਚ ਗਏ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਗਏ ਸਨਮਾਨ ਲਈ ਧੰਨਵਾਦ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਅਜਿਹੀਆਂ ਯਾਤਰਾਵਾਂ ਵਿਸ਼ਵ 'ਚ ਸਿੱਖ ਪਛਾਣ ਨੂੰ ਉਭਾਰਨ 'ਚ ਵੱਡੀ ਭੂਮਿਕਾ ਨਿਭਾਉਂਦੀਆਂ ਹਨ। ਸਿੱਖ ਕੌਮ ਨੂੰ ਮਾਣ ਹੈ ਕਿ ਗੁਰੂ ਦੇ ਅਜਿਹੇ ਸਿੱਖ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨੂੰ ਪ੍ਰਚਾਰਨ 'ਚ ਲੱਗੇ ਹੋਏ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਮੌਕੇ ਵਿਸ਼ਵ ਭਰ ਵਿਚ ਵੱਸਦੇ ਸਿੱਖਾਂ ਨੇ ਆਪੋ-ਆਪਣੇ ਤਰੀਕੇ ਨਾਲ ਯੋਗਦਾਨ ਪਾਇਆ ਹੈ ਅਤੇ ਕੈਨੇਡਾ ਤੋਂ ਸ਼ੁਰੂ ਕੀਤੀ ਗਈ ਇਹ ਯਾਤਰਾ ਵੀ ਇਸੇ ਦਾ ਹੀ ਇਕ ਹਿੱਸਾ ਹੈ। ਦੱਸਣਯੋਗ ਹੈ ਕਿ ਪੰਜਾਬ ਅੰਦਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਸਥਾਨ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸਮੇਤ ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਮਗਰੋਂ ਇਹ ਯਾਤਰੀ ਮੁੰਬਈ ਤੋਂ ਵਾਪਸ ਕੈਨੇਡਾ ਲਈ ਰਵਾਨਾ ਹੋਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਨਿਸ਼ਾਨ ਸਿੰਘ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਮਲਕੀਤ ਸਿੰਘ ਬਹਿੜਵਾਲ ਅਤੇ ਹੋਰ ਮੌਜੂਦ ਸਨ।

੧੮ ਨਵੰਬਰ

# ਅਮਰੀਕੀ ਸੈਨੇਟ ਵੱਲੋਂ ਸਿੱਖਾਂ ਲਈ 'ਸ਼ਲਾਘਾ ਮਤੇ' ਦਾ ਭਾਈ ਲੌਂਗੋਵਾਲ ਨੇ ਕੀਤਾ ਸਵਾਗਤ

ਅੰਮ੍ਰਿਤਸਰ- ਅਮਰੀਕੀ ਸੈਨੇਟ ਵੱਲੋਂ ਸਿੱਖਾਂ ਸਬੰਧੀ ਸ਼ਲਾਘਾ ਮਤਾ ਪਾਸ ਕਰਨ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਵਾਗਤ ਕੀਤਾ ਹੈ। ਦੱਸਣਯੋਗ ਹੈ ਕਿ ਅਮਰੀਕਾ ਦੀ ਸੰਸਦ ਦੇ ਉਪਰਲੇ ਸਦਨ ਸੈਨੇਟ ਵਿਚ ਸਿੱਖਾਂ ਦੇ ਸਨਮਾਨ 'ਚ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਹੈ। ਇਸ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਦੇ ਇਤਿਹਾਸਕ, ਸੱਭਿਆਚਾਰਕ ਤੇ ਧਾਰਮਿਕ ਮਹੱਤਵ ਨੂੰ ਵੀ ਵਿਸ਼ੇਸ਼ ਤੌਰ 'ਤੇ ਦਰਸਾਇਆ ਗਿਆ ਹੈ। ਮਤੇ ਰਾਹੀਂ ੭ ਸਿੱਖਾਂ ਦੇ ਯੋਗਦਾਨ ਨੂੰ ਵੀ ਸਲਾਹਿਆ ਗਿਆ। ਇਹ ਮਤਾ ਵੀਰਵਾਰ ਨੂੰ ਪਾਸ ਕੀਤਾ ਗਿਆ ਸੀ।

*(ਬਾਕੀ ਪੰਨਾ ੪੩ 'ਤੇ)*

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਵਿਚ ਚੁਣੇ ਗਏ ਅਹੁਦੇਦਾਰ ਤੇ ਅੰਤ੍ਰਿੰਗ ਮੈਂਬਰ ਸਾਹਿਬਾਨ



ਭਾਈ ਗੋਬਿੰਦ ਸਿੰਘ ਲੌਂਗੋਵਾਲ
ਪ੍ਰਧਾਨ



ਭਾਈ ਰਜਿੰਦਰ ਸਿੰਘ ਮਹਿਤਾ
ਸੀਨੀਅਰ ਮੀਤ ਪ੍ਰਧਾਨ



ਸ. ਗੁਰਬਖਸ਼ ਸਿੰਘ ਖ਼ਾਲਸਾ
ਜੂਨੀਅਰ ਮੀਤ ਪ੍ਰਧਾਨ



ਸ. ਭੁਪਿੰਦਰ ਸਿੰਘ ਅਸੰਧ
ਅੰਤ੍ਰਿੰਗ ਮੈਂਬਰ



ਸ. ਹਰਜਿੰਦਰ ਸਿੰਘ ਧਾਮੀ
ਜਨਰਲ ਸਕੱਤਰ



ਸ. ਅਮਰਜੀਤ ਸਿੰਘ ਭਲਾਈਪੁਰ
ਅੰਤ੍ਰਿੰਗ ਮੈਂਬਰ



ਭਾਈ ਮਨਜਿੰਦਰ ਸਿੰਘ ਕੱਪੜਕੋਟੀ
ਅੰਤ੍ਰਿੰਗ ਮੈਂਬਰ



ਸ. ਜਗਸੀਰ ਸਿੰਘ ਮਾਂਗੇਆਣਾ
ਅੰਤ੍ਰਿੰਗ ਮੈਂਬਰ



ਸ. ਇੰਦਰਮੋਹਨ ਸਿੰਘ ਲਖਮੀਰਵਾਲਾ
ਅੰਤ੍ਰਿੰਗ ਮੈਂਬਰ



ਬੀਬੀ ਕੁਲਦੀਪ ਕੌਰ ਟੌਹੜਾ
ਅੰਤ੍ਰਿੰਗ ਮੈਂਬਰ



ਬੀਬੀ ਪਰਮਜੀਤ ਕੌਰ
ਅੰਤ੍ਰਿੰਗ ਮੈਂਬਰ



ਸ. ਦੁਰਜੀਤ ਸਿੰਘ ਕਰ
ਅੰਤ੍ਰਿੰਗ ਮੈਂਬਰ



ਸ. ਸ਼ੇਰ ਸਿੰਘ ਮੰਡਵਾਲਾ
ਅੰਤ੍ਰਿੰਗ ਮੈਂਬਰ



ਸ. ਜਸਮੇਰ ਸਿੰਘ ਲਾਛੜੂ
ਅੰਤ੍ਰਿੰਗ ਮੈਂਬਰ



ਸ. ਗੁਰਪਾਲ ਸਿੰਘ ਗੋਰਾ
ਅੰਤ੍ਰਿੰਗ ਮੈਂਬਰ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਦੌਰਾਨ ਚੁਣੇ ਗਏ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਮੇਤ ਅਹੁਦੇਦਾਰਾਂ ਤੇ ਅੰਤ੍ਰਿੰਗ ਮੈਂਬਰਾਂ ਨੂੰ ਸਿਰੋਪਾਓ ਦਿੰਦੇ ਹੋਏ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ, ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ। (27 ਨਵੰਬਰ)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਦੀ ਚੋਣ ਸਬੰਧੀ ਹੋਏ ਜਨਰਲ ਇਜਲਾਸ ਦੌਰਾਨ ਹਾਜ਼ਰ ਮੈਂਬਰ ਸਾਹਿਬਾਨ। (27 ਨਵੰਬਰ)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚੁਣੇ ਜਾਣ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ੁਕਰਾਨਾ ਕਰਨ ਸਮੇਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਚੁਣੇ ਗਏ ਹੋਰ ਅਹੁਦੇਦਾਰ ਤੇ ਅੰਤ੍ਰਿੰਗ ਕਮੇਟੀ ਮੈਂਬਰ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਤੀਜੀ ਵਾਰ ਪ੍ਰਧਾਨ ਚੁਣੇ 'ਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਮੂੰਹ ਮਿੱਠਾ ਕਰਵਾਉਂਦੇ ਹੋਏ ਅਕਾਲੀ ਆਗੂ ਡਾ. ਦਲਜੀਤ ਸਿੰਘ ਚੀਮਾ, ਮੁੱਖ ਸਕੱਤਰ ਡਾ. ਰੂਪ ਸਿੰਘ। ਨਾਲ ਹਨ ਸੀਨੀ: ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਭਾਈ ਅਮਰਜੀਤ ਸਿੰਘ ਚਾਵਲਾ ਤੇ ਸ. ਗੁਰਪ੍ਰੀਤ ਸਿੰਘ ਝੱਬਰ। (27 ਨਵੰਬਰ)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ, ਅਹੁਦੇਦਾਰਾਂ ਤੇ ਅੰਤ੍ਰਿੰਗ ਕਮੇਟੀ ਮੈਂਬਰਾਂ ਦੀ ਚੋਣ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਮੈਂਬਰਾਂ ਦੀ ਇਕੱਤਰਤਾ ਨੂੰ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ। (27 ਨਵੰਬਰ)



ਭਾਈ ਮਰਦਾਨਾ ਜੀ ਦੇ ਅਕਾਲ ਚਲਾਣਾ ਦਿਵਸ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਭਾਈ ਮਰਦਾਨਾ ਜੀ ਵਿਸ਼ਵ ਰਬਾਬੀ ਸੁਸਾਇਟੀ ਦੇ ਨੁਮਾਇੰਦਿਆਂ ਨੂੰ ਸਨਮਾਨਿਤ ਕਰਦੇ ਹੋਏ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਤੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ। (28 ਨਵੰਬਰ)



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਤੋਂ ਸਜਾਏ ਗਏ ਅੰਤਰਰਾਸ਼ਟਰੀ ਨਗਰ ਕੀਰਤਨ ਦੇ ਹਿਸਾਬ-ਕਿਤਾਬ ਸਬੰਧੀ ਸਬ-ਕਮੇਟੀ ਦੀ ਇਕੱਤਰਤਾ ਵਿਚ ਸ਼ਾਮਲ ਸ਼੍ਰੋਮਣੀ ਕਮੇਟੀ ਮੈਂਬਰ ਤੇ ਸਬ-ਕਮੇਟੀ ਦੇ ਮੁਖੀ ਜਥੇਦਾਰ ਤੋਤਾ ਸਿੰਘ, ਮੈਂਬਰ ਭਾਈ ਰਾਮ ਸਿੰਘ, ਸ. ਕਰਨੈਲ ਸਿੰਘ ਪੰਜੋਲੀ, ਸ. ਅਜਮੇਰ ਸਿੰਘ ਖੇੜਾ, ਸ. ਬਲਦੇਵ ਸਿੰਘ ਮਾਨ, ਸ. ਦਰਬਾਰਾ ਸਿੰਘ ਗੁਰੂ, ਸ. ਦਲਜੀਤ ਸਿੰਘ ਭਿੰਡਰ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਸਕੱਤਰ ਸਿੰਘ ਤੇ ਹੋਰ। (15 ਨਵੰਬਰ)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਗਏ ਸੈਮੀਨਾਰਾਂ ਤੇ ਵਿਚਾਰ ਗੋਸ਼ਟੀਆਂ ਸਬੰਧੀ ਰਿਪੋਰਟ ਤਿਆਰ ਕਰਨ ਲਈ ਸਬ-ਕਮੇਟੀ ਦੀ ਇਕੱਤਰਤਾ ਵਿਚ ਸ਼ਾਮਲ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਗੁਰਮੀਤ ਸਿੰਘ ਬੂਹ, ਬੀਬੀ ਕੁਲਦੀਪ ਕੌਰ ਟੌਹੜਾ, ਸ. ਚਰਨਜੀਤ ਸਿੰਘ ਕਾਲੇਵਾਲ, ਵੀ.ਸੀ. ਡਾ. ਪ੍ਰਿਤਪਾਲ ਸਿੰਘ, ਡਾ. ਪਰਮਵੀਰ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਤੇ ਹੋਰ। (21 ਨਵੰਬਰ)



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੈਨੇਡਾ ਤੋਂ ਬੱਸ ਰਾਹੀਂ ਵਿਸ਼ਵ ਯਾਤਰਾ 'ਤੇ ਨਿਕਲੇ ਸਿੱਖ ਯਾਤਰੀਆਂ ਦਾ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਸਨਮਾਨ ਕਰਦੇ ਹੋਏ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਅਤੇ ਹੋਰ। (18 ਨਵੰਬਰ)



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੰਡੀਅਨ ਐਸੋਸੀਏਸ਼ਨ ਕਾਈਰੋਪ੍ਰੈਕਟਿਕ ਡਾਕਟਰਜ਼ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਨਿਵਾਸ ਵਿਖੇ ਲਗਾਏ ਗਏ ਤਿੰਨ ਦਿਨਾਂ ਮੁਫ਼ਤ ਚੈੱਕਅੱਪ ਕੈਂਪ ਉਪਰੰਤ ਡਾਕਟਰਾਂ ਨੂੰ ਸਨਮਾਨਿਤ ਕਰਦੇ ਹੋਏ ਮੁੱਖ ਸਕੱਤਰ ਡਾ. ਰੂਪ ਸਿੰਘ। (22 ਨਵੰਬਰ)



ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ਼੍ਰੋਮਣੀ ਕਮੇਟੀ ਦੇ ਸਥਾਪਨਾ ਦਿਵਸ ਮੌਕੇ 'ਤੇ ਕਰਵਾਏ ਗਏ ਸਮਾਗਮ ਦੌਰਾਨ ਅਰਦਾਸ 'ਚ ਸ਼ਾਮਲ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ, ਅਧਿਕਾਰੀ ਤੇ ਕਰਮਚਾਰੀ। (15 ਨਵੰਬਰ)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਥਾਪਨਾ ਦਿਵਸ ਮੌਕੇ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ ਤੇ ਹੋਰ ਸਾਬਕਾ ਮੁਲਾਜ਼ਮਾਂ ਨੂੰ ਸਨਮਾਨਿਤ ਕਰਦੇ ਹੋਏ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਤੋਤਾ ਸਿੰਘ, ਭਾਈ ਮਨਜੀਤ ਸਿੰਘ, ਭਾਈ ਰਾਮ ਸਿੰਘ, ਸ. ਅਜਮੇਰ ਸਿੰਘ ਖੇੜਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਮਨਜੀਤ ਸਿੰਘ ਭੋਮਾ, ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਜਸਵਿੰਦਰ ਸਿੰਘ ਦੀਨਪੁਰ ਤੇ ਹੋਰ। (15 ਨਵੰਬਰ)



ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਜਾਂਦੀ ਧਾਰਮਿਕ ਪ੍ਰੀਖਿਆ ਵਿੱਚੋਂ ਇਸ ਸਾਲ ਮੈਰਿਟ 'ਚ ਆਏ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਮੀਤ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਨੇਸ਼ਾਨ ਸਿੰਘ, ਇੰਚਾਰਜ ਪ੍ਰੋ. ਸੁਖਦੇਵ ਸਿੰਘ, ਸ. ਸੁਖਬੀਰ ਸਿੰਘ, ਸ. ਕਰਤਾਰ ਸਿੰਘ ਤੇ ਹੋਰ। (23 ਨਵੰਬਰ)



ਹੈਂਡਬਾਲ ਵਿਚ ਸੋਨ ਤਗਮਾ ਪ੍ਰਾਪਤ ਕਰਨ ਵਾਲੇ ਖਿਡਾਰੀ ਸ. ਸ਼ਮਸ਼ੇਰ ਸਿੰਘ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ, ਮੈਂਬਰ ਬੀਬੀ ਹਰਜਿੰਦਰ ਕੌਰ, ਸਕੱਤਰ ਸ. ਮਨਜੀਤ ਸਿੰਘ ਬਾਠ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ ਅਤੇ ਹੋਰ। (26 ਨਵੰਬਰ)

(ਪੰਨਾ ੩੪ ਦਾ ਬਾਕੀ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸਿੱਖ ਪੂਰੇ ਵਿਸ਼ਵ ਵਿਚ ਆਪਣੀ ਮਿਹਨਤ ਤੇ ਲਿਆਕਤ ਨਾਲ ਉੱਚ ਬੁਲੰਦੀਆਂ ਛੂਹ ਰਹੇ ਹਨ। ਇਹ ਆਪਣੇ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਅਤੇ ਸਿੱਖ ਰਹਿਣੀ ਅਨੁਸਾਰ ਹਰ ਇਕ ਨਾਲ ਮਿਲਵਰਤਨ ਰੱਖਦੇ ਹਨ। ਅੱਜ ਕਈ ਵਿਕਸਤ ਦੇਸ਼ਾਂ ਅੰਦਰ ਸਿੱਖ ਸਰਕਾਰਾਂ ਦਾ ਹਿੱਸਾ ਹੋਣ ਦੇ ਨਾਲ-ਨਾਲ ਵੱਖ-ਵੱਖ ਉੱਚ ਅਹੁਦਿਆਂ ਤੱਕ ਪਹੁੰਚੇ ਹੋਏ ਹਨ। ਵਿਦੇਸ਼ਾਂ ਅੰਦਰ ਕਾਰੋਬਾਰੀ ਸਿੱਖਾਂ ਦੀ ਵੀ ਸੂਚੀ ਬੇਅੰਤ ਲੰਮੀ ਹੈ। ਸੇਵਾ, ਸਿਮਰਨ ਦੀ ਪ੍ਰੰਪਰਾ ਦੇ ਵਾਰਸ ਸਿੱਖ ਹਰ ਮੁਸ਼ਕਲ ਘੜੀ ਮਨੁੱਖਤਾ ਦੀ ਮੱਦਦ ਵਿਚ ਅੱਗੇ ਰਹੇ। ਅਮਰੀਕਾ ਵੱਲੋਂ ਸਿੱਖਾਂ ਦੇ ਯੋਗਦਾਨ ਦੀ ਸ਼ਲਾਘਾ ਕਰਨੀ ਗੁਰੂ ਸਾਹਿਬ ਜੀ ਦੀ ਸ਼ਾਨਾਮੱਤੀ ਵਿਰਾਸਤ ਤੇ ਵਿਚਾਰਧਾਰਾ ਦਾ ਸਤਿਕਾਰ ਹੈ। ੧੮ ਨਵੰਬਰ

# ਉੜੀਸਾ ਸਰਕਾਰ ਸਿੱਖ ਯਾਦਗਾਰਾਂ ਨੂੰ ਸੁਰੱਖਿਅਤ ਰੱਖਣ ਲਈ ਸੰਜੀਦਾ ਹੋਵੇ -ਭਾਈ ਲੌਂਗੋਵਾਲ

ਅੰਮ੍ਰਿਤਸਰ- ਉੜੀਸਾ ਦੇ ਜਗਨਨਾਥ ਪੁਰੀ 'ਚ ਪਹਿਲੇ ਪਾਤਸ਼ਾਹ ਜੀ ਨਾਲ ਸੰਬੰਧਤ ਇਤਿਹਾਸਕ ਅਸਥਾਨਾਂ ਦੀ ਸੁਰੱਖਿਆ ਲਈ ਉੜੀਸਾ ਸਰਕਾਰ ਨੂੰ ਸੰਜੀਦਾ ਭੂਮਿਕਾ ਨਿਭਾਉਣੀ ਚਾਹੀਦੀ ਹੈ ਅਤੇ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਵਿਕਾਸ ਦੇ ਨਾਮ 'ਤੇ ਕਿਸੇ ਵੀ ਇਤਿਹਾਸਕ ਯਾਦਗਾਰ ਨੂੰ ਨੁਕਸਾਨ ਨਾ ਪਹੁੰਚੇ। ਪੁਰੀ ਸਥਿਤ ਮੰਗੂ ਮੱਠ ਅਤੇ ਪੰਜਾਬੀ ਮੱਠ ਨੂੰ ਢਾਹੁਣ ਦਾ ਖਦਸ਼ਾ ਮੁੜ ਪ੍ਰਗਟ ਹੋਣ ਦੀਆਂ ਮੀਡੀਆ ਰਿਪੋਰਟਾਂ ਮਗਰੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਹ ਪ੍ਰਗਟਾਵਾ ਕੀਤਾ ਹੈ। ਇਥੋਂ ਜਾਰੀ ਪ੍ਰੈਸ ਬਿਆਨ ਵਿਚ ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਮਾਮਲੇ ਵਿਚ ਪਹਿਲਾਂ ਵੀ ਉੜੀਸਾ ਸਰਕਾਰ ਅਤੇ ਸਥਾਨਕ ਪ੍ਰਸ਼ਾਸਨ ਤਕ ਪਹੁੰਚ ਕਰ ਚੁੱਕੀ ਹੈ। ਇਸ ਤੋਂ ਇਲਾਵਾ ਭਾਰਤ ਸਰਕਾਰ ਨਾਲ ਵੀ ਗੱਲਬਾਤ ਕੀਤੀ ਗਈ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਇਕ ਵਾਰ ਫਿਰ ਜਗਨਨਾਥ ਪੁਰੀ ਵਿਚ ਪਹਿਲੇ ਪਾਤਸ਼ਾਹ ਦੀਆਂ ਯਾਦਗਾਰਾਂ ਢਾਹੁਣ ਦਾ ਖਦਸ਼ਾ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਦੇਸ਼ ਦੁਨੀਆਂ ਵਿਚ ਧਰਮ ਪ੍ਰਚਾਰ ਯਾਤਰਾਵਾਂ ਕੀਤੀਆਂ ਅਤੇ ਉਹ ਜਿਥੇ ਜਿਥੇ ਵੀ ਗਏ ਉਥੇ ਉਥੇ ਹੀ ਗੁਰੂ ਸਾਹਿਬ ਦੀਆਂ ਪਾਵਨ ਯਾਦਗਾਰਾਂ ਸਦੀਆਂ ਤੋਂ ਸੁਸ਼ੋਭਿਤ ਹਨ। ਗੁਰੂ ਸਾਹਿਬ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਮੌਕੇ ਉਨ੍ਹਾਂ ਨਾਲ ਸੰਬੰਧਤ ਯਾਦਗਾਰਾਂ ਨੂੰ ਢਾਹੁਣ ਦੇ ਖਦਸ਼ੇ ਦੀਆਂ ਖਬਰਾਂ ਦੁਖਦਾਈ ਹਨ। ਭਾਈ ਲੌਂਗੋਵਾਲ ਨੇ ਕਿਹਾ ਕਿ ਗੁਰੂ ਸਾਹਿਬ ਨੇ ਜਗਨਨਾਥ ਪੁਰੀ ਦੀ ਯਾਤਰਾ ਉਥੋਂ ਦੇ ਵਸਨੀਕਾਂ ਦੇ ਜੀਵਨ ਸੁਧਾਰ ਲਈ ਕੀਤੀ ਸੀ ਅਤੇ ਇਸ ਲਈ ਸਥਾਨਕ ਸਰਕਾਰ ਅਤੇ ਪ੍ਰਸ਼ਾਸਨ ਦਾ ਫਰਜ਼ ਬਣਦਾ ਹੈ ਕਿ ਉਹ ਇਨ੍ਹਾਂ ਇਤਿਹਾਸਕ ਯਾਦਗਾਰਾਂ ਦੀ ਸਾਂਭ-ਸੰਭਾਲ ਕਰੇ। ਬਾਰ-ਬਾਰ ਯਾਦਗਾਰਾਂ ਢਾਹੁਣ ਦੀਆਂ ਖਬਰਾਂ ਸਰਕਾਰ ਦੀ ਮਨਸ਼ਾ ਉਪਰ ਸ਼ੱਕ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਕ ਪਾਸੇ ਸਰਕਾਰ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਗੁਰਦੁਆਰਾ ਬਾਵਲੀ ਮੱਠ ਸਾਹਿਬ ਦੇ ਵਿਕਾਸ ਅਤੇ ਸੇਵਾ ਸਬੰਧੀ ਸ਼੍ਰੋਮਣੀ ਕਮੇਟੀ ਦੀ ਰਾਇ ਅਨੁਸਾਰ ਕਾਰਜ ਕਰਨ ਦਾ ਭਰੋਸਾ ਦਿੱਤਾ ਜਾ ਚੁੱਕਾ ਹੈ ਜਦਕਿ ਦੂਜੇ ਪਾਸੇ ਮੰਗੂ ਮੱਠ ਅਤੇ ਪੰਜਾਬੀ ਮੱਠ ਨੂੰ ਢਾਹੁਣ ਦੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਮਾਮਲੇ ਵਿਚ ਉੜੀਸਾ ਸਰਕਾਰ ਤੇ ਪ੍ਰਸ਼ਾਸਨ ਨੂੰ ਸਿੱਖ ਯਾਦਗਾਰਾਂ ਜ਼ਬਰੀ ਢਾਹੁਣ ਦੀ ਕਾਰਵਾਈ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ੧੯ ਨਵੰਬਰ

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ 13 ਸੈਮੀਨਾਰ ਤੇ 51 ਵਿਚਾਰ ਗੋਸ਼ਟੀਆਂ ਆਯੋਜਿਤ

ਸ੍ਰੀ ਫ਼ਤਹਿਗੜ੍ਹ ਸਾਹਿਬ- ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੁਨੀਆਂ ਦੇ ਹਰ ਕੋਨੇ ਵਿਚ ਗੁਰੂ ਸਾਹਿਬ ਜੀ ਦੇ ਸਿਧਾਂਤਾਂ ਦੇ ਪ੍ਰਚਾਰ-ਪਸਾਰ ਨੂੰ ਮੱਦੇਨਜ਼ਰ ਵਿਸ਼ਾਲ ਸਮਾਗਮ ਉਲੀਕੇ ਗਏ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਫਲਸਫੇ ਦੇ ਆਧਾਰਿਤ ਵਿਚਾਰ ਗੋਸ਼ਟੀਆਂ ਸੰਬੰਧੀ ਇੱਕ ਵਿਸ਼ੇਸ਼ ਸੈਮੀਨਾਰ ਕਮੇਟੀ ਦਾ ਗਠਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਅਗਵਾਈ ਵਿਚ ਕੀਤਾ ਗਿਆ। ਉਸ ਸੈਮੀਨਾਰ ਕਮੇਟੀ ਦੀ ਲੇਖਾ ਜੋਖਾ ਇਕੱਤਤਰਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਕੀਤੀ ਗਈ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਅਗਵਾਈ ਵਿਚ ਹੋਈ ਇਸ ਮੀਟਿੰਗ ਵਿਚ ਸੈਮੀਨਾਰ ਕਮੇਟੀ ਵੱਲੋਂ ਆਯੋਜਿਤ ੧੩ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੈਮੀਨਾਰਾਂ ਤੋਂ ਇਲਾਵਾ ੫੧ ਵਿਚਾਰ ਗੋਸ਼ਟੀਆਂ ਦਾ ਲੇਖਾ ਜੋਖਾ ਪੇਸ਼ ਕੀਤਾ ਗਿਆ। ਇੱਥੇ ਜ਼ਿਕਰਯੋਗ ਹੈ ਕਿ ੧੩ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੈਮੀਨਾਰ ਨੇਪਾਲ, ਮੁੰਬਈ, ਹਿੰਦੂ ਯੂਨੀਵਰਸਿਟੀ ਬਨਾਰਸ, ਜੇ.ਆਈ.ਐੱਸ. ਯੂਨੀਵਰਸਿਟੀ ਕਲਕੱਤਾ, ਨੈਸ਼ਨਲ ਯੂਨੀਵਰਸਿਟੀ, ਜੈਪੁਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ, ਗੁਰੂ ਨਾਨਕ ਇੰਜੀਨੀਅਰਿੰਗ ਕਾਲਜ, ਲੁਧਿਆਣਾ, ਗੁਰਦੁਆਰਾ ਪੰਜੋਖਰਾ ਸਾਹਿਬ (ਹਰਿਆਣਾ), ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਸਾਬੋ ਕੀ ਤਲਵੰਡੀ, ਤਖ਼ਤ ਸ੍ਰੀ ਦਮਦਮਾ ਸਾਹਿਬ, ਗੁਰੂ ਨਾਨਕ ਗਰਲਜ਼ ਕਾਲਜ, ਮੁਕਤਸਰ ਸਾਹਿਬ, ਖ਼ਾਲਸਾ ਕਾਲਜ, ਪਟਿਆਲਾ ਵਿਖੇ ਆਯੋਜਿਤ ਕੀਤੇ ਗਏ। ਜਿਨ੍ਹਾਂ ਵਿਚ ਦੇਸ਼ ਅਤੇ ਵਿਦੇਸ਼ ਵਿਚੋਂ ਵੱਖ ਵੱਖ ਧਰਮਾਂ ਦੇ ਬੁੱਧੀਜੀਵੀ, ਇਤਿਹਾਸਕਾਰ ਅਤੇ ਧਾਰਮਿਕ ਆਗੂਆਂ ਨੇ ਵੱਡੀ ਸ਼ਮੂਲੀਅਤ ਕਰਕੇ ਗੁਰੂ ਨਾਨਕ ਦੇਵ ਜੀ ਦੇ ਜੀਵਨ, ਬਾਣੀ, ਯਾਤਰਾਵਾਂ, ਵਾਤਾਵਰਣ, ਸਿਧਾਂਤ, ਵੱਖ ਵੱਖ ਭਾਸ਼ਾਵਾਂ, ਔਰਤ ਜਾਤ, ਜੋਤਿ ਅਤੇ ਜੁਗਤ, ਮਨੁੱਖੀ ਬਰਾਬਰਤਾ ਆਦਿ ਵਿਸ਼ਿਆਂ 'ਤੇ ਆਧਾਰਿਤ ਵਿਚਾਰ ਚਰਚਾਵਾਂ ਕੀਤੀਆਂ। ਇਨ੍ਹਾਂ ਸਮਾਗਮਾਂ ਦੀ ਵਿਸ਼ੇਸ਼ ਵਿਲੱਖਣਤਾ ਇਸ ਤਰ੍ਹਾਂ ਦੇਖਣ ਵਿਚ ਆਈ ਕਿ ਇਹ ਸਾਰੇ ਸਮਾਗਮ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ ਅੰਦਰ ਕੀਤੇ ਗਏ, ਜਿਸਦੀ ਸਮੁੱਚੇ ਰੂਪ ਵਿਚ ਸ਼ਲਾਘਾ ਕੀਤੀ ਗਈ। ਇਸ ਸੈਮੀਨਾਰ ਕਮੇਟੀ ਦੇ ਪ੍ਰੋਗਰਾਮ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸੰਬੰਧਤ ਸਮੁੱਚੇ ਕਾਲਜ ਅਤੇ ਸਕੂਲਾਂ ਵਿਚ ਵੀ ਵਿਚਾਰ ਗੋਸ਼ਟੀਆਂ ਅਤੇ ਧਾਰਮਿਕ ਸਮਾਗਮਾਂ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਲਗਭਗ ੩੫੦੦੦ (ਪੈਂਤੀ ਹਜ਼ਾਰ) ਵਿਦਿਆਰਥੀਆਂ ੨੫੦੦ (ਪੱਚੀ ਸੌ) ਅਧਿਆਪਕਾਂ ਅਤੇ ਸਹਿਯੋਗੀਆਂ ਨੇ ਭਾਗ ਲਿਆ। ਇਹਨਾਂ ਸਮਾਗਮਾਂ ਨੂੰ ੧੯੮ ਬੁਲਾਰਿਆਂ ਨੇ ਆਪਣੇ ਖੋਜ ਪੇਪਰਾਂ ਰਾਹੀਂ ਸੰਬੋਧਨ ਕੀਤਾ ਜਿਨ੍ਹਾਂ ਵਿਚੋਂ ਅੱਜ ੧੦੪ ਖੋਜ ਪੇਪਰਾਂ ਦਾ ਇੱਕ ਸੰਗ੍ਰਹਿ ਡਾ. ਤੇਜਿੰਦਰ ਕੌਰ ਧਾਲੀਵਾਲ, ਡਾਇਰੈਕਟਰ (ਸਿੱਖਿਆ) ਐੱਸ.ਜੀ.ਪੀ.ਸੀ., ਡਾ. ਪਰਮਵੀਰ ਸਿੰਘ, ਮੁਖੀ ਇਨਸਾਈਕਲੋਪੀਡੀਆ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਅਤੇ ਡਾ. ਗੁਰਤੇਜ ਸਿੰਘ, ਟੌਹੜਾ ਇੰਸਟੀਚਿਊਟ, ਬਹਾਦਰਗੜ੍ਹ (ਪਟਿਆਲਾ) ਦੇ ਵਿਸ਼ੇਸ਼ ਸਹਿਯੋਗ ਸਦਕਾ ਇਕੱਤਰ ਕੀਤਾ ਗਿਆ। ਜਿਹੜਾ ਕਿ ਆਗਾਮੀ ਦਿਨਾਂ ਅੰਦਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਜੀ ਲੌਂਗੋਵਾਲ ਨੂੰ ਇੱਕ ਇਤਿਹਾਸਕ ਖੋਜ ਭਰਪੂਰ ਦਸਤਾਵੇਜ਼ ਦੇ ਤੌਰ ਤੇ ਸੌਂਪਿਆ ਜਾਵੇਗਾ। ਇਸ ਕਮੇਟੀ ਵੱਲੋਂ ਪੁੰਗਰ ਰਹੀ ਨੌਜਵਾਨ ਪੀੜ੍ਹੀ ਨੂੰ ਗੁਰੂ ਨਾਨਕ ਦੇਵ ਜੀ ਦੀ ਬਾਣੀ ਜਪੁਜੀ ਸਾਹਿਬ ਪੜ੍ਹਨ, ਦ੍ਰਿੜ ਕਰਵਾਉਣ ਅਤੇ ਕੰਠ ਕਰਵਾਉਣ ਦਾ ਵੱਡਾ ਉਪਰਾਲਾ ਕੀਤਾ ਗਿਆ। ਜਿਸ ਵਿਚ ੨੨ ਅਕਤੂਬਰ ਨੂੰ ਤਿੰਨ ਤਖ਼ਤ ਸਾਹਿਬਾਨ ਦੇ ਸਨਮੁੱਖ ੩੧੦੦੦ (ਇਕੱਤੀ ਹਜ਼ਾਰ) ਸਕੂਲੀ ਬੱਚਿਆਂ ਨੇ ਜਪੁਜੀ ਸਾਹਿਬ

ਪਾਠ ਦੇ ਸਮਾਗਮ ਵਿਚ ਹਿੱਸਾ ਲਿਆ। ਅੱਜ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਕਮੇਟੀ ਦੇ ਸਹਿਯੋਗੀ ਮੈਂਬਰਾਂ ਅਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਸਾਹਿਬਾਨ ਦਾ ਵਿਸ਼ੇਸ਼ ਧੰਨਵਾਦ ਅਤੇ ਸਨਮਾਨ ਕੀਤਾ ਗਿਆ। ਇਸ ਮੀਟਿੰਗ ਵਿਚ ਭਾਈ ਗੁਰਚਰਨ ਸਿੰਘ ਗਰੇਵਾਲ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਹਰਜਿੰਦਰ ਕੌਰ ਚੰਡੀਗੜ੍ਹ, ਬੀਬੀ ਪਰਮਜੀਤ ਕੌਰ ਲਾਂਡਰਾਂ, ਜਥੇਦਾਰ ਜੈਪਾਲ ਸਿੰਘ ਮੰਡੀਆਂ, ਜਥੇਦਾਰ ਗੁਰਮੀਤ ਸਿੰਘ ਬੂਹ, ਜਥੇਦਾਰ ਚਰਨਜੀਤ ਸਿੰਘ ਕਾਲੇਵਾਲ, ਜਥੇਦਾਰ ਸੁੱਖਹਰਪ੍ਰੀਤ ਸਿੰਘ ਰੋਡੇ (ਸਾਰੇ ਮੈਂਬਰ ਸ਼੍ਰੋਮਣੀ ਗੁ: ਪ੍ਰ: ਕਮੇਟੀ), ਸ. ਸੁਖਦੇਵ ਸਿੰਘ ਭੂਰਾਕੋਹਨਾ, ਐਡੀਸ਼ਨਲ ਸਕੱਤਰ, ਕੋ-ਆਰਡੀਨੇਟਰ ਸੈਮੀਨਾਰ ਕਮੇਟੀ, ਭਗਵੰਤ ਸਿੰਘ ਧੰਗੇੜਾ, ਸਹਿ-ਕੋਆਰਡੀਨੇਟਰ ਅਤੇ ਡਾ. ਪ੍ਰਿਤਪਾਲ ਸਿੰਘ, ਵਾਈਸ ਚਾਂਸਲਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ੨੧ ਨਵੰਬਰ

## ਸ਼੍ਰੋਮਣੀ ਕਮੇਟੀ ਵੱਲੋਂ ਕੇਂਦਰੀ ਜੇਲ੍ਹ ਵਿਖੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ

ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਥਾਨਕ ਕੇਂਦਰੀ ਜ਼ੇਲ੍ਹ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿਚ ਧਰਮ ਪ੍ਰਚਾਰ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਚਾਰਧਾਰਾ ਅਤੇ ਉਨ੍ਹਾਂ ਦੇ ਜੀਵਨ ਇਤਿਹਾਸ ਸਬੰਧੀ ਸੰਗਤਾਂ ਨੂੰ ਜਾਣੂ ਕਰਵਾਇਆ। ਜ਼ੇਲ੍ਹ ਅੰਦਰ ਸਥਿਤ ਗੁਰਦੁਆਰਾ ਸਾਹਿਬ ਵਿਖੇ ਹੋਏ ਇਸ ਗੁਰਮਤਿ ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਜੀਤ ਸਿੰਘ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ। ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਗੁਰਬਾਣੀ ਦੀ ਰੌਸ਼ਨੀ ਵਿਚ ਜੀਵਨ ਜਿਊਣ ਦੀ ਪ੍ਰੇਰਣਾ ਕਰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਨੂੰ ਸਮੁੱਚੀ ਮਾਨਵਤਾ ਲਈ ਪ੍ਰੇਰਣਾ ਦਾ ਸਮਾਂ ਦੱਸਿਆ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਪੁਰਬ ਨੂੰ ਸਮਰਪਿਤ ਹੁੰਦਿਆਂ ਗੁਰੂ ਸਾਹਿਬ ਜੀ ਦੇ ਪਾਵਨ ਉਪਦੇਸ਼ਾਂ ਨੂੰ ਕਮਾਉਣਾ ਸਾਡੀ ਪਹਿਲ ਹੋਣੀ ਚਾਹੀਦੀ ਹੈ। ਇਹੀ ਗੁਰੂ ਸਾਹਿਬ ਨੂੰ ਸੱਚਾ ਸੁੱਚਾ ਸਤਿਕਾਰ ਹੈ। ਇਸ ਦੌਰਾਨ ਪ੍ਰਚਾਰਕ ਭਾਈ ਸੁਖਵੰਤ ਸਿੰਘ ਨੇ ਵੀ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਮੌਕੇ ਜ਼ੇਲ੍ਹ ਪ੍ਰਸਾਸ਼ਨ ਵੱਲੋਂ ਡੀ.ਐਸ.ਪੀ. ਸ. ਬਲਵਿੰਦਰ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ ਦਾ ਸਮਾਗਮ ਵਿਚ ਭਰਵਾਂ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਪ੍ਰਚਾਰਕਾਂ ਨੂੰ ਹਰ ਸੰਗਰਾਂਦ ਸਮੇਂ ਜ਼ੇਲ੍ਹ ਦੇ ਗੁਰਦੁਆਰਾ ਸਾਹਿਬ ਵਿਖੇ ਗੁਰਮਤਿ ਪ੍ਰਚਾਰ ਲਈ ਸੱਦਾ ਦਿੱਤਾ। ੨੧ ਨਵੰਬਰ

## ਭਾਈ ਲੌਂਗੋਵਾਲ ਨੇ ਸ. ਸੱਜਣ ਤੇ ਸ. ਬੈਂਸ ਨੂੰ ਕੈਨੇਡਾ ਦੇ ਮੰਤਰੀ ਮੰਡਲ 'ਚ ਸ਼ਾਮਲ ਹੋਣ 'ਤੇ ਦਿੱਤੀ ਵਧਾਈ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੈਨੇਡਾ ਸਰਕਾਰ ਅੰਦਰ ਮੰਤਰੀ ਬਣਨ 'ਤੇ ਸ. ਹਰਜੀਤ ਸਿੰਘ ਸੱਜਣ ਤੇ ਸ. ਨਵਦੀਪ ਸਿੰਘ ਬੈਂਸ ਸਮੇਤ ਚਾਰ ਪੰਜਾਬੀ ਮੰਤਰੀਆਂ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਪੰਜਾਬੀਆਂ ਦਾ ਵਿਦੇਸ਼ਾਂ ਅੰਦਰ ਮਾਣ ਹੋਰ ਵਧਿਆ ਹੈ। ਭਾਈ ਲੌਂਗੋਵਾਲ ਨੇ ਸ. ਸੱਜਣ ਅਤੇ ਸ. ਬੈਂਸ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀਆਂ ਇਹ ਪ੍ਰਾਪਤੀਆਂ ਸਿੱਖਾਂ ਲਈ ਮਾਣਮੱਤੀਆਂ ਹਨ। ਸਿੱਖ ਕੌਮ ਨੂੰ ਉਨ੍ਹਾਂ 'ਤੇ ਮਾਣ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਕੈਨੇਡਾ ਅੰਦਰ ਸਾਬਤ ਸੂਰਤ ਦਸਤਾਰਧਾਰੀ ਗੁਰਸਿੱਖਾਂ ਦੇ ਮੰਤਰੀ

ਬਣਨ ਨਾਲ ਵਿਦੇਸ਼ਾਂ ਅੰਦਰ ਸਿੱਖ ਪਛਾਣ ਨੂੰ ਹੋਰ ਬਲ ਮਿਲੇਗਾ। ਉਨ੍ਹਾਂ ਕਿਹਾ ਕਿ ਅੱਜ ਜਦੋਂ ਸਿੱਖਾਂ ਨੂੰ ਵਿਦੇਸ਼ਾਂ ਅੰਦਰ ਪਛਾਣ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤਾਂ ਉਸ ਸਮੇਂ ਸਿੱਖਾਂ ਦਾ ਵਿਕਸਿਤ ਦੇਸ਼ ਵਿਚ ਮੰਤਰੀ ਪਦ 'ਤੇ ਹੋਣਾ ਖਾਸ ਮਹੱਤਵ ਰੱਖਦਾ ਹੈ। ਉਨ੍ਹਾਂ ਕੈਨੇਡਾ ਦੇ ਪ੍ਰਧਾਨ ਮੰਤਰੀ ਸ੍ਰੀ ਜਸਟਿਨ ਟਰੂਡੋ ਨੂੰ ਵੀ ਮੁੜ ਸੱਤਾ ਹਾਸਲ ਕਰਨ 'ਤੇ ਵਧਾਈ ਦਿੱਤੀ। ਉਨ੍ਹਾਂ ਸ੍ਰੀ ਟਰੂਡੋ ਦਾ ਪੰਜਾਬੀਆਂ ਅਤੇ ਖ਼ਾਸਕਰ ਸਿੱਖਾਂ ਨੂੰ ਮੰਤਰੀ ਮੰਡਲ ਵਿਚ ਸ਼ਾਮਲ ਕਰਨ 'ਤੇ ਧੰਨਵਾਦ ਵੀ ਕੀਤਾ। ੨੨ ਨਵੰਬਰ

# ਸ੍ਰੀ ਗੁਰੂ ਰਾਮਦਾਸ ਲੰਗਰ ਲਈ ਘਿਓ ਦੇ ਟੈਂਡਰ ਸਬੰਧੀ ਦੋਸ਼ ਬੇਬੁਨਿਆਦ -ਸ. ਮਿੱਠੂ ਸਿੰਘ ਕਾਹਨੇਕੇ

ਅੰਮ੍ਰਿਤਸਰ- ਸ੍ਰੀ ਦਰਬਾਰ ਸਾਹਿਬ ਵਿਖੇ ਸ੍ਰੀ ਗੁਰੂ ਰਾਮਦਾਸ ਲੰਗਰ ਘਰ ਲਈ ਵਰਤੇ ਜਾਂਦੇ ਦੇਸੀ ਘਿਓ ਦੇ ਟੈਂਡਰ ਸਬੰਧੀ ਸ. ਮਨਦੀਪ ਸਿੰਘ ਮੰਨਾ ਦੇ ਦੋਸ਼ਾਂ ਨੂੰ ਨਕਾਰਦਿਆਂ ਸ਼੍ਰੋਮਣੀ ਕਮੇਟੀ ਅਤੇ ਖਰੀਦ ਸਬ-ਕਮੇਟੀ ਦੇ ਮੈਂਬਰ ਸ. ਮਿੱਠੂ ਸਿੰਘ ਕਾਹਨੇਕੇ ਨੇ ਕਿਹਾ ਕਿ ਸ. ਮੰਨਾ ਵੱਲੋਂ ਇਹ ਜਾਣਬੁਝ ਕੇ ਸੰਸਥਾ ਨੂੰ ਬਦਨਾਮ ਕਰਨ ਅਤੇ ਫੋਕੀ ਸ਼ੌਹਰਤ ਹਾਸਲ ਕਰਨ ਲਈ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਘਿਓ ਦਾ ਟੈਂਡਰ ਦੇਣ ਸਮੇਂ ਇਸ਼ਤਿਹਾਰ ਰਾਹੀਂ ਪੂਰੇ ਭਾਰਤ ਭਰ ਦੇ ਪ੍ਰਾਈਵੇਟ ਅਤੇ ਸਹਿਕਾਰੀ ਅਦਾਰਿਆਂ ਨੂੰ ਬੁਲਾਇਆ ਗਿਆ ਸੀ। ਦਿੱਲੀ, ਹਰਿਆਣਾ, ਮਹਾਰਾਸ਼ਟਰ ਸਮੇਤ ਕਈ ਸੂਬਿਆਂ ਤੋਂ ਸਹਿਕਾਰੀ ਅਦਾਰਿਆਂ ਵੱਲੋਂ ਰੇਟ ਦਿੱਤੇ ਗਏ, ਜਦਕਿ ਵੇਰਕਾ ਦਾ ਰੇਟ ਸਭ ਤੋਂ ਘੱਟ ੩੧੯ ਰੁਪਏ ੮੦ ਪੈਸੇ ਪ੍ਰਤੀ ਕਿਲੋ ਹੋਣ ਕਰਕੇ ਉਸ ਨੂੰ ਟੈਂਡਰ ਦਿੱਤਾ ਗਿਆ, ਜੋ ਜੀ.ਐਸ.ਟੀ. ਲੱਗਣ ਉਪਰੰਤ ਸ਼੍ਰੋਮਣੀ ਕਮੇਟੀ ਨੂੰ ੩੫੭ ਰੁਪਏ ਪ੍ਰਤੀ ਕਿਲੋ ਪੈਂਦਾ ਹੈ। ਉਨ੍ਹਾਂ ਕਿਹਾ ਕਿ ਦੂਸਰੇ ਪਾਸੇ ਇਸ ਸਮੇਂ ਦੇਸੀ ਘਿਓ ਬਜ਼ਾਰੀ ਕੀਮਤ ੪੪੦ ਰੁਪਏ ਦੇ ਕਰੀਬ ਹੈ। ਸ. ਕਾਹਨੇਕੇ ਨੇ ਇਹ ਵੀ ਕਿਹਾ ਕਿ ਪ੍ਰਾਈਵੇਟ ਫਰਮ ਤੋਂ ਘਿਓ ਖਰੀਦਣ ਦੀ ਬਜਾਏ ਸਹਿਕਾਰੀ ਅਦਾਰਿਆਂ ਨੂੰ ਤਰਜ਼ੀਹ ਦਿੱਤੀ ਗਈ, ਕਿਉਂਕਿ ਸਹਿਕਾਰੀ ਅਦਾਰੇ ਲੋਕ ਪੱਖੀ ਹੋਣ ਕਰਕੇ ਵਧੀਆ ਕੁਆਲਟੀ ਦਾ ਘਿਓ ਮੁਹੱਈਆ ਕਰਵਾਉਂਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸ. ਮੰਨਾ ਵੱਲੋਂ ਟੈਂਡਰ ਸਬ-ਕਮੇਟੀ ਦੇ ਮੈਂਬਰਾਂ ਦੇ ਇਤਰਾਜ਼ ਦੀ ਗੱਲ ਵੀ ਨਿਰਅਧਾਰ ਹੈ। ਟੈਂਡਰ ਪਾਸ ਕਰਨ ਸਮੇਂ ਸਾਰੇ ਮੈਂਬਰ ਸਹਿਮਤ ਸਨ। ਉਨ੍ਹਾਂ ਕਿਹਾ ਕਿ ਸ. ਮੰਨਾ ਨੂੰ ਅਜਿਹੀ ਮਨਘੜਤ ਬਿਆਨਬਾਜ਼ੀ ਕਰਕੇ ਸੰਸਥਾ ਦੇ ਅਕਸ ਨੂੰ ਖਰਾਬ ਨਹੀਂ ਸੀ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਖਰੀਦ ਸਬ-ਕਮੇਟੀ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲੰਗਰ ਲਈ ਵਰਤੀਆਂ ਜਾਂਦੀਆਂ ਸਾਰੀਆਂ ਵਸਤੂਆਂ ਦੇ ਟੈਂਡਰ ਨਿਯਮਾਂ ਅਨੁਸਾਰ ਅਤੇ ਪਾਰਦਰਸ਼ੀ ਢੰਗ ਨਾਲ ਹੀ ਦਿੱਤੇ ਹਨ।

ਲੰਗਰ ਲਈ ਵਰਤੇ ਜਾਂਦੇ ਘਿਓ ਦੇ ਟੀਨਾਂ ਵਿੱਚੋਂ ਵਜ਼ਨ ਘੱਟ ਨਿਕਲਣ ਦੇ ਮਾਮਲੇ ਸਬੰਧੀ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਨੇ ਕਿਹਾ ਕਿ ਇਸ ਬਾਰੇ ਵੇਰਕਾ ਕੰਪਨੀ ਨੂੰ ਲਿਖਿਆ ਜਾ ਚੁੱਕਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਘਿਓ ਦੀ ਪਹੁੰਚ ਸਮੇਂ ਤੋਲ ਚੈੱਕ ਕਰਨ ਮਗਰੋਂ ਹੀ ਸਟੋਰ ਵਿਚ ਜਮ੍ਹਾਂ ਕੀਤਾ ਜਾਂਦਾ ਹੈ। ਸਾਰੀ ਕਾਰਵਾਈ ਮਗਰੋਂ ਹੀ ਵਜ਼ਨ ਅਨੁਸਾਰ ਅਦਾਇਗੀ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ੨ ਨਵੰਬਰ ੨੦੧੯ ਨੂੰ ਸ੍ਰੀ ਦਰਬਾਰ ਸਾਹਿਬ ਵਿਖੇ ਆਏ ੬੦੦ ਟੀਨ ਘਿਓ ਵਿੱਚੋਂ ੪੦ ਕਿਲੋ ਘਿਓ ਘੱਟ ਨਿਕਲਿਆ ਸੀ। ਇਸ ਅਨੁਸਾਰ ਹੀ ਸਟੋਰ ਵਿਚ ਦਰਜ਼ ਕੀਤਾ ਗਿਆ। ਇਸ ਦੀ ਅਦਾਇਗੀ ਵੀ ਅਜੇ ਤੀਕ ਨਹੀਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜਦੇ ਕਿਸੇ ਵੀ ਸਮਾਨ ਨੂੰ ਵਜ਼ਨ ਕਰਕੇ ਹੀ ਦਰਜ਼ ਕੀਤਾ ਜਾਂਦਾ ਹੈ। ਹਰ ਸਮਾਨ ਨੂੰ ਲੰਗਰ ਲਈ ਵਰਤਣ ਸਮੇਂ ਵੀ ਤੋਲ ਕੀਤਾ ਜਾਂਦਾ ਹੈ। ੨੩ ਨਵੰਬਰ

# ਧਾਰਮਿਕ ਪ੍ਰੀਖਿਆ 'ਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਸਨਮਾਨਿਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਦੀ ਧਾਰਮਿਕ ਪ੍ਰੀਖਿਆ ਵਿੱਚੋਂ ਵਿਸ਼ੇਸ਼ ਸਥਾਨ ਪ੍ਰਾਪਤ ਕਰਨ ਵਾਲੇ ੧੪ ਵਿਦਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਨਾਮੀ ਰਾਸ਼ੀ ਪ੍ਰਾਪਤ ਕਰਨ ਵਾਲੇ ਇਨ੍ਹਾਂ ਵਿਦਿਆਰਥੀਆਂ ਵਿਚ ਧਾਰਮਿਕ ਪ੍ਰੀਖਿਆ ਦੇ ਵੱਖ-ਵੱਖ ਦਰਜਿਆਂ ਵਿੱਚੋਂ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀ ਸ਼ਾਮਲ ਸਨ। ਪਹਿਲਾ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ ੫੧੦੦ ਰੁਪਏ, ਦੂਸਰੇ ਸਥਾਨ 'ਤੇ ਰਹਿਣ ਵਾਲਿਆਂ ਨੂੰ ੪੧੦੦ ਰੁਪਏ ਅਤੇ ਤੀਜੇ ਸਥਾਨ ਪ੍ਰਾਪਤ ਕਰਤਾ ਨੂੰ ੩੧੦੦ ਰੁਪਏ ਦੀ ਰਾਸ਼ੀ ਇਨਾਮ ਵਜੋਂ ਦਿੱਤੀ ਗਈ। ਇਸ ਤੋਂ ਇਲਾਵਾ ਦੋ ਸਾਲਾ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ ਦੇ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਚਾਰ ਸਿੱਖਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸਕੱਤਰ ਸ. ਮਹਿੰਦਰ ਸਿੰਘ ਆਹਲੀ ਨੇ ਨੇ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਹਰ ਸਾਲ ਲਈ ਜਾਂਦੀ ਧਾਰਮਿਕ ਪ੍ਰੀਖਿਆ ਵਿਚ ਹਜ਼ਾਰਾਂ ਵਿਦਿਆਰਥੀ ਭਾਗ ਲੈਂਦੇ ਹਨ, ਜਿਨ੍ਹਾਂ ਵਿੱਚੋਂ ਮੈਰਿਟ ਵਿਚ ਆਉਣ ਵਾਲੇ ਵਿਦਿਆਰਥੀਆਂ ਤੋਂ ਇਲਾਵਾ ਪਹਿਲੇ ਤਿੰਨ ਸਥਾਨ ਗ੍ਰਹਿਣ ਕਰਨ ਵਾਲਿਆਂ ਨੂੰ ਵਿਸ਼ੇਸ਼ ਤੌਰ 'ਤੇ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸਾਲ ੨੦੧੯ ਦੀ ਧਾਰਮਿਕ ਪ੍ਰੀਖਿਆ ਵਿਚ ਪੂਰੇ ਭਾਰਤ ਦੇ ਸਕੂਲਾਂ ਕਾਲਜਾਂ ਵਿੱਚੋਂ ਪੰਜਾਹ ਹਜ਼ਾਰ ਦੇ ਲਗਭਗ ਵਿਦਿਆਰਥੀਆਂ ਨੇ ਹਿੱਸਾ ਲਿਆ ਸੀ, ਜਿਨ੍ਹਾਂ ਵਿੱਚੋਂ ੧੪ ਵਿਦਿਆਰਥੀਆਂ ਨੇ ਬਿਹਤਰ ਕਾਰਗੁਜਾਰੀ ਦਿਖਾ ਕੇ ਪਹਿਲੇ ਤਿੰਨ ਸਥਾਨ ਹਾਸਲ ਕੀਤੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਧਰਮ ਪ੍ਰਚਾਰ ਕਮੇਟੀ ਵਿਦਿਆਰਥੀਆਂ ਨੂੰ ਸਿੱਖ ਧਰਮ ਦੇ ਇਤਿਹਾਸ ਅਤੇ ਸਿਧਾਂਤਾਂ ਨਾਲ ਜੋੜਨ ਲਈ ਨਿਰੰਤਰ ਯਤਨਸ਼ੀਲ ਹੈ। ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਮੌਕੇ ਮੀਤ ਸਕੱਤਰ ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਨਿਸ਼ਾਨ ਸਿੰਘ ਅਤੇ ਪ੍ਰੋ. ਸੁਖਦੇਵ ਸਿੰਘ ਇੰਚਾਰਜ ਧਾਰਮਿਕ ਪ੍ਰੀਖਿਆ ਸਮੇਤ ਹੋਰ ਹਾਜ਼ਰ ਸਨ।

**ਇਨ੍ਹਾਂ ਵਿਦਿਆਰਥੀਆਂ ਨੇ ਹਾਸਲ ਕੀਤੇ ਪਹਿਲੇ ਤਿੰਨ ਸਥਾਨ:** ਧਰਮ ਪ੍ਰਚਾਰ ਕਮੇਟੀ ਵੱਲੋਂ ਬੀਤੇ ਸਾਲ ਲਈ ਗਈ ਧਾਰਮਿਕ ਪ੍ਰੀਖਿਆ ਦੇ ਵੱਖ-ਵੱਖ ਚਾਰ ਦਰਜ਼ਿਆਂ ਵਿੱਚੋਂ ਪਹਿਲਾ ਸਥਾਨਾਂ ਦਸਮੇਸ਼ ਪਬਲਿਕ ਸਕੂਲ ਫਰੀਦਕੋਟ ਦੇ ਅਰਸ਼ਦੀਪ ਸਿੰਘ, ਸ੍ਰੀ ਗੁਰੂ ਰਾਮਦਾਸ ਅਕੈਡਮੀ ਰਿਆਲੀ ਕਲਾ ਜ਼ਿਲ੍ਹਾ ਗੁਰਦਾਸਪੁਰ ਦੀ ਸਿਮਰਜੀਤ ਕੌਰ, ਗੁਰੂ ਨਾਨਕ ਕਾਲਜ ਮੋਗਾ ਦੀ ਕਮਲਪ੍ਰੀਤ ਕੌਰ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਮਨਪ੍ਰੀਤ ਕੌਰ ਨੇ ਪ੍ਰਾਪਤ ਕੀਤਾ ਹੈ। ਇਨ੍ਹਾਂ ਨੂੰ ੫੧੦੦-੫੧੦੦ ਰੁਪਏ ਦੀ ਇਨਾਮੀ ਰਾਸ਼ੀ ਦਿੱਤੀ ਗਈ।

ਦੂਜਾ ਸਥਾਨ ਛੋਟਾ ਘੱਲੂਘਾਰਾ ਯਾਦਗਾਰੀ ਕਾਹਨੂੰਵਾਨ ਜ਼ਿਲ੍ਹਾ ਗੁਰਦਾਸਪੁਰ ਦੀ ਸਿਮਰਨਜੀਤ ਕੌਰ, ਗੁਰੂ ਨਾਨਕ ਸਕੂਲ ਮੁਰੀਦਕੇ ਜ਼ਿਲ੍ਹਾ ਗੁਰਦਾਸਪੁਰ ਦੀ ਨਵਪ੍ਰੀਤ ਕੌਰ, ਬਾਬਾ ਹਜ਼ਾਰਾ ਸਿੰਘ ਗਰਲਜ਼ ਕਾਲਜ ਨਿੱਕੇਘੁੰਮਣ ਜ਼ਿਲ੍ਹਾ ਗੁਰਦਾਸਪੁਰ ਦੀ ਸਾਹਿਬਦੀਪ ਕੌਰ ਅਤੇ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾ ਨਗਰ ਗੁਰਦਾਸਪੁਰ ਦੀ ਵਿਦਿਆਰਥਣ ਸੰਦੀਪ ਕੌਰ ਨੇ ਪ੍ਰਾਪਤ ਕੀਤਾ। ਇਨ੍ਹਾਂ ਦੂਜੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ੪੧੦੦-੪੧੦੦ ਰੁਪਏ ਦੀ ਵਿਸ਼ੇਸ਼ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ।

ਇਸੇ ਤਰ੍ਹਾਂ ਬਾਬੇ ਕੇ ਸੀਨੀ: ਸੈਕੰ: ਸਕੂਲ ਵਾੜਾ ਜੋਧ ਸਿੰਘ ਜਲੰਧਰ ਦੀ ਵਿਦਿਆਰਥਣ ਜ਼ਸ਼ਨਪ੍ਰੀਤ

ਕੌਰ, ਨਵਚੇਤਨ ਸਕੂਲ ਖਾਰਾ ਜ਼ਿਲ੍ਹਾ ਗੁਰਦਾਸਪੁਰ ਦੀ ਸ਼ਰਨਦੀਪ ਕੌਰ, ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸਹਿੰਸਰਾ ਖੁਰਦ ਜ਼ਿਲ੍ਹਾ ਅੰਮ੍ਰਿਤਸਰ ਦੀ ਹਰਲੀਨ ਕੌਰ, ਦਸਮੇਸ਼ ਪਬਲਿਕ ਸਕੂਲ ਰਾਏਕੋਟ ਜ਼ਿਲ੍ਹਾ ਲੁਧਿਆਣਾ ਦੀ ਜਸ਼ਨਦੀਪ ਕੌਰ, ਗੁਰੂ ਨਾਨਕ ਕਾਲਜ ਮੋਗਾ ਦੀ ਰਵੀਨਾ ਰਾਣੀ ਅਤੇ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾਨਗਰ ਦੀ ਮਨਦੀਪ ਕੌਰ ਤੀਜੇ ਸਥਾਨ 'ਤੇ ਰਹੇ। ਇਨ੍ਹਾਂ ਨੂੰ ੩੧੦੦-੩੧੦੦ ਰੁਪਏ ਨਾਲ ਸਨਮਾਨਿਤ ਕੀਤਾ ਗਿਆ। ੨੩ ਨਵੰਬਰ

# ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਮੌਕੇ ਸੰਗਤੀ ਪ੍ਰਬੰਧਾਂ ਲਈ ਦਿੱਤੇ ਟੈਂਡਰ ਦੇ ਵੇਰਵੇ ਜਾਰੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਪੁਰਬ ਮੌਕੇ ਸੁਲਤਾਨਪੁਰ ਲੋਧੀ ਵਿਖੇ ਲਗਾਏ ਗਏ ਪੰਡਾਲ, ਲਾਈਟ ਐਂਡ ਸਾਊਂਡ, ਡਰੋਨ, ਦੀਪਮਾਲਾ ਤੇ ਹੋਰ ਵੱਖ-ਵੱਖ ਸੇਵਾਵਾਂ ਲਈ ਕੀਤੇ ਗਏ ਖਰਚਿਆਂ ਦਾ ਵੇਰਵਾ ਜਾਰੀ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਇਹ ਵੇਰਵੇ ਜਾਰੀ ਕੀਤੇ ਹਨ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਇਕ ਸੰਗਤੀ ਅਦਾਰਾ ਹੈ, ਜਿਸ ਅਧੀਨ ਵੱਖ-ਵੱਖ ਅਦਾਰਿਆਂ ਅਤੇ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਚੱਲਦਾ ਹੈ। ਉਨ੍ਹਾਂ ਕਿਹਾ ਕਿ ਬੇਸ਼ੱਕ ਹਰ ਮਹੀਨੇ ਸ਼੍ਰੋਮਣੀ ਕਮੇਟੀ ਵੱਲੋਂ ਆਮਦਨ ਅਤੇ ਖਰਚ ਦੇ ਵੇਰਵੇ ਸ਼੍ਰੋਮਣੀ ਕਮੇਟੀ ਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਵਿਚ ਜਾਰੀ ਕੀਤੇ ਜਾਂਦੇ ਹਨ, ਪਰੰਤੂ ੫੫੦ਵੇਂ ਪ੍ਰਕਾਸ਼ ਪੁਰਬ ਮੌਕੇ ਸੰਗਤ ਦੀ ਸਹੂਲਤ ਲਈ ਕੀਤੇ ਪ੍ਰਬੰਧਾਂ ਬਾਰੇ ਵੀ ਸੰਗਤ ਨੂੰ ਤੁਰੰਤ ਪਤਾ ਲੱਗਣਾ ਚਾਹੀਦਾ ਹੈ, ਤਾਂ ਜੋ ਕੁਝ ਲੋਕਾਂ ਵੱਲੋਂ ਕੀਤੀ ਜਾ ਰਹੀ ਮਨਘੜਤ ਬਿਆਨਬਾਜ਼ੀ ਬਾਰੇ ਸਥਿਤੀ ਸਪੱਸ਼ਟ ਹੋ ਸਕੇ।

ਉਨ੍ਹਾਂ ਦੱਸਿਆ ਕਿ ਵਾਤਾਨਕੂਲ ਤੇ ਵਾਟਰਪਰੂਫ ਪੰਡਾਲ, ਮੀਡੀਆ ਸੈਂਟਰ, ਜੋੜਾ ਘਰ, ਵੀ.ਆਈ.ਪੀ. ਲੌਂਜ, ਪਖਾਨੇ ਆਦਿ ਲਈ ੩ ਕਰੋੜ ੩੯ ਲੱਖ ੭੨ ਹਜ਼ਾਰ ਰੁਪਏ, ਲਾਈਟ ਐਂਡ ਸਾਊਂਡ ਲਈ ੧ ਕਰੋੜ ੬੫ ਲੱਖ ੩੪ ਹਜ਼ਾਰ ਰੁਪਏ, ਗੁਰਦੁਆਰਾ ਸ੍ਰੀ ਬੇਰ ਸਾਹਿਬ ਸਾਹਿਬ ਤੋਂ ਗੁਰੂ ਨਾਨਕ ਸਟੇਡੀਅਮ ਤੱਕ ਲਾਈਟਿੰਗ ਲਈ ੧ ਕਰੋੜ ੫੮ ਲੱਖ ੪੫ ਹਜ਼ਾਰ ਰੁਪਏ, ਗੁਰਦੁਆਰਾ ਸ੍ਰੀ ਬੇਰ ਸਾਹਿਬ ਦੀ ਇਮਾਰਤ 'ਤੇ ਲਾਈਟਿੰਗ ਅਤੇ ਵੀਡੀਓ ਪ੍ਰੋਜੈਕਸ਼ਨ ਮੈਪਿੰਗ ਲਈ ੩੫ ਲੱਖ ੧੩ ਹਜ਼ਾਰ ਰੁਪਏ, ਬੇਬੇ ਨਾਨਕੀ ਨਿਵਾਸ 'ਤੇ ਲਾਈਟਾਂ ਅਤੇ ਵੀਡੀਓ ਪ੍ਰੋਜੈਕਸ਼ਨ ਮੈਪਿੰਗ ਲਈ ੨੪ ਲੱਖ ੮੦ ਹਜ਼ਾਰ ਰੁਪਏ, ਲੇਜ਼ਰ ਸ਼ੋਅ ਲਈ ੨੭ ਲੱਖ ੫੬ ਹਜ਼ਾਰ ਰੁਪਏ ਅਤੇ ਡਰੋਨ ਸ਼ੋਅ ਲਈ ੧ ਕਰੋੜ ੭੫ ਲੱਖ ਰੁਪਏ ਦਾ ਟੈਂਡਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖਰਚਿਆਂ ਉੱਪਰ ਲੱਗਣ ਵਾਲੇ ਜੀ.ਐਸ.ਟੀ. ਦੀ ਰਾਸ਼ੀ ਵੱਖਰੀ ਹੈ।

ਡਾ. ਰੂਪ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਹਿਲੇ ਪਾਤਸ਼ਾਹ ਜੀ ਦੇ ਇਸ ਇਤਿਹਾਸਕ ਦਿਹਾੜੇ ਮੌਕੇ ਪੰਡਾਲ ਸਮੇਤ ਜੋ ਵੀ ਪ੍ਰਬੰਧ ਕੀਤੇ ਗਏ ਉਨ੍ਹਾਂ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਆਰਡਰ ਨੰਬਰ ੧੫੨, ਮਿਤੀ ੫-੮-੨੦੧੯ ਰਾਹੀਂ ਇਕ ਹਾਈਪਾਵਰ ਸਬ-ਕਮੇਟੀ ਬਣਾਈ ਗਈ ਸੀ। ਇਸ ਕਮੇਟੀ ਵੱਲੋਂ ਨਿਯਮਾਂ ਅਨੁਸਾਰ ਹੀ ਪੰਡਾਲ ਤੇ ਹੋਰ ਕੰਮਾਂ ਦਾ ਟੈਂਡਰ ਦਿੱਤਾ ਗਿਆ ਸੀ। ਮੁੱਖ ਸਕੱਤਰ ਨੇ ਕਿਹਾ ਕਿ ਇਹੀ ਨਹੀਂ ਅਜਿਹੇ ਹਰ ਵਿਸ਼ਾਲ ਕਾਰਜ ਲਈ ਪ੍ਰਧਾਨ ਸਾਹਿਬ ਵੱਲੋਂ ਕਮੇਟੀਆਂ ਨਿਯਤ ਕੀਤੀਆਂ ਜਾਂਦੀਆਂ ਹਨ ਅਤੇ ਉਨ੍ਹਾਂ ਦੀ ਸਿਫਾਰਸ਼ ਵੀ ਪ੍ਰਧਾਨ ਸਾਹਿਬ ਹੀ ਪ੍ਰਵਾਨ ਕਰਦੇ ਹਨ।

ਉਨ੍ਹਾਂ ੫੫੦ਵੇਂ ਪ੍ਰਕਾਸ਼ ਪੁਰਬ ਮੌਕੇ ਦਿੱਤੇ ਗਏ ਟੈਂਡਰ ਸਬੰਧੀ ਸਪੱਸ਼ਟ ਕੀਤਾ ਕਿ ਅਖ਼ਬਾਰਾਂ ਵਿਚ ਇਸ਼ਤਿਹਾਰ ਦੇਣ ਮਗਰੋਂ ਸ਼ਰਤਾਂ ਪੂਰੀਆਂ ਕਰਨ ਵਾਲੀ ਫਰਮ ਨੂੰ ਹੀ ਸਬ-ਕਮੇਟੀ ਦੀਆਂ ਸਿਫਾਰਸ਼ਾਂ ਅਨੁਸਾਰ ਇਹ ਆਰਡਰ ਸਕੱਤਰ ਧਰਮ ਪ੍ਰਚਾਰ ਕਮੇਟੀ ਵੱਲੋਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ਵੇਂ ਪ੍ਰਕਾਸ਼ ਮੌਕੇ ਸਾਰੇ ਪ੍ਰਬੰਧ ਸੰਗਤ ਲਈ ਕੀਤੇ ਗਏ ਸਨ, ਜਦਕਿ ਕੁਝ ਲੋਕ ਇਸ ਮਾਮਲੇ ਨੂੰ ਜਾਣਬੁਝ ਕੇ ਤੂਲ ਦੇ ਰਹੇ ਹਨ। ਮੁੱਖ ਸਕੱਤਰ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਦਾ ਹਰ ਕੰਮ ਪਾਰਦਰਸ਼ੀ ਢੰਗ ਨਾਲ ਕੀਤਾ ਜਾਂਦਾ ਹੈ ਅਤੇ ਕੀਤੇ ਜਾਂਦੇ ਖਰਚਿਆਂ ਦਾ ਵੇਰਵਾ ਵੀ ਗੁਰਦੁਆਰਾ ਗਜ਼ਟ ਮਾਸਿਕ ਰਾਹੀਂ ਹਰ ਮਹੀਨੇ ਜਨਤਕ ਕੀਤਾ ਜਾਂਦਾ ਹੈ। ੨੫ ਨਵੰਬਰ

# ਹੈਂਡਬਾਲ ਦੇ ਸੋਨ ਤਗਮਾ ਜੇਤੂ ਖਿਡਾਰੀ ਸ਼ਮਸ਼ੇਰ ਸਿੰਘ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੈਂਡਬਾਲ ਵਿਚ ਸੋਨ ਤਗਮਾ ਜੇਤੂ ਨੌਜੁਆਨ ਸ. ਸ਼ਮਸ਼ੇਰ ਸਿੰਘ ਨੂੰ ੫੦ ਹਜ਼ਾਰ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ ਹੈ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਨੇ ਸਿੱਖ ਖਿਡਾਰੀਆਂ ਨੂੰ ਵੱਖ-ਵੱਖ ਖੇਡਾਂ ਵਿਚ ਤਗਮੇ ਹਾਸਲ ਕਰਨ 'ਤੇ ਸਨਮਾਨਿਤ ਕਰਨ ਦਾ ਫੈਸਲਾ ਕੀਤਾ ਹੋਇਆ ਹੈ। ਇਸੇ ਤਹਿਤ ਹੀ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਕੈਰੋਂਵਾਲ ਦੇ ਵਾਸੀ ਸ. ਸ਼ਮਸ਼ੇਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ ਹੈ। ਉਸ ਨੂੰ ਇਹ ਸਨਮਾਨ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ, ਸਕੱਤਰ ਸ. ਮਨਜੀਤ ਸਿੰਘ ਬਾਠ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਸਕੱਤਰ ਸਿੰਘ ਵੱਲੋਂ ਸਾਂਝੇ ਤੌਰ 'ਤੇ ਦਿੱਤਾ ਗਿਆ।

ਸ਼ਮਸ਼ੇਰ ਸਿੰਘ ਨੇ ਖਾਲਸਾ ਕਾਲਜ ਅੰਮ੍ਰਿਤਸਰ ਦੇ ਹੈਂਡਬਾਲ ਸੈਂਟਰ ਵੱਲੋਂ ਵੱਖ-ਵੱਖ ਟੂਰਨਾਮੈਂਟਾਂ ਦੌਰਾਨ ਬਿਹਤਰ ਕਾਰਗੁਜ਼ਾਰੀ ਦਿਖਾਈ ਹੈ। ਉਸ ਨੇ ਮਾਰਚ ੨੦੧੮ ਵਿਚ ਪਾਕਿਸਤਾਨ ਵਿਚ ਅੰਡਰ-੨੧ ਚੈਂਪੀਅਨਸ਼ਿਪ ਵਿਚ ਸੋਨੇ ਦਾ ਤਗਮਾ ਹਾਸਲ ਕੀਤਾ। ਇਸ ਤੋਂ ਇਲਾਵਾ ਨਵੰਬਰ ੨੦੧੮ ਵਿਚ ਥਾਈਲੈਂਡ ਵਿਖੇ ਹੋਈਆਂ ਖੇਡਾਂ ਦੌਰਾਨ ਉਸ ਨੇ ਤੀਸਰਾ ਸਥਾਨ ਹਾਸਲ ਕੀਤਾ। ਮਾਰਚ ੨੦੧੯ ਵਿਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਆਲ ਇੰਡੀਆ ਚੈਂਪੀਅਨਸ਼ਿਪ ਸਮੇਂ ਸੋਨੇ ਦਾ ਤਗਮਾ ਹਾਸਲ ਕਰਕੇ ਸਿੱਖ ਕੌਮ ਦਾ ਨਾਮ ਚਮਕਾਇਆ। ਇਸੇ ਤਰ੍ਹਾਂ ਹੋਰ ਕਈ ਮੁਕਾਬਲਿਆਂ ਸਮੇਂ ਵੀ ਸ. ਸ਼ਮਸ਼ੇਰ ਸਿੰਘ ਨੇ ਬਿਹਤਰ ਕਾਰਗੁਜ਼ਾਰੀ ਦਿਖਾ ਕੇ ਜ਼ਿਕਰਯੋਗ ਪ੍ਰਾਪਤੀਆਂ ਕੀਤੀਆਂ।

ਸ਼ਮਸ਼ੇਰ ਸਿੰਘ ਨੂੰ ਸਨਮਾਨਿਤ ਕਰਨ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਨੇ ਕਿਹਾ ਕਿ ਸਿੱਖ ਨੌਜੁਆਨੀ ਨੂੰ ਉਤਸ਼ਾਹਿਤ ਕਰਨ ਲਈ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਖੇਤਰਾਂ ਵਿਚ ਪ੍ਰਾਪਤੀਆਂ ਕਰਨ ਵਾਲੇ ਨੌਜੁਆਨਾਂ ਨੂੰ ਸਨਮਾਨਿਤ ਕੀਤਾ ਜਾਂਦਾ ਹੈ। ਇਸ ਮੌਕ ਹੋਰਨਾਂ ਤੋਂ ਇਲਾਵਾ ਸ. ਪਲਵਿੰਦਰ ਸਿੰਘ ਇੰਚਾਰਜ ਤੇ ਸ. ਹਰਭਜਨ ਸਿੰਘ ਆਦਿ ਮੌਜੂਦ ਸਨ। ੨੬ ਨਵੰਬਰ

# ਲੰਗਰ ਸ੍ਰੀ ਗੁਰੂ ਰਾਮਦਾਸ ਜੀ ਦੀ ਇਮਾਰਤ ਦੇ ਵਿਸਥਾਰ ਦਾ ਕੰਮ ਬਿਲਕੁਲ ਪਾਰਦਰਸ਼ੀ -ਇੰਜ: ਸੁਖਮਿੰਦਰ ਸਿੰਘ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਦੇ ਵਿਸਥਾਰ ਸਬੰਧੀ ਕੁਝ ਲੋਕਾਂ ਵੱਲੋਂ ਸੋਸ਼ਲ ਮੀਡੀਆ 'ਤੇ ਕੀਤੀ ਜਾ ਰਹੀ ਬਿਆਨਬਾਜ਼ੀ ਨੂੰ ਨਕਾਰਦਿਆਂ ਇਮਾਰਤ ਦੇ ਕੰਮ ਦੀ ਅਲਾਟਮੈਂਟ ਅਤੇ ਹੋਏ ਖ਼ਰਚਿਆਂ ਦੀ ਜਾਣਕਾਰੀ

ਨਸ਼ਰ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਇੰਜ: ਸੁਖਮਿੰਦਰ ਸਿੰਘ ਨੇ ਸਪੱਸ਼ਟ ਕੀਤਾ ਕਿ ਲੰਗਰ ਦੀ ਇਮਾਰਤ ਦੇ ਵਿਸਥਾਰ ਦਾ ਕੰਮ ਨਿਯਮਾਂ ਅਨੁਸਾਰ ਪਾਰਦਰਸ਼ੀ ਤਰੀਕੇ ਨਾਲ ਹੋ ਰਿਹਾ ਹੈ। ਇਸ ਕੰਮ ਦੀ ਅਲਾਟਮੈਂਟ ਅਖ਼ਬਾਰਾਂ ਵਿਚ ਇਸ਼ਤਿਹਾਰ ਦੇ ਕੇ ਈ-ਟੈਂਡਰਿੰਗ ਰਾਹੀਂ ਕੀਤੀ ਗਈ ਸੀ। ਇੰਜ: ਸੁਖਮਿੰਦਰ ਸਿੰਘ ਨੇ ਵਿਸਥਾਰ 'ਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਮਤਾ ਨੰਬਰ ੯੦, ਮਿਤੀ ੧੫ ਦਸੰਬਰ ੨੦੦੯ ਰਾਹੀਂ ਲੰਗਰ ਦੇ ਵਿਸਥਾਰ ਲਈ ਆਰਕੀਟੈਕਟ ਦੁਆਰਾ ਦਿੱਤੇ ਗਏ ਰਫ ਕਾਸਟ ਐਸਟੀਮੇਟ ਅਨੁਸਾਰ ੧੪ ਕਰੋੜ ਰੁਪਏ ਦੀ ਪ੍ਰਵਾਨਗੀ ਹੋਈ ਸੀ। ਇਸ ਐਸਟੀਮੇਟ ਵਿਚ ਕਵਰਡ ਏਰੀਆ ੭੩,੫੬੨ ਸਕੇਅਰ ਫੁੱਟ ਹੀ ਲਿਆ ਗਿਆ ਸੀ।

ਉਨ੍ਹਾਂ ਦੱਸਿਆ ਕਿ ੨੦੧੩ ਵਿਚ ਪ੍ਰਾਜੈਕਟ ਮੈਨੇਜਮੈਂਟ ਕੰਪਨੀ ਵੱਲੋਂ ਸਿਵਲ ਦੇ ਕੰਮਾਂ ਦਾ ਵਿਸਥਾਰਤ ਐਸਟੀਮੇਟ ਤਿਆਰ ਕੀਤਾ ਗਿਆ, ਜਿਸ ਦੀ ਰਕਮ ੧੭.੭੮ ਕਰੋੜ ਬਣੀ। ਇਹ ਐਸਟੀਮੇਟ ੧,੧੨,੦੦੦ ਸੁਕੇਅਰ ਫੁੱਟ ਏਰੀਏ ਅਨੁਸਾਰ ਸੀ। ਉਨ੍ਹਾਂ ਦੱਸਿਆ ਕਿ ਇਸ ਐਸਟੀਮੇਟ ਅਨੁਸਾਰ ੭ ਮਾਰਚ ੨੦੧੩ ਨੂੰ ਅਖ਼ਬਾਰਾਂ ਰਾਹੀਂ ਇਸ਼ਤਿਹਾਰ ਦੇ ਕੇ ਈ-ਟੈਂਡਰਿੰਗ ਰਾਹੀਂ ਪ੍ਰੀ-ਕੁਆਲੀਫੀਕੇਸ਼ਨ ਕੀਤੀ ਗਈ, ਜਿਸ ਵਿਚ ੩ ਫਰਮਾਂ ਯੋਗ ਪਾਈਆਂ ਗਈਆਂ। ਇਨ੍ਹਾਂ ਵਿੱਚੋਂ ਐਸ.ਐਸ. ਕੰਸਟ੍ਰਕਸ਼ਨ ਦਾ ਰੇਟ (੧੭.੭੮+੭.੭੫%) ਘੱਟ ਹੋਣ ਕਰਕੇ ਉਸ ਨੂੰ ੩੦ ਸਤੰਬਰ ੨੦੧੩ ਨੂੰ ਕੰਮ ਦੇ ਦਿੱਤਾ ਗਿਆ। ਇੰਜ: ਸੁਖਮਿੰਦਰ ਸਿੰਘ ਨੇ ਦੱਸਿਆ ਕਿ ਲੰਗਰ ਘਰ ਦੇ ਵਿਸਥਾਰ ਲਈ ਦਿੱਤੇ ਗਏ ਟੈਂਡਰ ਰੇਟਾਂ ਅਨੁਸਾਰ ਅਤੇ ਚੱਲ ਰਹੀਆਂ ਹੋਰ ਸੇਵਾਵਾਂ (ਬਰਤਨ ਧੋਣ ਲਈ ਸ਼ੈੱਡ ਅਤੇ ਲੰਗਰ ਤਿਆਰ ਕਰਨ ਲਈ ਭੱਠੀਆਂ) ਬਹਾਲ ਰੱਖਣ ਲਈ ਇਨ੍ਹਾਂ ਦਾ ਖ਼ਰਚ ਵਿਚ ਸ਼ਾਮਲ ਕਰਕੇ ਕੰਮ ਦੀ ਲਾਗਤ ੧੯.੫੩ ਕਰੋੜ ਬਣੀ। ਇਸ ਵਿੱਚੋਂ ਹੁਣ ਤੀਕ ੧੭.੫੦ ਕਰੋੜ ਰੁਪਏ ਦੇ ਖ਼ਰਚਿਆਂ ਨਾਲ ੯੫ ਫੀਸਦੀ ਕੰਮ ਮੁਕੰਮਲ ਹੋ ਚੁੱਕਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਮਾਰਤ ਵਿਚ ਬਿਜਲੀ, ਸੈਂਟਰੀ ਅਤੇ ਮਕੈਨੀਕਲ ਆਦਿ ਲਈ ਵੱਖ-ਵੱਖ ਸਲਾਹਕਾਰ (ਐਚ.ਪੀ.ਜੀ. ਅਤੇ ਸ. ਨਰਿੰਦਰ ਸਿੰਘ) ਮੁਫ਼ਤ ਸੇਵਾਵਾਂ ਦੇ ਰਹੇ ਹਨ। ਇਨ੍ਹਾਂ ਕੰਮਾਂ 'ਤੇ ਹੋਣ ਵਾਲਾ ਖ਼ਰਚ ਸਿਵਲ ਦੇ ਕੰਮਾਂ ਤੋਂ ਵੱਖਰਾ ਹੈ। ੨੩ ਨਵੰਬਰ

## ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਦੀ ਸੁਵਿਧਾ ਲਈ ਸ਼੍ਰੋਮਣੀ ਕਮੇਟੀ ਅੱਗੇ ਆਈ

ਅੰਮ੍ਰਿਤਸਰ- ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਵਾਲੀ ਸੰਗਤ ਨੂੰ ਆਨਲਾਈਨ ਫਾਰਮ ਭਰਨ ਦੀ ਸਹੂਲਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੱਗੇ ਆਈ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਵਿਚ ਇਸ ਸਬੰਧੀ ਵਿਸ਼ੇਸ਼ ਕੇਂਦਰ ਖੋਲ੍ਹੇ ਗਏ ਹਨ। ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਸੰਗਤ ਨੂੰ ਰਜਿਸਟ੍ਰੇਸ਼ਨ ਕਰਵਾਉਣ ਸਮੇਂ ਆਉਂਦੀਆਂ ਮੁਸ਼ਕਲਾਂ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਵਿਖੇ ਸੁਵਿਧਾ ਦੇਣ ਦਾ ਐਲਾਨ ਕੀਤਾ ਸੀ, ਜਿਸ ਤਹਿਤ ਵਿਸ਼ੇਸ਼ ਕਾਊਂਟਰ ਬਣਾਏ ਗਏ ਹਨ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਸ੍ਰੀ ਕਰਤਾਰਪੁਰ ਸਾਹਿਬ ਜਾਣ ਵਾਲੇ ਸ਼ਰਧਾਲੂਆਂ ਨੂੰ ਆਨਲਾਈਨ ਫਾਰਮ ਭਰਨ ਦੀ ਮੁਸ਼ਕਲ ਦੇ ਹੱਲ ਲਈ ਸ਼੍ਰੋਮਣੀ ਕਮੇਟੀ ਨੇ ਹਰ ਗੁਰਦੁਆਰਾ ਸਾਹਿਬ ਅੰਦਰ ਮੁਲਾਜ਼ਮ ਤਾਇਨਾਤ ਕੀਤੇ ਹਨ। ਉਨ੍ਹਾਂ ਦੱਸਿਆ ਕਿ ਹੁਣ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਪੁੱਜਦੀ ਸੰਗਤ ਵੀ ਰਜਿਸਟ੍ਰੇਸ਼ਨ ਲਈ ਸ਼੍ਰੋਮਣੀ ਕਮੇਟੀ ਪਾਸੋਂ ਸੁਵਿਧਾ ਪ੍ਰਾਪਤ ਕਰ ਸਕੇਗੀ। ਇਸ ਕਾਰਜ ਲਈ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਪਲਾਜ਼ਾ ਵਿਖੇ ਵਿਸ਼ੇਸ਼ ਕੇਂਦਰ ਖੋਲ੍ਹਿਆ ਗਿਆ ਹੈ। ਇਸ ਤੋਂ ਇਲਾਵਾ ਗੁਰਦੁਆਰਾ ਸ਼ਹੀਦ

ਗੰਜ ਬਾਬਾ ਦੀਪ ਸਿੰਘ ਵਿਖੇ ਵੀ ਇਹ ਸੇਵਾਵਾਂ ਜਾਰੀ ਕੀਤੀਆਂ ਗਈਆਂ ਹਨ। ਡਾ. ਰੂਪ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਹਰ ਇਤਿਹਾਸਕ ਗੁਰਦੁਆਰਾ ਸਾਹਿਬ ਅੰਦਰ ਵੀ ਰਜਿਸਟ੍ਰੇਸ਼ਨ ਦੀਆਂ ਸੇਵਾਵਾਂ ਲਾਗਤਾਰ ਜਾਰੀ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਨੂੰ ਰਜਿਸਟ੍ਰੇਸ਼ਨ ਲਈ ਆਪਣੇ ਅਧਾਰ ਕਾਰਡ ਅਤੇ ਪਾਸਪੋਰਟ ਦੀਆਂ ਰੰਗਦਾਰ ਫੋਟੋ ਕਾਪੀਆਂ ਅਤੇ ਇਕ ਪਾਸਪੋਰਟ ਸਾਈਜ਼ ਦੀ ਰੰਗਦਾਰ ਫੋਟੋ ਦੇਣੀ ਪਵੇਗੀ।

ਡਾ. ਰੂਪ ਸਿੰਘ ਨੇ ਇਹ ਵੀ ਦੱਸਿਆ ਕਿ ਸੰਗਤ ਨੂੰ ਡੇਰਾ ਬਾਬਾ ਨਾਨਕ ਤੋਂ ਸ੍ਰੀ ਕਰਤਾਰਪੁਰ ਸਾਹਿਬ ਟਰਮੀਨਲ ਤੱਕ ਜਾਣ-ਆਉਣ ਲਈ ਆਉਂਦੀ ਮੁਸ਼ਕਲ ਦੇ ਹੱਲ ਲਈ ਵੀ ਭਲਕ ਤੋਂ ਬੱਸ ਸੇਵਾ ਸ਼ੁਰੂ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਇਹ ਸੇਵਾ ਆਰੰਭੀ ਗਈ ਹੈ। ਇਹ ਸੇਵਾ ਸ਼੍ਰੋਮਣੀ ਕਮੇਟੀ ਵੱਲੋਂ ਬਿਲਕੁਲ ਮੁਫ਼ਤ ਹੋਵੇਗੀ। ਇਹ ਬੱਸ ਸੇਵਾ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਸਰਹੱਦ ਤੱਕ ਹੋਵੇਗੀ ਜੋ ਟਰਮੀਨਲ ਤੋਂ ਵਾਪਸੀ ਡੇਰਾ ਬਾਬਾ ਨਾਨਕ ਤੱਕ ਵੀ ਸੰਗਤ ਨੂੰ ਲੈ ਕੇ ਆਵੇਗੀ। ਇਹ ਸੇਵਾ ਸਵੇਰ ਤੋਂ ਸ਼ਾਮ ਤੱਕ ਰੋਜ਼ਾਨਾ ਜਾਰੀ ਰਹੇਗੀ।

ਮੁੱਖ ਸਕੱਤਰ ਨੇ ਕਿਹਾ ਕਿ ਸਰਕਾਰਾਂ ਨੂੰ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਸਬੰਧੀ ਪ੍ਰਕਿਰਿਆ ਸਰਲ ਬਣਾਉਣ ਵੱਲ ਧਿਆਨ ਦੇਣਾ ਚਾਹੀਦਾ ਹੈ। ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਕੱਲ੍ਹ ਜਨਰਲ ਇਜਲਾਸ ਦੌਰਾਨ ਵੀ ਇਕ ਮਤੇ ਰਾਹੀਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਗਈ ਹੈ। ਡਾ. ਰੂਪ ਸਿੰਘ ਨੇ ਕਿਹਾ ਕਿ ਸਰਕਾਰ ਨੂੰ ਸੰਗਤ ਲਈ ਗਰੁੱਪ ਵੀਜੇ ਦੀ ਸਹੂਲਤ ਵੀ ਦੇਣੀ ਚਾਹੀਦੀ ਹੈ। ਇਸ ਤਹਿਤ ਰਜਿਸਟ੍ਰੇਸ਼ਨ ਕਰਵਾਉਣ ਵਾਲੇ ਵਿਅਕਤੀ ਨਾਲ ਉਸ ਵੱਲੋਂ ਇੱਕੋ ਫਾਰਮ ਵਿਚ ਦਿੱਤੇ ਗਏ ਵੇਰਵੇ ਅਨੁਸਾਰ ਸ਼ਰਧਾਲੂਆਂ ਨੂੰ ਜਾਣ ਦੀ ਖੁੱਲ੍ਹ ਹੋਣੀ ਚਾਹੀਦੀ ਹੈ। ਅਜਿਹਾ ਕਰਨ ਨਾਲ ਵੱਧ ਤੋਂ ਵੱਧ ਸੰਗਤਾਂ ਗੁਰੂ ਸਾਹਿਬ ਦੇ ਪਾਵਨ ਅਸਥਾਨ ਦੇ ਦਰਸ਼ਨ ਕਰਨ ਲਈ ਜਾ ਸਕਣਗੀਆਂ। ੨੮ ਨਵੰਬਰ

# ਸ਼੍ਰੋਮਣੀ ਕਮੇਟੀ ਵੱਲੋਂ ਮਨਾਇਆ ਗਿਆ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਘਰ ਦੇ ਮਹਾਨ ਰਬਾਬੀ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਅਰਦਾਸ ਉਪਰੰਤ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਭਾਈ ਮਰਦਾਨਾ ਜੀ ਦੇ ਜੀਵਨ ਇਤਿਹਾਸ ਨੂੰ ਸੰਗਤ ਨਾਲ ਸਾਂਝਾ ਕੀਤਾ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਭਾਈ ਮਰਦਾਨਾ ਜੀ ਗੁਰੂ ਘਰ ਦੇ ਪਹਿਲੇ ਰਬਾਬੀ ਕੀਰਤਨੀਏ ਸਨ, ਜਿਨ੍ਹਾਂ ਨੂੰ ਲੰਮਾਂ ਸਮਾਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਾਥ ਪ੍ਰਾਪਤ ਹੋਇਆ। ਉਨ੍ਹਾਂ ਕਿਹਾ ਕਿ ਭਾਈ ਮਰਦਾਨਾ ਜੀ ਸਿੱਖ ਇਤਿਹਾਸ ਦੇ ਉਹ ਪਾਤਰ ਹਨ, ਜਿਨ੍ਹਾਂ ਨੂੰ ਪਹਿਲੇ ਪਾਤਸ਼ਾਹ ਜੀ ਨੇ ਭਾਈ ਦੀ ਉਪਾਧੀ ਬਖ਼ਸ਼ਿਸ਼ ਕੀਤੀ। ਉਹ ਸਮਰਪਣ ਦੀ ਸਿਖਰਲੀ ਮਿਸਾਲ ਸਨ। ਸਮਾਗਮ ਦੌਰਾਨ ਵਿਸ਼ਵ ਰਬਾਬੀ ਭਾਈ ਮਰਦਾਨਾ ਜੀ ਸੁਸਾਇਟੀ ਪੰਜਾਬ ਦੇ ਨੁਮਾਇੰਦਿਆਂ ਨੂੰ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਨੇ ਸਨਮਾਨਿਤ ਕੀਤਾ।

ਇਸ ਮੌਕੇ ਭਾਈ ਮਰਦਾਨਾ ਸੁਸਾਇਟੀ ਦੇ ਮੀਤ ਪ੍ਰਧਾਨ ਸ੍ਰੀ ਜੀਤਾ, ਜਨਰਲ ਸਕੱਤਰ ਸ. ਮੰਗਾ ਸਿੰਘ, ਮੈਂਬਰ ਸ. ਬਲਦੇਵ ਸਿੰਘ ਕਾਦੀਆਂ, ਸ. ਮੰਗਲ ਸਿੰਘ ਠੱਕਰ ਸੰਧੂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਇੰਚਾਰਜ ਸ. ਗੁਰਿੰਦਰਪਾਲ ਸਿੰਘ ਠਰੂ, ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਸਤਨਾਮ ਸਿੰਘ ਮਾਂਗਾਸਰਾਏ ਸਮੇਤ ਹੋਰ ਮੌਜੂਦ ਸਨ। ੨੮ ਨਵੰਬਰ

# ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਪੁਰਬ ਸਬੰਧੀ ਅਲੌਕਿਕ ਨਗਰ ਕੀਰਤਨ ਸਜਾਇਆ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰਦੁਆਰਾ ਗੁਰੂ ਕੇ ਮਹਿਲ ਤੱਕ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਇਸ ਨਗਰ ਕੀਰਤਨ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ ਵਿਚ ਸੁਸ਼ੋਭਿਤ ਕੀਤਾ। ਨਗਰ ਕੀਰਤਨ ਵਿਚ ਵੱਖ-ਵੱਖ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ, ਜਦਕਿ ਵੱਖ-ਵੱਖ ਥਾਵਾਂ 'ਤੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਹੋਇਆ। ਸਕੂਲੀ ਵਿਦਿਆਰਥੀਆਂ ਦੇ ਬੈਂਡ ਅਤੇ ਗਤਕਾ ਪਾਰਟੀਆਂ ਵੱਲੋਂ ਸਿੱਖ ਸ਼ਸਤਰ ਕਲਾ ਦਾ ਪ੍ਰਦਰਸ਼ਨ ਵੀ ਖਿੱਚ ਦਾ ਕੇਂਦਰ ਬਣੇ। ਇਸ ਦੌਰਾਨ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਨੇ ਸੰਗਤ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਤੁ ਉਪਦੇਸ਼ਾਂ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ।

ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਆਖਿਆ ਕਿ ਨੌਵੇਂ ਪਾਤਸ਼ਾਹ ਜੀ ਦਾ ਸ਼ਹੀਦੀ ਦਿਹਾੜਾ ਵਿਸ਼ਵ ਦੇ ਧਾਰਮਿਕ ਇਤਿਹਾਸ ਅੰਦਰ ਨਿਵੇਕਲੇ ਸੁਨੇਹੇ ਵਜੋਂ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਹਿੰਦੂ ਧਰਮ ਖ਼ਾਤਰ ਆਪਣੀ ਸ਼ਹਾਦਤ ਦੇ ਕੇ ਸਦਭਾਵਨਾ ਅਤੇ ਸਾਂਝੀਵਾਲਤਾ ਦੇ ਸੰਦੇਸ਼ ਨੂੰ ਰੂਪਮਾਨ ਕੀਤਾ। ਉਨ੍ਹਾਂ ਕਿਹਾ ਕਿ ਬੇਸ਼ੱਕ ਗੁਰੂ ਸਾਹਿਬ ਦੀ ਵਿਚਾਰਧਾਰਾ ਬਿਲਕੁਲ ਮੌਲਿਕ ਅਤੇ ਹਿੰਦੂ ਰੀਤੀ ਰਿਵਾਜ਼ਾਂ ਤੋਂ ਵੱਖਰੀ ਸੀ, ਪਰੰਤੂ ਉਨ੍ਹਾਂ ਨੇ ਸਿਧਾਂਤਕ ਸਾਂਝ ਤੋਂ ਪਰ੍ਹੇ ਜਾ ਕੇ ਮਨੁੱਖਤਾ ਖਾਤਰ ਆਪਣਾ ਆਪ ਕੁਰਬਾਨ ਕੀਤਾ। ਇਸ ਤੋਂ ਸਾਨੂੰ ਆਪਣੇ ਧਰਮ ਦੇ ਸਿਧਾਂਤਾਂ 'ਤੇ ਪ੍ਰਪੱਕ ਰਹਿੰਦਿਆਂ ਦੂਸਰੇ ਧਰਮਾਂ ਦੇ ਸਤਿਕਾਰ ਖਾਤਰ ਤੱਤਪਰ ਰਹਿਣ ਸੀ ਸੇਧ ਪ੍ਰਾਪਤ ਕਰਨੀ ਚਾਹੀਦੀ ਹੈ।

ਨਗਰ ਕੀਰਤਨ ਦੌਰਾਨ ਸ਼ਹਿਰ ਦੀਆਂ ਸੰਗਤਾਂ, ਵੱਖ-ਵੱਖ ਵਿਦਿਅਕ ਅਦਾਰਿਆਂ ਦੇ ਨੁਮਾਇੰਦਿਆਂ ਅਤੇ ਵਿਦਿਆਰਥੀਆਂ ਤੋਂ ਇਲਾਵਾ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਬਿਜੈ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਗੁਰਪ੍ਰਤਾਪ ਸਿੰਘ ਟਿੱਕਾ ਜ਼ਿਲ੍ਹਾ ਪ੍ਰਧਾਨ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਤੇਜਿੰਦਰ ਸਿੰਘ ਪੱਡਾ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਹਰਜੀਤ ਸਿੰਘ ਲਾਲੂਘੁੰਮਣ, ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ। ੩੦ ਨਵੰਬਰ

ੴ ਸਤਿਗੁਰ ਪ੍ਰਸਾਦਿ॥

# ਕਾਰਵਾਈ ਜਨਰਲ ਸਮਾਗਮ

੧੨ ਮੱਘਰ ਸੰਮਤ ਨਾਨਕਸ਼ਾਹੀ ੫੫੧
੨੭ ਨਵੰਬਰ ੨੦੧੯

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਰਜਿਸਟਰਡ ਏ.ਡੀ. ਪੱਤਰ ਨੰਬਰ ੨੬੪੨੭ ਮਿਤੀ ੦੬.੧੧.੨੦੧੯ ਰਾਹੀਂ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਜਨਰਲ ਸਮਾਗਮ ਦੀ ਇਕੱਤਰਤਾ ੧੨ ਮੱਘਰ ਸੰਮਤ ਨਾਨਕਸ਼ਾਹੀ ੫੫੧ (ਮੁਤਾਬਿਕ ੨੭ ਨਵੰਬਰ ੨੦੧੯) ਦਿਨ ਬੁੱਧਵਾਰ ਨੂੰ ਬਾਅਦ ਦੁਪਹਿਰ ੧.੦੦ ਵਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫਤਰ ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰ. ਗੋਬਿੰਦ ਸਿੰਘ ਜੀ 'ਲੌਂਗੋਵਾਲ' ਪ੍ਰਧਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਪ੍ਰਧਾਨਗੀ ਹੇਠ ਆਰੰਭ ਹੋਈ। ਇਕੱਤਰਤਾ ਵਿੱਚ ਹੇਠ ਲਿਖੇ ਮੈਂਬਰ ਸਾਹਿਬਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਸ਼ਾਮਿਲ ਹੋਏ:-

| ਸੀ.ਨੰ. | ਹਲਕਾ ਨੰ: | /ਨਾਮ ਹਲਕਾ | ਨਾਮ ਮੈਂਬਰ ਸਾਹਿਬਾਨ |
|---|---|---|---|
| **ਹਿਮਾਚਲ ਪ੍ਰਦੇਸ਼** | | | |
| ੧. | ੧. | ਸ਼ਿਮਲਾ | ਸ੍ਰ. ਦਲਜੀਤ ਸਿੰਘ ਜੀ |
| **ਚੰਡੀਗੜ੍ਹ** | | | |
| ੨. | ੨. | ਚੰਡੀਗੜ੍ਹ | ਬੀਬੀ ਹਰਜਿੰਦਰ ਕੌਰ ਜੀ |
| **ਹਰਿਆਣਾ ਰਾਜ** | | | |
| ੩. | ੩/੧ | ਅੰਬਾਲਾ | ਸ੍ਰ. ਅਮਰੀਕ ਸਿੰਘ ਜੀ |
| ੪. | ੩/੨ | ਅੰਬਾਲਾ | ਸ੍ਰ. ਹਰਪਾਲ ਸਿੰਘ ਜੀ |
| ੫. | ੪/੧ | ਯਮੁਨਾ ਨਗਰ | ਸ੍ਰ: ਬਲਦੇਵ ਸਿੰਘ ਜੀ |
| ੬. | ੪/੨ | ਯਮੁਨਾ ਨਗਰ | ਬੀਬੀ ਮਨਜੀਤ ਕੌਰ ਜੀ |
| ੭. | ੫ | ਕੁਰੂਕਸ਼ੇਤਰ | ਸ੍ਰ: ਹਰਭਜਨ ਸਿੰਘ ਜੀ |
| ੮. | ੬. | ਕਰਨਾਲ | ਸ੍ਰ: ਭੁਪਿੰਦਰ ਸਿੰਘ ਜੀ |
| ੯. | ੭ | ਕੈਂਥਲ | ਸ੍ਰ: ਅਮੀਰ ਸਿੰਘ ਜੀ |
| ੧੦. | ੮/੧ | ਹਿਸਾਰ | ਸ੍ਰ. ਬਲਦੇਵ ਸਿੰਘ ਜੀ |
| ੧੧ | ੮/੨. | ਹਿਸਾਰ | ਬੀਬੀ ਅਮਰਜੀਤ ਕੌਰ ਜੀ |
| ੧੨. | ੯ | ਸਿਰਸਾ | ਸ੍ਰ. ਗੁਰਮੀਤ ਸਿੰਘ ਜੀ |
| ੧੩. | ੧੦ | ਡੱਬਵਾਲੀ | ਸ੍ਰ: ਜਗਸੀਰ ਸਿੰਘ ਜੀ |
| **ਪੰਜਾਬ ਰਾਜ** | | | |
| **ਜ਼ਿਲ੍ਹਾ ਮੁਕਤਸਰ ਸਾਹਿਬ** | | | |
| ੧੪. | ੧੧/੧ | ਮਲੋਟ | ਸ੍ਰ. ਦਿਆਲ ਸਿੰਘ ਜੀ |

| | | | |
|---|---|---|---|
| ੧੫. | ੧੧/੨. | ਮਲੋਟ | ਸ੍ਰ: ਬਿੱਕਰ ਸਿੰਘ ਜੀ |
| ੧੬. | ੧੨/੧. | ਗਿੱਦੜਬਾਹਾ | ਸ੍ਰ. ਗੁਰਪਾਲ ਸਿੰਘ ਜੀ |
| ੧੭. | ੧੨/੨. | ਗਿੱਦੜਬਾਹਾ | ਬੀਬੀ ਕਿਰਨਵੀਰ ਕੌਰ ਜੀ |
| ੧੮. | ੧੩ | ਦੋਦਾ | ਸ੍ਰ. ਨਵਤੇਜ ਸਿੰਘ ਜੀ |

ਜ਼ਿਲ੍ਹਾ ਫਿਰੋਜ਼ਪੁਰ

| | | | |
|---|---|---|---|
| ੧੯. | ੧੫/੧ | ਅਬੋਹਰ | ਸ੍ਰ: ਕੌਰ ਸਿੰਘ ਜੀ |
| ੨੦ | ੧੫/੨ | ਅਬੋਹਰ | ਬੀਬੀ ਪਰਮਿੰਦਰ ਕੌਰ ਜੀ |
| ੨੧. | ੧੬. | ਫਾਜ਼ਿਲਕਾ | ਸ੍ਰ: ਸੂਬਾ ਸਿੰਘ ਜੀ |
| ੨੨. | ੧੭ | ਜਲਾਲਾਬਾਦ | ਸ੍ਰ. ਦਰਸ਼ਨ ਸਿੰਘ ਜੀ |
| ੨੩ | ੧੮ | ਮਮਦੋਟ | ਸ੍ਰ. ਪ੍ਰੀਤਮ ਸਿੰਘ ਜੀ |
| ੨੪ | ੧੯/੧ | ਫਿਰੋਜ਼ਪੁਰ | ਸ੍ਰ. ਦਰਸ਼ਨ ਸਿੰਘ ਜੀ |
| ੨੫ | ੧੯/੨ | ਫਿਰੋਜ਼ਪੁਰ | ਸ੍ਰ. ਬਲਵਿੰਦਰ ਸਿੰਘ ਜੀ |
| ੨੬. | ੨੦/੧ | ਤਲਵੰਡੀ ਭਾਈ | ਸ੍ਰ. ਸਤਪਾਲ ਸਿੰਘ ਜੀ |
| ੨੭. | ੨੦/੨ | ਤਲਵੰਡੀ ਭਾਈ | ਬੀਬੀ ਜਸਵਿੰਦਰ ਕੌਰ ਜੀ |
| ੨੮. | ੨੧ | ਜ਼ੀਰਾ | ਸ੍ਰ. ਗੁਰਮੀਤ ਸਿੰਘ ਜੀ |

ਜ਼ਿਲ੍ਹਾ ਮੋਗਾ

| | | | |
|---|---|---|---|
| ੨੯ | ੨੩/੧ | ਮੋਗਾ | ਸ੍ਰ. ਤੋਤਾ ਸਿੰਘ ਜੀ |
| ੩੦ | ੨੪/੧ | ਬੰਧਨੀ ਕਲਾ | ਸ੍ਰ. ਜੁਗਰਾਜ ਸਿੰਘ ਜੀ |
| ੩੧ | ੨੪/੨ | ਬੱਧਨੀ ਕਲਾਂ | ਬੀਬੀ ਨਰਿੰਦਰ ਕੌਰ ਜੀ |
| ੩੨ | ੨੫ | ਨਿਹਾਲ ਸਿੰਘ ਵਾਲਾ | ਸ੍ਰ. ਗੁਰਮੇਲ ਸਿੰਘ ਜੀ |
| ੩੩ | ੨੬ | ਬਾਘਾ ਪੁਰਾਣਾ | ਸ੍ਰ. ਸੁਖਹਰਪ੍ਰੀਤ ਸਿੰਘ ਜੀ |
| ੩੪ | ੨੭/੧ | ਘੱਲ ਕਲਾਂ | ਸ੍ਰ. ਤਰਸੇਮ ਸਿੰਘ ਜੀ |

ਜ਼ਿਲ੍ਹਾ ਫਰੀਦਕੋਟ

| | | | |
|---|---|---|---|
| ੩੫ | ੨੮/੨ | ਫਰੀਦਕੋਟ | ਬੀਬੀ ਗੁਰਿੰਦਰ ਕੌਰ ਜੀ |
| ੩੬ | ੨੯ | ਕੋਟਕਪੂਰਾ | ਸ੍ਰ. ਸ਼ੇਰ ਸਿੰਘ ਜੀ |

ਜ਼ਿਲ੍ਹਾ ਬਠਿੰਡਾ

| | | | |
|---|---|---|---|
| ੩੭ | ੩੨/੧ | ਰਾਮਪੁਰਾ ਫੂਲ | ਸ੍ਰ. ਮੇਜਰ ਸਿੰਘ ਜੀ |
| ੩੮ | ੩੨/੨ | ਰਾਮਪੁਰਾ ਫੂਲ | ਬੀਬੀ ਜਸਪਾਲ ਕੌਰ ਜੀ |
| ੩੯ | ੩੪/੧ | ਬੱਲੂਆਣਾ | ਸ੍ਰ. ਅਮਰੀਕ ਸਿੰਘ ਜੀ |
| ੪੦ | ੩੪/੨ | ਬੱਲੂਆਣਾ | ਬੀਬੀ ਜੋਗਿੰਦਰ ਕੌਰ ਜੀ |
| ੪੧ | ੩੫ | ਤਲਵੰਡੀ ਸਾਬੋ | ਸ੍ਰ. ਮੋਹਨ ਸਿੰਘ ਜੀ |

| | | | |
|---|---|---|---|
| ੪੨ | ੩੬ | ਮੌੜ | ਸ੍ਰ. ਗੁਰਤੇਜ ਸਿੰਘ ਜੀ |

**ਜ਼ਿਲ੍ਹਾ ਮਾਨਸਾ**

| | | | |
|---|---|---|---|
| ੪੩ | ੩੭. | ਸਰਦੂਲਗੜ੍ਹ | ਸ੍ਰ: ਸੁਰਜੀਤ ਸਿੰਘ ਜੀ |
| ੪੪ | ੩੮/੧ | ਮਾਨਸਾ | ਸ੍ਰ: ਮਿੱਠੂ ਸਿੰਘ ਜੀ |
| ੪੫ | ੩੮/੨ | ਮਾਨਸਾ | ਸ੍ਰ. ਬੂਟਾ ਸਿੰਘ ਜੀ |
| ੪੬ | ੩੯ | ਜੋਗਾ | ਸ੍ਰ. ਗੁਰਪ੍ਰੀਤ ਸਿੰਘ ਜੀ |
| ੪੭ | ੪੦/੨ | ਬੁਢਲਾਡਾ | ਬੀਬੀ ਜਸਵੀਰ ਕੌਰ ਜੀ |

**ਜ਼ਿਲ੍ਹਾ ਸੰਗਰੂਰ**

| | | | |
|---|---|---|---|
| ੪੮ | ੪੧ | ਮੂਨਕ | ਬੀਬੀ ਪਰਮਜੀਤ ਕੌਰ ਜੀ |
| ੪੯ | ੪੨/੧ | ਸੁਨਾਮ | ਸ੍ਰ. ਇੰਦਰਮੋਹਨ ਸਿੰਘ ਜੀ |
| ੫੦ | ੪੨/੨ | ਸੁਨਾਮ | ਬੀਬੀ ਜਸਪਾਲ ਕੌਰ ਜੀ |
| ੫੧ | ੪੩/੧ | ਲੌਂਗੋਵਾਲ | ਸ੍ਰ. ਗੋਬਿੰਦ ਸਿੰਘ ਜੀ |
| ੫੨ | ੪੩/੨ | ਲੌਂਗੋਵਾਲ | ਸ੍ਰ. ਮਲਕੀਤ ਸਿੰਘ ਜੀ |
| ੫੩ | ੪੪ | ਬਰਨਾਲਾ | ਸ੍ਰ. ਪਰਮਜੀਤ ਸਿੰਘ ਜੀ |
| ੫੪ | ੪੫ | ਭਦੌੜ | ਸ੍ਰ. ਬਲਦੇਵ ਸਿੰਘ ਜੀ |
| ੫੫ | ੪੬/੧ | ਚੰਨਣਵਾਲ | ਸ੍ਰ. ਦਲਵਾਰ ਸਿੰਘ ਜੀ |
| ੫੬ | ੪੬/੨ | ਚੰਨਣਵਾਲ | ਸ੍ਰ. ਬਲਬੀਰ ਸਿੰਘ ਜੀ |
| ੫੭ | ੪੭/੨ | ਧੂਰੀ | ਬੀਬੀ ਸ਼ਰਨਜੀਤ ਕੌਰ ਜੀ |
| ੫੮ | ੪੮ | ਮਲੇਰਕੋਟਲਾ | ਸ੍ਰ. ਜੈਪਾਲ ਸਿੰਘ ਜੀ |
| ੫੯ | ੪੯ | ਅਮਰਗੜ੍ਹ | ਸ੍ਰ. ਭੁਪਿੰਦਰ ਸਿੰਘ ਜੀ |
| ੬੦ | ੫੧/੧ | ਦਿੜ੍ਹਬਾ | ਸ੍ਰ. ਹਰਦੇਵ ਸਿੰਘ ਜੀ |
| ੬੧ | ੫੧/੨ | ਦਿੜ੍ਹਬਾ | ਬੀਬੀ ਮਲਕੀਤ ਕੌਰ ਜੀ |

**ਜ਼ਿਲ੍ਹਾ ਪਟਿਆਲਾ**

| | | | |
|---|---|---|---|
| ੬੨ | ੫੨ | ਸਮਾਣਾ | ਸ੍ਰ. ਨਿਰਮਲ ਸਿੰਘ ਜੀ |
| ੬੩ | ੫੩/੧ | ਨਾਭਾ | ਸ੍ਰ. ਕੁਲਦੀਪ ਸਿੰਘ ਜੀ |
| ੬੪ | ੫੪ | ਭਾਦਸੋਂ | ਸ੍ਰ. ਸਤਵਿੰਦਰ ਸਿੰਘ ਜੀ |
| ੬੫ | ੫੫/੧ | ਡਕਾਲਾ | ਸ੍ਰ. ਜਰਨੈਲ ਸਿੰਘ ਜੀ |
| ੬੬ | ੫੬ | ਪਟਿਆਲਾ ਸ਼ਹਿਰ | ਸ੍ਰ. ਸਵਿੰਦਰ ਸਿੰਘ ਜੀ |
| ੬੭ | ੫੭/੧ | ਸਨੌਰ | ਸ੍ਰ. ਜਸਮੇਰ ਸਿੰਘ ਜੀ |
| ੬੮ | ੫੭/੨ | ਸਨੌਰ | ਬੀਬੀ ਕੁਲਦੀਪ ਕੌਰ ਜੀ |
| ੬੯ | ੫੮ | ਡੇਰਾ ਬੱਸੀ | ਸ੍ਰ. ਨਿਰਮੈਲ ਸਿੰਘ ਜੀ |
| ੭੦ | ੫੯ | ਰਾਜਪੁਰਾ | ਸ੍ਰ. ਸੁਰਜੀਤ ਸਿੰਘ ਜੀ |

ਜ਼ਿਲ੍ਹਾ ਫਤਹਿਗੜ੍ਹ ਸਾਹਿਬ

| | | | |
|---|---|---|---|
| ੭੧ | ੬੦ | ਫਤਹਿਗੜ੍ਹ ਸਾਹਿਬ | ਸ੍ਰ. ਗੁਰਪ੍ਰੀਤ ਸਿੰਘ ਜੀ |
| ੭੨ | ੬੧/੧ | ਬੱਸੀ ਪਠਾਣਾਂ | ਸ੍ਰ. ਰਣਧੀਰ ਸਿੰਘ ਜੀ |
| ੭੩ | ੬੧/੨ | ਬੱਸੀ ਪਠਾਣਾਂ | ਸ੍ਰ. ਅਵਤਾਰ ਸਿੰਘ ਜੀ |
| ੭੪ | ੬੨ | ਅਮਲੋਹ | ਸ੍ਰ. ਰਵਿੰਦਰ ਸਿੰਘ ਜੀ |

ਜ਼ਿਲ੍ਹਾ ਲੁਧਿਆਣਾ

| | | | |
|---|---|---|---|
| ੭੫ | ੬੩ | ਖੰਨਾ | ਸ੍ਰ. ਦਵਿੰਦਰ ਸਿੰਘ ਜੀ |
| ੭੬ | ੬੪ | ਪਾਇਲ | ਸ੍ਰ. ਰਘਬੀਰ ਸਿੰਘ ਜੀ |
| ੭੭ | ੬੫/੧ | ਦੋਰਾਹਾ | ਸ੍ਰ. ਚਰਨ ਸਿੰਘ ਜੀ |
| ੭੮ | ੬੫/੨ | ਦੋਰਾਹਾ | ਸ੍ਰ. ਹਰਪਾਲ ਸਿੰਘ ਜੀ |
| ੭੯ | ੬੬ | ਪੱਖੋਵਾਲ | ਸ੍ਰ. ਹਰਪ੍ਰੀਤ ਸਿੰਘ ਜੀ |
| ੮੦ | ੬੭ | ਰਾਏਕੋਟ | ਸ੍ਰ. ਜਗਜੀਤ ਸਿੰਘ ਜੀ |
| ੮੧ | ੬੮/੧ | ਜਗਰਾਉਂ | ਸ੍ਰ. ਗੁਰਚਰਨ ਸਿੰਘ ਜੀ |
| ੮੨ | ੬੯ | ਸਿਧਵਾਂ ਬੇਟ | ਸ੍ਰ. ਜਸਵੰਤ ਸਿੰਘ ਜੀ |
| ੮੩ | ੭੧ | ਲੁਧਿਆਣਾ (ਸ਼ਹਿਰ ਦੱਖਣੀ) | ਸ੍ਰ. ਬਲਵਿੰਦਰ ਸਿੰਘ ਜੀ |
| ੮੪ | ੭੨/੨ | ਲੁਧਿਆਣਾ (ਸ਼ਹਿਰ ਪੱਛਮੀ) | ਬੀਬੀ ਰਜਿੰਦਰ ਕੌਰ ਜੀ |
| ੮੫ | ੭੩ | ਲੁਧਿਆਣਾ (ਸ਼ਹਿਰ ਉਤਰੀ) | ਸ੍ਰ. ਕੰਵਲਇੰਦਰ ਸਿੰਘ ਜੀ |
| ੮੬ | ੭੪ | ਲੁਧਿਆਣਾ (ਦਿਹਾਤੀ) | ਸ੍ਰ. ਰਣਜੀਤ ਸਿੰਘ ਜੀ |
| ੮੭ | ੭੫ | ੭੫/੧ ਸਮਰਾਲਾ | ਸ੍ਰ. ਸਰਬੰਸ ਸਿੰਘ ਜੀ |
| ੮੮ | ੭੫/੨ | ਸਮਰਾਲਾ | ਬੀਬੀ ਹਰਜਿੰਦਰ ਕੌਰ ਜੀ |

ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ

| | | | |
|---|---|---|---|
| ੮੯ | ੭੬/੧ | ਬਲਾਚੌਰ | ਸ੍ਰ. ਮਹਿੰਦਰ ਸਿੰਘ ਜੀ |
| ੯੦ | ੭੬/੨ | ਬਲਾਚੌਰ | ਸ੍ਰ. ਗੁਰਬਖਸ਼ ਸਿੰਘ ਜੀ |
| ੯੧ | ੭੭ | ਨਵਾਂ ਸ਼ਹਿਰ | ਸ੍ਰ. ਸੁਖਦੇਵ ਸਿੰਘ ਜੀ |

ਜ਼ਿਲ੍ਹਾ: ਜਲੰਧਰ

| | | | |
|---|---|---|---|
| ੯੨ | ੮੦/੨ | ਸ਼ਾਹਕੋਟ | ਸ੍ਰ. ਬਲਦੇਵ ਸਿੰਘ ਜੀ |
| ੯੩ | ੮੧/੨ | ਆਦਮਪੁਰ | ਬੀਬੀ ਦਵਿੰਦਰ ਕੌਰ ਜੀ |
| ੯੪ | ੮੨ | ਜਲੰਧਰ ਸ਼ਹਿਰ | ਸ੍ਰ. ਕੁਲਵੰਤ ਸਿੰਘ ਜੀ |
| ੯੫ | ੮੩/੧ | ਕਰਤਾਰਪੁਰ | ਸ੍ਰ. ਰਣਜੀਤ ਸਿੰਘ ਜੀ |
| ੯੬ | ੮੩/੨ | ਕਰਤਾਰਪੁਰ | ਬੀਬੀ ਗੁਰਮੀਤ ਕੌਰ ਜੀ |

ਜ਼ਿਲ੍ਹਾ ਕਪੂਰਥਲਾ

| | | | |
|---|---|---|---|
| ੯੭ | ੮੪/੧ | ਫਗਵਾੜਾ | ਸ੍ਰ. ਸਰਵਨ ਸਿੰਘ ਜੀ |
| ੯੮ | ੮੪/੨ | ਫਗਵਾੜਾ | ਬੀਬੀ ਗੁਰਪ੍ਰੀਤ ਕੌਰ ਜੀ |
| ੯੯ | ੮੫ | ਕਪੂਰਥਲਾ | ਸ੍ਰ. ਜਰਨੈਲ ਸਿੰਘ ਜੀ |
| ੧੦੦ | ੮੬ | ਭੁਲੱਥ | ਬੀਬੀ ਜਗੀਰ ਕੌਰ ਜੀ |

ਜ਼ਿਲ੍ਹਾ: ਸ੍ਰੀ ਅੰਮ੍ਰਿਤਸਰ

| | | | |
|---|---|---|---|
| ੧੦੧ | ੮੭ | ਬਾਬਾ ਬਕਾਲਾ | ਸ੍ਰ. ਬਲਜੀਤ ਸਿੰਘ ਜੀ |
| ੧੦੨ | ੮੮/੧ | ਖਡੂਰ ਸਾਹਿਬ | ਸ੍ਰ. ਅਮਰਜੀਤ ਸਿੰਘ ਜੀ |
| ੧੦੩ | ੮੮/੨ | ਖਡੂਰ ਸਾਹਿਬ | ਸ੍ਰ. ਬਲਵਿੰਦਰ ਸਿੰਘ ਜੀ |
| ੧੦੪ | ੮੯ | ਨੌਸ਼ਹਿਰਾ ਪਨੂੰਆਂ | ਸ੍ਰ. ਗੁਰਬਚਨ ਸਿੰਘ ਜੀ |
| ੧੦੫ | ੯੦/੧ | ਪੱਟੀ | ਸ੍ਰ. ਖੁਸ਼ਵਿੰਦਰ ਸਿੰਘ ਜੀ |
| ੧੦੬ | ੯੦/੨ | ਪੱਟੀ | ਬੀਬੀ ਹਰਜਿੰਦਰ ਕੌਰ ਜੀ |
| ੧੦੭ | ੯੨ | ਭਿੱਖੀਵਿੰਡ | ਸ੍ਰ. ਮਨਜੀਤ ਸਿੰਘ ਜੀ |
| ੧੦੮ | ੯੩ | ਤਰਨ ਤਾਰਨ | ਸ੍ਰ. ਅਲਵਿੰਦਰਪਾਲ ਸਿੰਘ ਜੀ |
| ੧੦੯ | ੯੪ | ਝਬਾਲ ਕਲਾਂ | ਸ੍ਰ. ਨਿਰਮਲ ਸਿੰਘ ਜੀ |
| ੧੧੦ | ੯੫/੧ | ਵੇਰਕਾ | ਸ੍ਰ. ਮੰਗਵਿੰਦਰ ਸਿੰਘ ਜੀ |
| ੧੧੧ | ੯੫/੨ | ਵੇਰਕਾ | ਸ੍ਰ. ਗੁਰਿੰਦਰਪਾਲ ਸਿੰਘ ਜੀ |
| ੧੧੨ | ੯੬ | ਅੰਮ੍ਰਿਤਸਰ (ਪੂਰਬੀ) | ਸ੍ਰ. ਹਰਜਾਪ ਸਿੰਘ ਜੀ |
| ੧੧੩ | ੯੭ | ਅੰਮ੍ਰਿਤਸਰ (ਕੇਂਦਰੀ) | ਸ੍ਰ. ਰਜਿੰਦਰ ਸਿੰਘ ਜੀ |
| ੧੧੪ | ੯੮/੧ | ਅੰਮ੍ਰਿਤਸਰ (ਪੱਛਮੀ) | ਸ੍ਰ. ਬਾਵਾ ਸਿੰਘ ਜੀ |
| ੧੧੫ | ੯੮/੨ | ਅੰਮ੍ਰਿਤਸਰ (ਪੱਛਮੀ) | ਬੀਬੀ ਕਿਰਨਜੋਤ ਕੌਰ ਜੀ |
| ੧੧੬ | ੯੯/੧ | ਚੋਗਾਵਾਂ | ਸ੍ਰ. ਸੁਰਜੀਤ ਸਿੰਘ ਜੀ |
| ੧੧੭ | ੯੯/੨ | ਚੋਗਾਵਾਂ | ਬੀਬੀ ਬਲਵਿੰਦਰ ਕੌਰ ਜੀ |
| ੧੧੮ | ੧੦੦ | ਅਜਨਾਲਾ | ਸ੍ਰ. ਅਮਰੀਕ ਸਿੰਘ ਜੀ |
| ੧੧੯ | ੧੦੧/੧ | ਗੁਰੂ ਕਾ ਬਾਗ | ਸ੍ਰ. ਜੋਧ ਸਿੰਘ ਜੀ |
| ੧੨੦ | ੧੦੧/੨ | ਗੁਰੂ ਕਾ ਬਾਗ | ਬੀਬੀ ਸਵਰਨ ਕੌਰ ਜੀ |
| ੧੨੧ | ੧੦੨/੧ | ਜੰਡਿਆਲਾ ਗੁਰੂ | ਸ੍ਰ. ਅਮਰਜੀਤ ਸਿੰਘ ਜੀ |
| ੧੨੨ | ੧੦੨/੨ | ਜੰਡਿਆਲਾ ਗੁਰੂ | ਸ੍ਰ. ਬਿਕਰਮਜੀਤ ਸਿੰਘ ਜੀ |
| ੧੨੩ | ੧੦੩ | ਮੱਤੇਵਾਲ | ਸ੍ਰ. ਭਗਵੰਤ ਸਿੰਘ ਜੀ |

ਜ਼ਿਲ੍ਹਾ: ਗੁਰਦਾਸਪੁਰ

| | | | |
|---|---|---|---|
| ੧੨੪ | ੧੦੪ | ਸ੍ਰੀ ਹਰਿਗੋਬਿੰਦਪੁਰ | ਸ੍ਰ. ਸੁਰਜੀਤ ਸਿੰਘ ਜੀ |
| ੧੨੫ | ੧੦੫/੧ | ਬਟਾਲਾ | ਸ੍ਰ. ਗੁਰਿੰਦਰਪਾਲ ਸਿੰਘ ਜੀ |
| ੧੨੬ | ੧੦੫/੨ | ਬਟਾਲਾ | ਸ੍ਰ. ਗੁਰਨਾਮ ਸਿੰਘ ਜੀ |
| ੧੨੭ | ੧੦੬ | ਕਾਲਾ ਅਫਗਾਨਾ | ਸ੍ਰ. ਸੱਜਣ ਸਿੰਘ ਜੀ |

| | | | |
|---|---|---|---|
| ੧੨੮ | ੧੦੭/੧ | ਡੇਰਾ ਬਾਬਾ ਨਾਨਕ | ਸ੍ਰ. ਅਮਰੀਕ ਸਿੰਘ ਜੀ |
| ੧੨੯ | ੧੦੭/੨ | ਡੇਰਾ ਬਾਬਾ ਨਾਨਕ | ਬੀਬੀ ਜੋਗਿੰਦਰ ਕੌਰ ਜੀ |
| ੧੩੦ | ੧੦੮/੨ | ਧਾਰੀਵਾਲ | ਬੀਬੀ ਜਸਬੀਰ ਕੌਰ ਜੀ |

ਜਿਲ੍ਹਾ: ਹੁਸ਼ਿਆਰਪੁਰ

| | | | |
|---|---|---|---|
| ੧੩੧ | ੧੧੧ | ਮੁਕੇਰੀਆਂ | ਸ੍ਰ. ਰਵਿੰਦਰ ਸਿੰਘ ਜੀ |
| ੧੩੨ | ੧੧੨ | ਦਸੂਹਾ | ਸ੍ਰ. ਤਾਰਾ ਸਿੰਘ ਜੀ |
| ੧੩੩ | ੧੧੩/੧ | ਸ਼ਾਮ ਚੁਰਾਸੀ | ਸ੍ਰ. ਹਰਜਿੰਦਰ ਸਿੰਘ ਜੀ |
| ੧੩੪ | ੧੧੪ | ਹੁਸ਼ਿਆਰਪੁਰ | ਸ੍ਰ. ਸੁਰਿੰਦਰ ਸਿੰਘ ਜੀ |
| ੧੩੫ | ੧੧੫/੨ | ਗੜ੍ਹਸ਼ੰਕਰ | ਬੀਬੀ ਰਣਜੀਤ ਕੌਰ ਜੀ |

ਜ਼ਿਲ੍ਹਾ: ਰੋਪੜ

| | | | |
|---|---|---|---|
| ੧੩੬ | ੧੧੬/੧ | ਸ੍ਰੀ ਅਨੰਦਪੁਰ ਸਾਹਿਬ | ਸ੍ਰ. ਅਮਰਜੀਤ ਸਿੰਘ ਜੀ |
| ੧੩੭ | ੧੧੬/੨ | ਸ੍ਰੀ ਅਨੰਦਪੁਰ ਸਾਹਿਬ | ਸ੍ਰ. ਸੁਰਿੰਦਰ ਸਿੰਘ ਜੀ |
| ੧੩੮ | ੧੧੭ | ਰੂਪ ਨਗਰ | ਸ੍ਰ. ਪਰਮਜੀਤ ਸਿੰਘ ਜੀ |

ਜ਼ਿਲ੍ਹਾ: ਮੋਹਾਲੀ

| | | | |
|---|---|---|---|
| ੧੩੯ | ੧੧੮ | ਮੋਰਿੰਡਾ | ਸ੍ਰ. ਅਜਮੇਰ ਸਿੰਘ ਜੀ |
| ੧੪੦ | ੧੧੯ | ਖਰੜ | ਸ੍ਰ. ਚਰਨਜੀਤ ਸਿੰਘ ਜੀ |
| ੧੪੧ | ੧੨੦/੨ | ਮੋਹਾਲੀ | ਬੀਬੀ ਪਰਮਜੀਤ ਕੌਰ ਜੀ |

ਕੋਆਪਟਿਡ ਮੈਂਬਰ ਸਾਹਿਬਾਨ

| | | | |
|---|---|---|---|
| ੧੪੨ | ੧. | ਪੰਜਾਬ | ਪ੍ਰੋ: ਕਿਰਪਾਲ ਸਿੰਘ ਜੀ |
| ੧੪੩ | ੨. | ਪੰਜਾਬ | ਸ੍ਰ: ਰਘੂਜੀਤ ਸਿੰਘ ਜੀ |
| ੧੪੪ | ੩ | ਪੰਜਾਬ | ਸ੍ਰ. ਕਰਨੈਲ ਸਿੰਘ ਜੀ |
| ੧੪੫ | ੪ | ਪੰਜਾਬ | ਸ੍ਰ. ਰਾਮ ਸਿੰਘ ਜੀ |
| ੧੪੬ | ੫ | ਪੰਜਾਬ | ਸ੍ਰ. ਜਗਤਾਰ ਸਿੰਘ ਜੀ |
| ੧੪੭ | ੭ | ਰਾਜਸਥਾਨ | ਸ੍ਰ. ਸੁਰਜੀਤ ਸਿੰਘ ਜੀ |
| ੧੪੮ | ੮ | ਉਤਰਾਂਚਲ ਪ੍ਰਦੇਸ਼ | ਸ੍ਰ. ਹਰਭਜਨ ਸਿੰਘ ਜੀ |
| ੧੪੯ | ੯ | ਉੱਤਰ ਪ੍ਰਦੇਸ਼ | ਸ੍ਰ. ਚਰਨਜੀਤ ਸਿੰਘ ਜੀ |
| ੧੫੦ | ੧੦ | ਉੱਤਰ ਪ੍ਰਦੇਸ਼ | ਸ੍ਰ. ਸੁਖਮੀਤ ਸਿੰਘ ਜੀ |
| ੧੫੧ | ੧੨ | ਦਿੱਲੀ | ਸ੍ਰ. ਭੁਪਿੰਦਰ ਸਿੰਘ ਜੀ |
| ੧੫੨ | ੧੩ | ਦਿੱਲੀ | ਸ੍ਰ. ਗੁਰਮਿੰਦਰ ਸਿੰਘ ਜੀ |
| ੧੫੩ | ੧੪ | ਮਹਾਂਰਾਸ਼ਟਰਾ | ਸ੍ਰ. ਗੁਰਿੰਦਰ ਸਿੰਘ ਜੀ |
| ੧੫੪ | ੧੫ | ਮੱਧ ਪ੍ਰਦੇਸ਼ | ਬੀਬੀ ਸੁਖਵਿੰਦਰ ਕੌਰ ਜੀ |

ਹੈੱਡ ਮਨਿਸਟਰਜ਼ ਸਾਹਿਬਾਨ

੧. ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਜੀ, ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

੨. ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ,ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ।

੩. ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ, ਕਾਰਜਕਾਰੀ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ (ਰੂਪ ਨਗਰ)।

੪. ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਜੀ ਜਥੇਦਾਰ ਤਖ਼ਤ ਸ੍ਰੀ ਪਟਨਾ ਸਾਹਿਬ (ਬਿਹਾਰ)।

੫. ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ, ਕਾਰਜਕਾਰੀ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ)।

ਜਨਰਲ ਹਾਊਸ ਦੀ ਆਰੰਭਤਾ ਦੀ ਅਰਦਾਸ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਕਾਰਜਕਾਰੀ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਨੇ ਕੀਤੀ ਅਤੇ ਆਰੰਭ ਦਾ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਜੀ ਹੈੱਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਨੇ ਲਿਆ। ਮੁੱਖ ਵਾਕ ਆਇਆ:-

*ਸੂਹੀ ਮਹਲਾ ੫*
*ਜਿਸ ਕੇ ਸਿਰ ਊਪਰਿ ਤੂੰ ਸੁਆਮੀ ਸੋ ਦੁਖੁ ਕੈਸਾ ਪਾਵੈ॥ (ਅੰਗਰ ੭੪੯-੫੦)*

ਡਾ. ਰੂਪ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੋਦ ਵਿੱਚ ਮਿਲ ਬੈਠੇ ਸਿੰਘ ਸਾਹਿਬਾਨ ਅਤੇ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਗੁਰ ਫਤਹਿ ਬੁਲਾਉਂਦਿਆਂ ਸੱਦੇ ਗਏ ਜਨਰਲ ਇਜਲਾਸ ਸਬੰਧੀ ਜਾਣਕਾਰੀ ਦਿੰਦਿਆਂ ਸਮੂੰਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਜਨਰਲ ਸਮਾਗਮ ਸਬੰਧੀ ਦਫਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਜਾਰੀ ਪੱਤਰ ਨੰਬਰ ੨੬੪੨੭ ਮਿਤੀ ੬-੧੧-੨੦੧੯ ਪੜ੍ਹ ਕੇ ਸੁਣਾਇਆ।ਪੱਤਰ ਪੜ੍ਹਨ ਉਪਰੰਤ ਮੁੱਖ ਸਕੱਤਰ ਜੀ ਨੇ ਪ੍ਰਧਾਨ ਸਾਹਿਬ ਨੂੰ ਸ਼ੋਕ ਮਤੇ ਹਾਊਸ ਵਿੱਚ ਪੜ੍ਹਨ ਦੀ ਬੇਨਤੀ ਕੀਤੀ। ਪ੍ਰਧਾਨ ਸਾਹਿਬ ਵੱਲੋਂ ਹੇਠ ਲਿਖੇ ਅਨੁਸਾਰ ਸ਼ੋਕ ਮਤੇ ਪੜ੍ਹੇ ਗਏ। ਇਸ ਉਪਰੰਤ ਪੰਜ ਵਾਰ ਮੂਲ ਮੰਤਰ ਦੇ ਜਾਪ ਕੀਤੇ ਗਏ:-

(੧)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਗਿਆਨੀ ਪੂਰਨ ਸਿੰਘ ਜੀ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਸਿੰਘ ਸਾਹਿਬ ਜੀ ਦੇ ਸਦੀਵੀ ਵਿਛੋੜਾ ਦੇ ਜਾਣ ਨਾਲ ਉਨ੍ਹਾਂ ਦੇ ਪਰਿਵਾਰ, ਸੱਜਣਾਂ, ਮਿੱਤਰਾਂ-ਸਨੇਹੀਆਂ ਤੇ ਪੰਥ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਸਮੁੱਚੀ ਸਿੱਖ ਕੌਮ ਨਾ ਪੂਰੀ ਹੋਣ ਵਾਲੀ ਘਾਟ ਮਹਿਸੂਸ ਕਰਦੀ ਹੈ।

ਸਿੰਘ ਸਾਹਿਬ ਗਿਆਨੀ ਪੂਰਨ ਸਿੰਘ ਜੀ ਵੱਲੋਂ ਸ੍ਰੀ ਦਰਬਾਰ ਸਾਹਿਬ, ਸ੍ਰੀ ਤਰਨ ਤਾਰਨ ਵਿਖੇ ਗ੍ਰੰਥੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗ੍ਰੰਥੀ, ਮੁੱਖ ਗ੍ਰੰਥੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਜਥੇਦਾਰ ਵਜੋਂ ਨਿਭਾਈਆਂ ਪੰਥਕ ਸੇਵਾਵਾਂ ਅਤੇ ਵਿਦਵਾਨ ਬੁਲਾਰੇ ਵਜੋਂ ਸਿੱਖ

ਧਰਮ ਦੇ ਪ੍ਰਚਾਰ-ਪ੍ਰਸਾਰ ਲਈ ਪਾਏ ਬਹੁਮੁਲੇ ਯੋਗਦਾਨ ਦੀ ਅੱਜ ਦਾ ਜਨਰਲ ਇਜਲਾਸ ਭਰਪੂਰ ਪ੍ਰਸ਼ੰਸਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ ਕਰਦਾ ਹੈ ਕਿ ਅਕਾਲ ਪੁਰਖ ਵਾਹਿਗੁਰੂ, ਸਿੰਘ ਸਾਹਿਬ ਗਿਆਨੀ ਪੂਰਨ ਸਿੰਘ ਜੀ ਦੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਕਾਲ ਲਈ ਨਿਵਾਸ ਬਖਸ਼ਣ, ਪਿਛੇ ਪੰਥ, ਪਰਿਵਾਰ ਅਤੇ ਸੱਜਣ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

(੨)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ੍ਰ. ਸੁਖਦੇਵ ਸਿੰਘ ਜੀ 'ਬਾਠ' ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ।ਸ੍ਰ. ਸੁਖਦੇਵ ਸਿੰਘ ਜੀ 'ਬਾਠ' ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵਜੋਂ ਨਿਭਾਈ ਭੂਮਿਕਾ ਯਾਦ ਰੱਖਣ ਯੋਗ ਹੈ। ਸ੍ਰ. ਸੁਖਦੇਵ ਸਿੰਘ ਜੀ ਚੰਗੇ ਸੁਭਾਅ, ਨੇਕ-ਦਿਲ ਅਤੇ ਮਿਲਣਸਾਰ ਸਖ਼ਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਖੇਤਰ ਅਤੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ, ਵਿਦਿਆ ਦੇ ਖੇਤਰ 'ਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁ:ਪ੍ਰ: ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਇਨ੍ਹਾਂ ਵੱਲੋਂ ਕੀਤੇ ਪੰਥਕ ਤੇ ਸਮਾਜਿਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ਼ ਜੀ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

(੩)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ੍ਰ. ਲਖਬੀਰ ਸਿੰਘ ਜੀ 'ਅਰਾਈਆਂਵਾਲਾ' ਮੈਂਬਰ ਸ਼੍ਰੋਮਣੀ ਗੁ:ਪ੍ਰ: ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ।ਸ੍ਰ. ਲਖਬੀਰ ਸਿੰਘ ਜੀ 'ਅਰਾਈਆਂਵਾਲਾ' ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ, ਅੰਤ੍ਰਿੰਗ ਮੈਂਬਰ ਵਜੋਂ ਨਿਭਾਈ ਭੂਮਿਕਾ ਯਾਦ ਰੱਖਣ ਯੋਗ ਹੈ।ਸ੍ਰ. ਲਖਬੀਰ ਸਿੰਘ ਜੀ 'ਅਰਾਈਆਂਵਾਲਾ' ਚੰਗੇ ਸੁਭਾਅ, ਨੇਕ-ਦਿਲ ਅਤੇ ਮਿਲਣਸਾਰ ਸਖ਼ਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਖੇਤਰ ਅਤੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ, ਵਿਦਿਆ ਦੇ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁ:ਪ੍ਰ: ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਜਨਰਲ ਇਜਲਾਸ ਇਨ੍ਹਾਂ ਵੱਲੋਂ ਕੀਤੇ ਪੰਥਕ ਤੇ ਸਮਾਜਿਕ ਕਾਰਜਾਂ ਦੀ ਸ਼ਲਾਘਾ ਕਰਦਿਆਂ ਹੋਇਆ ਅਕਾਲ ਪੁਰਖ਼ ਜੀ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

(੪)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਕੈਪਟਨ ਅਵਤਾਰ ਸਿੰਘ ਜੀ ਮੈਂਬਰ ਸ਼੍ਰੋਮਣੀ ਗੁ:ਪ੍ਰ: ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ।ਕੈਪਟਨ ਅਵਤਾਰ ਸਿੰਘ ਜੀ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵਜੋਂ ਨਿਭਾਈ ਭੂਮਿਕਾ ਯਾਦ ਰੱਖਣ ਯੋਗ ਹੈ।ਕੈਪਟਨ ਅਵਤਾਰ ਸਿੰਘ ਜੀ ਚੰਗੇ ਸੁਭਾਅ, ਨੇਕਦਿਲ ਅਤੇ ਮਿਲਣਸਾਰ ਸਖ਼ਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਖੇਤਰ ਅਤੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ, ਵਿਦਿਆ ਦੇ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁ:ਪ੍ਰ: ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਅੱਜ ਦਾ ਜਨਰਲ ਇਜਲਾਸ ਇਨ੍ਹਾਂ ਵੱਲੋਂ ਕੀਤੇ

ਪੰਥਕ ਤੇ ਸਮਾਜਿਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ਼ ਜੀ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

(੫)

ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ੍ਰ. ਸੁਖਦੇਵ ਸਿੰਘ ਜੀ ਲਿਬੜਾ, ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਾਬਕਾ ਸੰਸਦ ਮੈਂਬਰ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜਹਾਰ ਕਰਦਾ ਹੈ। ਸ੍ਰ. ਸੁਖਦੇਵ ਸਿੰਘ ਜੀ ਸੰਨ ੧੯੭੯ ਵਿੱਚ ਸ਼੍ਰੋਮਣੀ ਗੁ:ਪ੍ਰ: ਕਮੇਟੀ ਦੇ ਮੈਂਬਰ ਬਣੇ ਅਤੇ ਲੰਮਾ ਸਮਾਂ ਸ਼੍ਰੋਮਣੀ ਗੁ:ਪ੍ਰ: ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਵੱਜੋਂ ਸੇਵਾ ਨਿਭਾਈ। ਸ੍ਰ. ਸੁਖਦੇਵ ਸਿੰਘ ਜੀ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇੰਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਖੇਤਰ ਅਤੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਅਤੇ ਵਿੱਦਿਆ ਦੇ ਖੇਤਰ ਵਿੱਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁ:ਪ੍ਰ: ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਅੱਜ ਦਾ ਜਨਰਲ ਇਜਲਾਸ ਸ੍ਰ. ਸੁਖਦੇਵ ਸਿੰਘ ਜੀ ਲਿਬੜਾ ਵੱਲੋਂ ਕੀਤੇ ਪੰਥਕ ਤੇ ਸਮਾਜਿਕ ਕਾਰਜਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਹੋਇਆਂ ਅਕਾਲ ਪੁਰਖ਼ ਜੀ ਦੇ ਚਰਨਾਂ ਵਿੱਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾ ਨੂੰ ਸਤਿਗੁਰੂ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਤੇ ਪਿੱਛੇ ਪਰਿਵਾਰਕ ਮੈਂਬਰਾਂ ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

(੬)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਜਥੇਦਾਰ ਸ਼ਿੰਗਾਰਾ ਸਿੰਘ ਜੀ 'ਲੋਹੀਆਂ' ਮੈਂਬਰ ਸ਼੍ਰੋਮਣੀ ਗੁ:ਪ੍ਰ: ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਜਥੇਦਾਰ ਸ਼ਿੰਗਾਰਾ ਸਿੰਘ ਜੀ 'ਲੋਹੀਆਂ' ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ, ਅੰਤ੍ਰਿੰਗ ਮੈਂਬਰ ਵਜੋਂ ਨਿਭਾਈ ਭੂਮਿਕਾ ਯਾਦ ਰੱਖਣ ਯੋਗ ਹੈ।ਜਥੇਦਾਰ ਸ਼ਿੰਗਾਰਾ ਸਿੰਘ ਜੀ 'ਲੋਹੀਆਂ' ਚੰਗੇ ਸੁਭਾਅ, ਨੇਕਦਿਲ ਅਤੇ ਮਿਲਣਸਾਰ ਸਖ਼ਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਖੇਤਰ ਅਤੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ, ਵਿਦਿਆ ਦੇ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁ:ਪ੍ਰ: ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਜਨਰਲ ਇਜਲਾਸ ਇਨ੍ਹਾਂ ਵੱਲੋਂ ਕੀਤੇ ਪੰਥਕ ਤੇ ਸਮਾਜਿਕ ਕਾਰਜਾਂ ਦੀ ਸ਼ਲਾਘਾ ਕਰਦਿਆਂ ਹੋਇਆ ਅਕਾਲ ਪੁਰਖ਼ ਜੀ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

(੭)

ਸ਼੍ਰੋਮਣੀ ਗੁ:ਪ੍ਰ: ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ੍ਰ.ਸੁਰਿੰਦਰਪਾਲ ਸਿੰਘ ਜੀ ਬੱਦੋਵਲ, ਮੈਂਬਰ ਸ਼੍ਰੋਮਣੀ ਗੁ:ਪ੍ਰ: ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਸ੍ਰ. ਸੁਰਿੰਦਰਪਾਲ ਸਿੰਘ ਜੀ ਬੱਦੋਵਾਲ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵਜੋਂ ਨਿਭਾਈ ਭੂਮਿਕਾ ਯਾਦ ਰੱਖਣ ਯੋਗ ਹੈ।ਸ੍ਰ.ਸੁਰਿੰਦਰਪਾਲ ਸਿੰਘ ਜੀ ਬੱਦੋਵਾਲ ਚੰਗੇ ਸੁਭਾਅ, ਨੇਕਦਿਲ ਅਤੇ ਮਿਲਣਸਾਰ ਸਖ਼ਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਖੇਤਰ ਅਤੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ, ਵਿਦਿਆ ਦੇ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁ:ਪ੍ਰ: ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਅੱਜ ਦਾ ਜਨਰਲ ਇਜਲਾਸ ਇਨ੍ਹਾਂ ਵੱਲੋਂ ਕੀਤੇ ਪੰਥਕ ਤੇ ਸਮਾਜਿਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ਼ ਜੀ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

ਮੁੱਖ ਸਕੱਤਰ ਸਾਹਿਬ ਵੱਲੋਂ ਪ੍ਰਧਾਨ ਸਾਹਿਬ ਨੂੰ ਹਾਊਸ ਦੀ ਕਾਰਵਾਈ ਆਰੰਭ ਕਰਨ ਦੀ ਬੇਨਤੀ ਕੀਤੀ ਗਈ:-

**(ੳ)** ਚੋਣ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ :-

ਪ੍ਰਧਾਨ /ਚੇਅਰਮੈਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਜਰਨਲ ਇਜਲਾਸ ਦੀ ਕਾਰਵਾਈ ਸ਼ੁਰੂ ਕਰਦਿਆਂ ਹਾਊਸ ਵਿਚ ਹਾਜ਼ਰ ਮੈਂਬਰ ਸਾਹਿਬਾਨ ਨੂੰ ਪ੍ਰਧਾਨਗੀ ਅਹੁੱਦੇ ਲਈ ਨਾਮ ਪੇਸ਼ ਕਰਨ ਲਈ ਕਿਹਾ ਗਿਆ। ਹਾਊਸ ਵਿਚੋਂ ਬੀਬੀ ਜਗੀਰ ਕੌਰ (ਹਲਕਾ ਨੰ.੯੬/ਭੁਲੱਥ) ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਸ੍ਰ. ਗੋਬਿੰਦ ਸਿੰਘ ਲੌਂਗੋਵਾਲ (ਹਲਾਕ ਨੰ:੪੩/੧ ਲੋਗੌਂਵਾਲ) ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦਾ ਨਾਮ ਪ੍ਰਧਾਨਗੀ ਅਹੁੱਦੇ ਲਈ ਪੇਸ਼ ਕੀਤਾ, ਜਿਸ ਤੇ ਸ੍ਰ. ਗੋਬਿੰਦ ਸਿੰਘ ਲੌਂਗੋਵਾਲ ਵਲੋਂ ਪ੍ਰਧਾਨ ਦੇ ਅਹੁੱਦੇ ਲਈ ਨਾਮ ਪੇਸ਼ ਹੋਣ ਪੁਰ ਸਹਿਮਤੀ ਦਿੱਤੀ ਗਈ। ਸ੍ਰ. ਅਲਵਿੰਦਰਪਾਲ ਸਿੰਘ ਪੱਖੋਕੇ ( ਹਲਕਾ ਨੰ:੯੩, ਤਰਨ ਤਾਰਨ) ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਪੇਸ਼ ਹੋਏ ਨਾਮ ਦੀ ਤਾਈਦ ਅਤੇ ਸ੍ਰ. ਦਲਜੀਤ ਸਿੰਘ ਜੀ (ਹਲਕਾ ਨੰ.੧, ਸ਼ਿਮਲਾ) ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਤਾਈਦ ਮਜੀਦ ਕੀਤੀ ਗਈ।ਪ੍ਰਧਾਨ/ਚੇਅਰਮੈਂਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਪ੍ਰਧਾਨਗੀ ਪਦ ਲਈ ਕੋਈ ਹੋਰ ਨਾਮ ਪੇਸ਼ ਕਰਨ ਲਈ ਹਾਊਸ ਨੂੰ ਬੇਨਤੀ ਕੀਤੀ।ਕੋਈ ਹੋਰ ਨਾਮ ਪੇਸ਼ ਨਾ ਹੋਣ 'ਤੇ ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਸ੍ਰ. ਗੋਬਿੰਦ ਸਿੰਘ ਜੀ ਲੌਂਗੋਵਾਲ ਨੂੰ ਪ੍ਰਧਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਹੁੱਦੇ ਲਈ ਚੁਣੇ ਜਾਣ ਦੀ ਪ੍ਰਵਾਨਗੀ ਦਿੱਤੀ ਗਈ।

ਮੁੱਖ ਸਕੱਤਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਨਵੇਂ ਚੁਣੇ ਗਏ ਪ੍ਰਧਾਨ ਸ੍ਰ. ਗੋਬਿੰਦ ਸਿੰਘ ਜੀ ਨੂੰ ਹਾਊਸ ਦੀ ਅਗਲੀ ਕਾਰਵਾਈ ਸ਼ੁਰੂ ਕਰਨ ਲਈ ਬੇਨਤੀ ਕੀਤੀ ਗਈ।

ਸ੍ਰ. ਗੋਬਿੰਦ ਸਿੰਘ ਜੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਜਨਰਲ ਹਾਊਸ ਦੀ ਕਾਰਵਾਈ ਆਰੰਭ ਕਰਨ ਲਈ ਚੇਅਰਮੈਨ/ਪ੍ਰਧਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਵਜੋਂ ਸੁਸ਼ੋਭਿਤ ਹੁੰਦਿਆਂ ਸਿੰਘ ਸਾਹਿਬਾਨ ਅਤੇ ਮੈਂਬਰ ਸਾਹਿਬਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਨਾਲ ਗੁਰ ਫਤਹਿ ਦੀ ਸਾਂਝ ਕਰਦਿਆਂ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਸਮੂਹ ਮੈਂਬਰ ਸਾਹਿਬਾਨ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ।

**(ਅ)** ਚੋਣ ਸੀਨੀਅਰ ਮੀਤ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ:-

ਚੇਅਰਮੈਨ/ਪ੍ਰਧਾਨ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਹਾਊਸ ਵਿਚ ਹਾਜ਼ਰ ਮੈਂਬਰ ਸਾਹਿਬਾਨ ਪਾਸੋਂ ਕਿਸੇ ਮੈਂਬਰ ਦਾ ਨਾਮ ਸੀਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਪੇਸ਼ ਕਰਨ ਦੀ ਮੰਗ ਕਰਨ ਤੇ ਸ੍ਰ. ਅਮਰਜੀਤ ਸਿੰਘ (ਹਲਕਾ ਨੰ.੧੧੬/੧, ਸ੍ਰੀ ਅਨੰਦਪੁਰ ਸਾਹਿਬ), ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰ. ਰਜਿੰਦਰ ਸਿੰਘ (ਹਲਕਾ ਨੰ: ੯੭, ਅੰਮ੍ਰਿਤਸਰ ਕੇਂਦਰੀ) ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਨਾਮ ਸੀਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਪੇਸ਼ ਕੀਤਾ। ਸ੍ਰ. ਭਗਵੰਤ ਸਿੰਘ (੧੦੩ ਮਤੇਵਾਲ) ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੇਸ਼ ਹੋਏ ਨਾਮ ਦੀ ਤਾਈਦ ਕੀਤੀ ਅਤੇ ਮਜੀਦ ਸ੍ਰ. ਗੁਰਪ੍ਰੀਤ ਸਿੰਘ (ਹਲਕਾ ਨੰ.੩੯, ਜੋਗਾ) ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਕੀਤੀ ਗਈ। ਚੇਅਰਮੈਂਨ/ਪ੍ਰਧਾਨ ਸਾਹਿਬ ਵੱਲੋਂ ਕੋਈ ਹੋਰ ਨਾਮ ਸੀਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਪੇਸ਼ ਕਰਨ ਵਾਸਤੇ ਹਾਊਸ ਤੋਂ ਮੰਗ ਕੀਤੀ, ਕੋਈ ਹੋਰ ਨਾਮ ਪੇਸ਼ ਨਾ ਹੋਣ 'ਤੇ ਪ੍ਰਧਾਨ/ਚੇਅਰਮੈਂਨ ਵੱਲੋਂ ਸ੍ਰ. ਰਜਿੰਦਰ

ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਹੁੱਦੇ ਲਈ ਚੁਣੇ ਜਾਣ ਦਾ ਐਲਾਨ ਕੀਤਾ। ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰੇ ਬੁਲਾ ਕੇ ਇਸ ਦੀ ਪ੍ਰਵਾਨਗੀ ਦਿੱਤੀ ਗਈ।

(ੲ) ਚੋਣ ਜੂਨੀਅਰ ਮੀਤ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ:-

ਚੇਅਰਮੈਨ/ਪ੍ਰਧਾਨ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਪਾਸੋਂ ਕਿਸੇ ਮੈਂਬਰ ਦਾ ਨਾਮ ਜੂਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਪੇਸ਼ ਕਰਨ ਦੀ ਮੰਗ ਕਰਨ ਤੇ ਸ੍ਰ. ਚਰਨਜੀਤ ਸਿੰਘ (ਕੋ-ਅਪਟਿਡ.੯, ਯੂ.ਪੀ.) ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰ. ਗੁਰਬਖਸ਼ ਸਿੰਘ (ਹਲਕਾ ਨੰ. ੭੬/੨ ਬਲਾਚੌਰ) ਦਾ ਨਾਮ ਜੂਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਪੇਸ਼ ਕੀਤਾ। ਸ੍ਰ.ਬਲਦੇਵ ਸਿੰਘ (ਹਲਕਾ ਨੰ:੪੫, ਭਦੌੜ) ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੇਸ਼ ਹੋਏ ਨਾਮ ਦੀ ਤਾਈਦ ਅਤੇ ਮਜੀਦ ਸ੍ਰ. ਰਵਿੰਦਰ ਸਿੰਘ (ਹਲਕਾ ਨੰਬਰ ੬੨ ਅਮਲੋਹ) ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਕੀਤੀ ਗਈ। ਚੇਅਰਮੈਨ/ਪ੍ਰਧਾਨ ਸਾਹਿਬ ਵੱਲੋਂ ਜੂਨੀਅਰ ਮੀਤ ਪ੍ਰਧਾਨ ਦੇ ਅਹੁੱਦੇ ਲਈ ਕੋਈ ਹੋਰ ਨਾਮ ਪੇਸ਼ ਕਰਨ ਦੀ ਹਾਊਸ ਵਿਚ ਹਾਜ਼ਰ ਮੈਂਬਰ ਸਾਹਿਬਾਨ ਤੋਂ ਮੰਗ ਕੀਤੀ, ਕੋਈ ਹੋਰ ਨਾਮ ਪੇਸ਼ ਨਾ ਹੋਣ 'ਤੇ ਚੇਅਰਮੈਨ/ਪ੍ਰਧਾਨ ਵੱਲੋਂ ਸ੍ਰ. ਗੁਰਬਖਸ਼ ਸਿੰਘ ਨੂੰ ਜੂਨੀਅਰ ਮੀਤ ਪ੍ਰਧਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਹੁੱਦੇ ਲਈ ਚੁਣੇ ਜਾਣ ਦਾ ਐਲਾਨ ਕੀਤਾ। ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰੇ ਬੁਲਾ ਕੇ ਇਸ ਦੀ ਪ੍ਰਵਾਨਗੀ ਦਿੱਤੀ ਗਈ।

(ਸ) ਚੋਣ ਜਨਰਲ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ:-

ਚੇਅਰਮੈਨ/ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਜਨਰਲ ਸਕੱਤਰ ਦੇ ਅਹੁੱਦੇ ਲਈ ਹਾਜ਼ਰ ਮੈਂਬਰ ਸਾਹਿਬਾਨ ਪਾਸੋਂ ਕਿਸੇ ਮੈਂਬਰ ਦਾ ਨਾਮ ਜਨਰਲ ਸਕੱਤਰ ਦੇ ਅਹੁੱਦੇ ਲਈ ਪੇਸ਼ ਕਰਨ ਦੀ ਕੀਤੀ ਮੰਗ 'ਤੇ ਸ੍ਰ. ਸੁਰਜੀਤ ਸਿੰਘ (ਹਲਕਾ ਨੰ.੯੯/੧ ਚੋਗਾਵਾਂ) ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰ. ਹਰਜਿੰਦਰ ਸਿੰਘ (ਹਲਕਾ ਨੰ.੧੧੩/੧, ਸ਼ਾਮ ਚੁਰਾਸੀ), ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦਾ ਨਾਮ ਜਨਰਲ ਸਕੱਤਰ ਦੇ ਅਹੁੱਦੇ ਲਈ ਪੇਸ਼ ਕੀਤਾ। ਸ੍ਰ.ਗੁਰਪ੍ਰੀਤ ਸਿੰਘ (ਹਲਕਾ ਨੰ.੩੯, ਜੋਗਾ) ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੇਸ਼ ਹੋਏ ਨਾਮ ਦੀ ਤਾਈਦ ਕੀਤੀ ਅਤੇ ਸ੍ਰ. ਗੁਰਿੰਦਰਪਾਲ ਸਿੰਘ (ਹਲਕਾ ਨੰ.੧੦੫/੧,ਬਟਾਲਾ) ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਤਾਈਦ ਮਜੀਦ ਕੀਤੀ।

ਚੇਅਰਮੈਨ/ਪ੍ਰਧਾਨ ਸਾਹਿਬ ਵੱਲੋਂ ਕੋਈ ਹੋਰ ਨਾਮ ਜਨਰਲ ਸਕੱਤਰ ਦੇ ਅਹੁੱਦੇ ਲਈ ਪੇਸ਼ ਕਰਨ ਵਾਸਤੇ ਹਾਊਸ ਤੋਂ ਮੰਗ ਕੀਤੀ। ਪ੍ਰੰਤੂ ਕੋਈ ਹੋਰ ਨਾਮ ਪੇਸ਼ ਨਾ ਹੋਣ 'ਤੇ ਚੇਅਰਮੈਂਨ/ਪ੍ਰਧਾਨ ਵੱਲੋਂ ਸ੍ਰ. ਹਰਜਿੰਦਰ ਸਿੰਘ ਨੂੰ ਜਨਰਲ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਹੁੱਦੇ ਲਈ ਚੁਣੇ ਜਾਣ ਦਾ ਐਲਾਨ ਕੀਤਾ। ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰੇ ਬੁਲਾ ਕੇ ਇਸ ਦੀ ਪ੍ਰਵਾਨਗੀ ਦਿੱਤੀ ਗਈ।

(ਹ) ਚੋਣ ਮੈਂਬਰ ਸਾਹਿਬਾਨ ਅੰਤ੍ਰਿੰਗ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ:-

ਚੇਅਰਮੈਨ/ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅੰਤ੍ਰਿੰਗ ਕਮੇਟੀ ਦੇ ਮੈਂਬਰ ਸਾਹਿਬਾਨ ਦੀ ਗਿਣਤੀ ਨੀਯਤ ਕਰਨ ਲਈ ਹਾਊਸ ਨੂੰ ਬੇਨਤੀ ਕੀਤੀ। ਬੀਬੀ ਜਗੀਰ ਕੌਰ (ਹਲਕਾ ਨੰ:੮੬, ਭੁਲੱਥ) ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਅੰਤ੍ਰਿੰਗ ਕਮੇਟੀ ੧੧ ਮੈਂਬਰ ਨੀਯਤ ਕਰਨ ਲਈ ਆਪਣੀ ਤਜ਼ਵੀਜ ਦਿੱਤੀ, ਜਿਸ ਦੀ ਤਾਈਦ ਸ੍ਰ. ਗੁਰਚਰਨ ਸਿੰਘ (ਹਲਕਾ ਨੰ.੬੮/੧, ਜਗਰਾਓ) ਮੈਂਬਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਕੀਤੀ, ਅਤੇ ਮਜ਼ੀਦ ਸ੍ਰ. ਚਰਨਜੀਤ ਸਿੰਘ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੇ ਕੀਤੀ, ਜਿਸ ਦੀ ਪ੍ਰਵਾਨਗੀ ਹਾਊਸ ਵੱਲੋਂ 'ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ' ਦੇ ਜੈਕਾਰਿਆਂ ਦੀ ਗੂੰਜ ਵਿਚ ਅੰਤ੍ਰਿੰਗ ਕਮੇਟੀ ਦੇ ੧੧ ਮੈਂਬਰ ਨੀਯਤ ਕਰਨ ਲਈ ਪ੍ਰਵਾਨਗੀ ਦਿੱਤੀ ਗਈ। ਹੇਠ ਲਿਖੇ ੧੧ ਨਾਮ ਅੰਤ੍ਰਿੰਗ ਕਮੇਟੀ ਲਈ ਪੇਸ਼ ਕੀਤੇ ਗਏ:-

੧. ਸ੍ਰ. ਭੁਪਿੰਦਰ ਸਿੰਘ ਜੀ
੨. ਸ੍ਰ. ਜਗਸੀਰ ਸਿੰਘ ਜੀ
੩. ਸ੍ਰ. ਗੁਰਪਾਲ ਸਿੰਘ ਜੀ
੪. ਸ੍ਰ. ਸ਼ੇਰ ਸਿੰਘ ਜੀ
੫. ਬੀਬੀ ਪਰਮਜੀਤ ਕੌਰ ਜੀ
੬. ਸ. ਜਸਮੇਰ ਸਿੰਘ ਜੀ
੭. ਸ੍ਰ. ਅਮਰਜੀਤ ਸਿੰਘ ਜੀ
੮. ਸ੍ਰ. ਸੁਰਜੀਤ ਸਿੰਘ ਜੀ
੯. ਸ੍ਰ. ਇੰਦਰਮੋਹਨ ਸਿੰਘ ਜੀ
੧੦.ਸ੍ਰ. ਮੰਗਵਿੰਦਰ ਸਿੰਘ ਜੀ
੧੧.ਬੀਬੀ ਕੁਲਦੀਪ ਕੌਰ ਜੀ

ਪ੍ਰਧਾਨ/ਚੇਅਰਮੈਨ ਵੱਲੋਂ ਉਪਰੋਕਤ ੧੧ ਮੈਂਬਰਾਂ ਦੇ ਅੰਤ੍ਰਿੰਗ ਕਮੇਟੀ ਮੈਂਬਰਾਂ ਵਜੋਂ ਚੁਣੇ ਜਾਣ ਦਾ ਐਲਾਨ ਕੀਤਾ। ਹਾਊਸ ਵੱਲੋਂ ਜੈਕਾਰਾ ਬੁਲਾ ਕੇ ਇਸ ਦੀ ਪ੍ਰਵਾਨਗੀ ਦਿੱਤੀ ਗਈ।

ਚੋਣ ਦੀ ਪ੍ਰਕਿਰਿਆ ਮੁਕੰਮਲ ਹੋਣ 'ਤੇ ਚੇਅਰਮੈਨ ਅਤੇ ਪ੍ਰਧਾਨ ਸਾਹਿਬ ਨੇ ਹਾਊਸ ਦਾ ਧੰਨਵਾਦ ਕਰਦਿਆਂ ਹੇਠ ਲਿਖੇ ਮਤੇ ਪ੍ਰਵਾਨਗੀ ਲਈ ਪੇਸ਼ ਕੀਤੇ:-

(੮)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਜਨਰਲ ਇਕੱਤਰਤਾ (ਬਜਟ ਸਮਾਗਮ) ੧੭ ਚੇਤ ਸੰਮਤ ਨਾਨਕਸ਼ਾਹੀ ੫੫੧, ਮੁਤਾਬਿਕ ੩੦ ਮਾਰਚ ੨੦੧੯ ਦੀ ਕਾਰਵਾਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਪ੍ਰਕਾਸ਼ਿਤ ਕੀਤੇ ਜਾਂਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਦੇ ਅੰਕ ਮਹੀਨਾ ਅਪ੍ਰੈਲ ੨੦੧੯ ਤੋਂ ਅਕਤੂਬਰ ੨੦੧੯ ਵਿੱਚ ਛਾਪ ਕੇ ਸਮੂੰਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਭੇਜੀ ਜਾ ਚੁੱਕੀ ਹੈ ਦੀ ਪੁਸ਼ਟੀ ਲਈ ਪੇਸ਼ ਹੋਣ ਤੇ ਹਵਾਲੇ ਵਾਲੀ ਕਾਰਵਾਈ ਦੇ ਦਰੁੱਸਤ ਲਿਖਿਆਂ ਦੀ ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਸਰਬ ਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ। ਉਪਰੰਤ ਕਾਰਵਾਈ ਕਨਫਰਮ ਕਰਦਿਆਂ ਪ੍ਰਧਾਨ ਸਾਹਿਬ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਤਸਦੀਕੀ ਦਸਤਖਤ ਕਰਵਾਏ ਗਏ।

(੯)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੰਤ੍ਰਿੰਗ ਕਮੇਟੀ ਦੇ ੧੧ ਮੈਂਬਰ ਰੱਖਣ ਦੀ ਤਜਵੀਜ਼ ਪੇਸ਼ ਹੋਣ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸਰਬਸੰਮਤੀ ਨਾਲ ਪ੍ਰਵਾਨ ਕਰਦਾ ਹੈ ਕਿ ਅੰਤ੍ਰਿੰਗ ਕਮੇਟੀ (ਸ਼੍ਰੋਮਣੀ ਗੁ:ਪ੍ਰ:ਕਮੇਟੀ) ਦੇ ੧੧ ਮੈਂਬਰ ਹੋਣਗੇ।

(੧੦)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਬੜੀ ਸ਼ਿੱਦਤ ਨਾਲ ਮਹਿਸੂਸ ਕਰਦਾ ਹੈ ਕਿ, ਮਾਂ ਬੋਲੀ ਪੰਜਾਬੀ ਨਾਲ ਪੰਜਾਬ ਤੇ ਚੰਡੀਗੜ੍ਹ ਵਿਚ ਹੀ ਵਿਤਕਰਾ ਤੇ ਵਖਰੇਵਾਂ ਕੀਤਾ ਜਾ ਰਿਹਾ ਹੈ। ਪੰਜਾਬ ਦੇ ਵਾਸੀਆਂ ਦੀ ਤਰਾਸਦੀ ਹੈ ਕਿ ਉਹ ਆਪਣੀ

ਮਾਂ ਬੋਲੀ ਨਾਲ ਵਿਤਕਰਾ/ ਵਖਰੇਵਾਂ ਕਰਦੇ ਹੋਏ ਆਪਣੇ ਵਿੱਦਿਅਕ ਅਤੇ ਵਿੱਤੀ ਅਦਾਰਿਆਂ 'ਤੇ ਪੰਜਾਬੀ ਦੀ ਥਾਂ ਹਿੰਦੀ ਅਤੇ ਅੰਗਰੇਜ਼ੀ ਦੀ ਵਰਤੋਂ ਕਰ ਰਹੇ ਹਨ। ਆਪਣੇ ਬੱਚਿਆਂ ਨੂੰ ਸਮੇਂ ਦਾ ਹਾਣੀ ਬਨਾਉਣਾ ਹਰੇਕ ਦਾ ਫਰਜ਼ ਹੈ ਪ੍ਰੰਤੂ ਬੱਚਿਆਂ ਨੂੰ ਆਪਣੀ ਮਾਂ-ਬੋਲੀ ਨਾਲੋਂ ਤੋੜਨਾ ਕਿਸੇ ਵੀ ਤਰ੍ਹਾਂ ਉੱਚਿਤ ਨਹੀਂ। ਮਾਂ-ਬੋਲੀ ਪੰਜਾਬੀ ਦੇ ਵਿਕਾਸ ਤੇ ਵਿਸਥਾਰ ਲਈ ਪੰਜਾਬ ਸਰਕਾਰ ਵੱਲੋਂ ਸਥਾਪਿਤ ਭਾਸ਼ਾ ਵਿਭਾਗ ਪੰਜਾਬ, ਵੀ ਆਪਣੀ ਬਣਦੀ ਜਿੰਮੇਵਾਰੀ ਨਹੀਂ ਨਿਭਾ ਰਿਹਾ। ਮਿਸਾਲ ਦੇ ਤੌਰ 'ਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਦਿਵਸ ਮੌਕੇ ਪੰਜਾਬ ਸਰਕਾਰ ਵੱਲੋਂ ਪ੍ਰਮੁੱਖ ਸ਼ਖਸੀਅਤਾਂ ਨੂੰ ਸਨਮਾਨਿਤ ਕਰਨ ਸਮੇਂ ਮਾਂ ਬੋਲੀ ਪੰਜਾਬੀ ਤੋਂ ਬੇਮੁੱਖ ਹੁੰਦਿਆਂ ਅੰਗਰੇਜ਼ੀ ਵਿੱਚ ਸਨਮਾਨ ਪੱਤਰ ਦਿੱਤੇ ਗਏ। ਜੇਕਰ ਪੰਜਾਬ ਸਰਕਾਰ ਹੀ ਪੰਜਾਬੀ ਦੇ ਵਿਕਾਸ ਤੇ ਵਰਤੋਂ ਲਈ ਬੇਗਾਨਗੀ ਵਾਲਾ ਵਤੀਰਾ ਅਪਣਾਉਂਦੀ ਰਹੀ ਤਾਂ ਹੋਰ ਕਿਸੇ ਤੋਂ ਕੀ ਆਸ ਰੱਖੀ ਜਾ ਸਕਦੀ ਹੈ। ਚੰਡੀਗੜ੍ਹ ਜੋ ਕਿ ਪੰਜਾਬ ਦੀ ਰਾਜਧਾਨੀ ਹੈ ਵਿਖੇ ਵੀ ਪੰਜਾਬੀ ਬੋਲੀ ਨਾਲ ਵਿਤਕਰਾ ਕੀਤਾ ਜਾ ਰਿਹਾ ਹੈ।

ਅੱਜ ਦਾ ਇਹ ਇਜਲਾਸ ਭਾਰਤ ਸਰਕਾਰ ਤੋਂ ਮੰਗ ਕਰਦਾ ਹੈ ਕਿ ਪੰਜਾਬ, ਚੰਡੀਗੜ੍ਹ ਤੇ ਇਸ ਦੇ ਨਾਲ ਲਗਦੇ ਹਰਿਆਣਾ, ਹਿਮਾਚਲ, ਦਿੱਲੀ ਅਤੇ ਹੋਰ ਪੰਜਾਬੀ ਵੱਸੋਂ ਵਾਲੇ ਸੂਬਿਆਂ ਵਿੱਚ ਪੰਜਾਬੀ ਭਾਸ਼ਾ ਨੂੰ ਬਣਦਾ ਮਾਣ-ਸਤਿਕਾਰ ਦਿਵਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣ। ਅੱਜ ਦਾ ਇਜਲਾਸ ਸਮੁੱਚੇ ਪੰਜਾਬੀਆਂ ਨੂੰ ਵੀ ਅਪੀਲ ਕਰਦਾ ਹੈ ਕਿ ਉਹ ਆਪਣੀ ਮਾਂ-ਬੋਲੀ ਪੰਜਾਬੀ ਨਾਲ ਜੁੜ ਕੇ ਬੋਲ-ਚਾਲ ਤੇ ਲਿਖਤ ਵਿੱਚ ਪੰਜਾਬੀ ਭਾਸ਼ਾ ਨੂੰ ਸਨਮਾਨਯੋਗ ਰੁਤਬਾ ਦੇਣ।

ਅੱਜ ਦਾ ਇਹ ਇਜਲਾਸ ਪੰਜਾਬ ਸਰਕਾਰ ਪਾਸੋਂ ਖਾਸ ਤੌਰ ਤੇ ਮੰਗ ਕਰਦਾ ਹੈ ਕਿ ਪੰਜਾਬ ਵਿੱਚ ਸਾਰੇ ਸਰਕਾਰੀ ਦਫਤਰਾਂ ਵਿੱਚ ਕੰਮ ਕਾਜ ਪੰਜਾਬੀ ਭਾਸ਼ਾ ਵਿੱਚ ਕਰਨਾ ਯਕੀਨੀ ਬਣਾਇਆ ਜਾਵੇ ਅਤੇ ਪੰਜਾਬੀ ਭਾਸ਼ਾ ਨੂੰ ਪ੍ਰਫੁਲਿਤ ਕਰਨ ਲਈ ਉਚੇਚੇ ਅਤੇ ਸਾਰਥਿਕ ਯਤਨ ਕੀਤੇ ਜਾਣ।

(੧੧)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਕਰਤਾਰਪੁਰ ਸਾਹਿਬ (ਪਾਕਿਸਤਾਨ) ਦੇ ਦਰਸ਼ਨ ਦੀਦਾਰ ਲਈ ਲਾਂਘਾ ਖੋਹਲਣ ਸਬੰਧੀ ਭਾਰਤ ਤੇ ਪਾਕਿਸਤਾਨ ਦੀਆਂ ਸਰਕਾਰਾਂ ਦੀ ਸ਼ਲਾਘਾ ਕਰਦਾ ਹੈ। ਇਸ ਦੀ ਲੰਮੇ ਅਰਸੇ ਤੋਂ ਸ਼ਿੱਦਤ ਨਾਲ ਸਿੱਖ ਸੰਗਤਾਂ ਵੱਲੋਂ ਮੰਗ ਕੀਤੀ ਜਾ ਰਹੀ ਸੀ ਤੇ ਇਸ ਸਬੰਧੀ ਸਿੱਖ ਸੰਗਤਾਂ ਵੱਲੋਂ ਨਿਰੰਤਰ ਸਵੇਰੇ-ਸ਼ਾਮ ਅਰਦਾਸਾਂ ਵੀ ਕੀਤੀਆਂ ਜਾ ਰਹੀਆਂ ਸਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਜਨਰਲ ਹਾਊਸ ਵਿੱਚ ਸਮੇਂ-ਸਮੇਂ ਵਿਸ਼ੇਸ਼ ਮਤੇ ਪਾਸ ਕਰਕੇ ਭਾਰਤ ਸਰਕਾਰ ਨੂੰ ਭੇਜੇ ਜਾਂਦੇ ਰਹੇ ਹਨ। ਇਸ ਦੇ ਨਾਲ ਹੀ ਦੇਸ਼ ਦੇ ਪ੍ਰਧਾਨ ਮੰਤਰੀ ਜੀ, ਗ੍ਰਹਿ ਮੰਤਰੀ ਜੀ ਤੇ ਹੋਰ ਸਬੰਧਤ ਵਿਭਾਗਾਂ ਨਾਲ ਲਿਖਾ ਪੜ੍ਹੀ ਕੀਤੀ ਗਈ ਅਤੇ ਨਿੱਜੀ ਤੌਰ 'ਤੇ ਵੀ ਸੰਪਰਕ ਕੀਤਾ ਜਾਂਦਾ ਰਿਹਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਵਫਦ ਵੀ ਇਸ ਸਬੰਧ ਵਿਚ ਭਾਰਤ ਸਰਕਾਰ ਨੂੰ ਸਮੇਂ-ਸਮੇਂ ਮਿਲਦੇ ਰਹੇ।

ਅੱਜ ਦਾ ਇਹ ਇਜਲਾਸ ਗੁਰਪੁਰਵਾਸੀ ਸ. ਕੁਲਦੀਪ ਸਿੰਘ ਵਡਾਲਾ ਸਾਬਕਾ ਜਨਰਲ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਾਬਕਾ ਐਮ.ਐਲ.ਏ., ਉਨ੍ਹਾਂ ਦੇ ਪਰਿਵਾਰ ਤੇ ਹੋਰ ਸੰਗੀ ਸਾਥੀਆਂ ਦੀ ਵੀ ਭਰਪੂਰ ਸ਼ਲਾਘਾ ਕਰਦਾ ਹੈ ਜੋ ਕਈ ਸਾਲਾਂ ਤੋਂ ਸ੍ਰੀ ਦਰਬਾਰ ਸਾਹਿਬ, ਕਰਤਾਰਪੁਰ ਸਾਹਿਬ ਦੇ ਸਨਮੁੱਖ ਭਾਰਤ ਵਾਲੇ ਪਾਸੇ ਖਲੋ ਕੇ ਮਹੀਨਾਵਾਰ ਅਰਦਾਸਾਂ ਕਰਦੇ ਰਹੇ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਇਸ ਮੁਬਾਰਕ ਕਾਰਜ ਲਈ ਭਾਰਤ ਤੇ ਪਾਕਿਸਤਾਨ ਦੀਆਂ ਸਰਕਾਰਾਂ ਦਾ ਧੰਨਵਾਦ ਕਰਦਾ ਹੋਇਆ ਇਸ

ਸਬੰਧੀ ਸਾਰਥਿਕ ਯਤਨ ਕਰਨ ਵਾਲਿਆਂ ਦੀ ਵੀ ਪ੍ਰਸੰਸਾ ਕਰਦਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਰਪੁਰ ਸਾਹਿਬ (ਪਾਕਿਸਤਾਨ) ਦੇ ਖੁੱਲੇ ਦਰਸ਼ਨ ਦੀਦਾਰੇ ਕਰਨ ਲਈ ਦੋਹਾਂ ਸਰਕਾਰਾਂ ਨੂੰ ਪਾਸਪੋਰਟ ਦੀ ਰੱਖੀ ਸ਼ਰਤ ਨੂੰ ਖਤਮ ਕਰਨ ਅਤੇ ਯਾਤਰਾ ਦੀ ਪ੍ਰਕਿਰਿਆ ਨੂੰ ਸਰਲ ਬਨਾਉਣ ਦੀ ਬੇਨਤੀ ਕਰਦਾ ਹੈ ਤਾਂ ਜੋ ਹਰੇਕ ਸਿੱਖ ਗੁਰਦੁਆਰਾ ਸਾਹਿਬ ਦੇ ਦਰਸ਼ਨ-ਦੀਦਾਰੇ ਕਰ ਸਕੇ।

(੧੨)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਗੁਰਪੁਰਬ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਸੰਸਾਰ ਭਰ 'ਚ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਉਣ ਲਈ ਸਿੱਖ ਸੰਪਰਦਾਵਾਂ, ਸਭਾ ਸੁਸਾਇਟੀਆਂ ਅਤੇ ਸੰਗਤਾਂ ਦਾ ਧੰਨਵਾਦ ਕਰਦਾ ਹੈ। ਇਹ ੫੫੦ ਸਾਲਾ ਪ੍ਰਕਾਸ਼ ਗੁਰਪੁਰਬ ਵਿਸ਼ਵ ਭਰ 'ਚ ਸ਼ਰਧਾ ਭਾਵਨਾ, ਚਾਅ-ਉਮਾਹ ਨਾਲ ਮਨਾਇਆ ਗਿਆ। ਖਾਸ ਕਰਕੇ ਗੁਰਦੁਆਰਾ ਪ੍ਰਕਾਸ਼ ਅਸਥਾਨ ਸ੍ਰੀ ਨਨਕਾਣਾ ਸਾਹਿਬ ਤੇ ਸ੍ਰੀ ਦਰਬਾਰ ਸਾਹਿਬ, ਕਰਤਾਰਪੁਰ ਸਾਹਿਬ (ਪਾਕਿਸਤਾਨ) ਅਤੇ ਵਿਸ਼ਵ ਵਿਆਪੀ ਸਿੱਖ-ਭਾਈਚਾਰੇ ਵੱਲੋਂ ਗੁਰਦੁਆਰਾ ਬੇਰ ਸਾਹਿਬ, ਸੁਲਤਾਨਪੁਰ ਲੋਧੀ ਦੀ ਧਰਤ ਸੁਹਾਵੀ ਤੇ ਖਾਲਸਾਈ ਪੰਥਕ ਰਵਾਇਤਾਂ ਅਨੁਸਾਰ ਮਨਾਇਆ ਗਿਆ ਜਿਸ ਵਿੱਚ ਦੇਸ਼-ਵਿਦੇਸ਼ ਤੋਂ ਲੱਖਾਂ ਸ਼ਰਧਾਲੂ ਸ਼ਾਮਲ ਹੋਏ ਉਥੇ ਹੀ ਭਾਰਤ ਦੇ ਰਾਸ਼ਟਰਪਤੀ ਸ੍ਰੀ ਰਾਮਨਾਥ ਕੋਵਿੰਦ ਜੀ, ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ, ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ, ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਮਨੋਹਰ ਲਾਲ ਖੱਟੜ, ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸ੍ਰੀ ਜੈ ਰਾਮ ਠਾਕਰ, ਸ੍ਰੀ ਨਿਤਿਸ਼ ਕੁਮਾਰ ਮੁੱਖ ਮੰਤਰੀ ਬਿਹਾਰ, ਉੜੀਸਾ ਦੇ ਸਪੀਕਰ ਸ੍ਰੀ ਸੂਰਿਆ ਨਰਾਇਣ ਪਾਤਰੋ, ਯੂਰਪੀਅਨ ਯੂਨੀਅਨ ਦੀ ਮੈਂਬਰ ਨੀਨਾ ਗਿੱਲ ਅਤੇ ਨਿਊਜ਼ੀਲੈਂਡ ਦੇ ਮੈਂਬਰ ਪਾਰਲੀਮੈਂਟ ਕੰਵਲਜੀਤ ਸਿੰਘ ਬਖਸ਼ੀ ਤੋਂ ਇਲਾਵਾ ਸੰਸਾਰ ਭਰ ਤੋਂ ਨਾਮਵਾਰ ਸਖਸ਼ੀਅਤਾਂ ਸ਼ਾਮਿਲ ਹੋਈਆਂ।

ਅੱਜ ਦਾ ਇਹ ਜਨਰਲ ਇਜਲਾਸ ੫੫੦ ਸਾਲਾ ਪ੍ਰਕਾਸ਼ ਪੁਰਬ ਮੌਕੇ ਭਾਰਤ ਸਰਕਾਰ ਵੱਲੋਂ ਵੱਖ-ਵੱਖ ਦੇਸ਼ਾਂ ਅੰਦਰ ਭਾਰਤੀ ਸਫਾਰਤਖਾਨਿਆਂ 'ਚ ਕਰਵਾਏ ਸਮਾਗਮਾਂ, ਡਾਕ ਟਿਕਟਾਂ ਅਤੇ ੫੫੦ ਰੁਪਏ ਦਾ ਸਿੱਕਾ ਜਾਰੀ ਕਰਨ ਅਤੇ ਵੱਖ-ਵੱਖ ਦੇਸ਼ਾਂ ਦੇ ਲਗਭਗ ੯੦ ਰਾਜਦੂਤਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਵਾਉਣ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਜਾਂਦਾ ਹੈ।

ਅੱਜ ਦਾ ਇਹ ਜਨਰਲ ਇਜਲਾਸ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਵਾਲੀਆ ਪ੍ਰਮੁੱਖ ਸਖਸ਼ੀਅਤਾਂ ਤੋਂ ਇਲਾਵਾ ਸੰਸਾਰ ਭਰ ਤੋਂ ਸ਼ਾਮਿਲ ਹੋਈਆਂ ਸਮੂੰਹ ਨਾਨਕ ਨਾਮ ਲੇਵਾ ਸੰਗਤਾਂ ਦਾ ਤਹਿ ਦਿੱਲੋਂ ਧੰਨਵਾਦ ਕਰਦਾ ਹੈ।

(੧੩)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਪਿਛਲੇ ਲੰਬੇ ਸਮੇਂ ਤੋਂ ਟਾਡਾ ਅਤੇ ਹੋਰ ਕਾਲੇ ਕਾਨੂੰਨਾਂ ਅਧੀਨ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਨਜ਼ਰਬੰਦ ਸਿੱਖਾਂ ਦੀ ਰਿਹਾਈ ਲਈ ਕੀਤੇ ਫੈਸਲੇ ਦਾ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਸਮੇਤ ਇਸ ਸਬੰਧੀ ਸੁਹਿਰਦ ਯਤਨ ਕਰਨ ਵਾਲੀਆਂ ਸਾਰੀਆਂ ਧਿਰਾਂ ਦਾ ਧੰਨਵਾਦ ਕਰਦਾ ਹੈ। ਲੰਮੇ ਸਮੇਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਸ੍ਰੀ ਅੰਮ੍ਰਿਤਸਰ ਸਾਹਿਬ ਕਾਲੇ ਕਾਨੂੰਨਾਂ ਅਧੀਨ ਨਜ਼ਰਬੰਦ ਗੁਰਸਿੱਖਾਂ ਦੀ ਰਿਹਾਈ ਲਈ ਨਾਮਵਰ ਵਕੀਲਾਂ ਦਾ ਪ੍ਰਬੰਧ ਕਰਕੇ ਕਾਨੂੰਨੀ ਚਾਰਾਜੋਈ ਕਰਦੀ ਆ ਰਹੀ ਹੈ। ਹੁਣ ਕੁਝ ਗੁਰਸਿੱਖਾਂ ਦੀ ਰਿਹਾਈ ਹੋਣ ਨਾਲ ਸਿੱਖਾਂ ਨੂੰ ਕੁਝ ਰਾਹਤ ਮਿਲੀ ਹੈ ਜਿਸ ਲਈ ਭਾਰਤ ਸਰਕਾਰ ਦਾ ਖਾਸ ਕਰਕੇ ਧੰਨਵਾਦ

ਕੀਤਾ ਜਾਂਦਾ ਹੈ।

ਅੱਜ ਦਾ ਇਹ ਜਨਰਲ ਇਜਲਾਸ ਭਾਰਤ ਸਰਕਾਰ ਪਾਸੋਂ ਮੰਗ ਕਰਦਾ ਹੈ ਕਿ ਵੱਖ-ਵੱਖ ਜੇਲ੍ਹਾਂ ਵਿਖੇ ਬਾਕੀ ਰਹਿ ਗਏ ਨਜ਼ਰਬੰਦ ਸਿੰਘਾਂ ਦੀ ਰਿਹਾਈ ਲਈ ਯੋਗ ਉਪਰਾਲੇ ਕੀਤੇ ਜਾਣ।

(੧੪)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਭਾਰਤ ਸਰਕਾਰ ਵੱਲੋਂ ਸਿੱਖਾਂ ਦੇ ਨਾਮ ਕਾਲੀ ਸੂਚੀ ਵਿੱਚੋਂ ਹਟਾਉਣ ਦਾ ਸਵਾਗਤ ਕਰਦਾ ਹੈ। ਸਰਕਾਰ ਦੇ ਇਸ ਸ਼ਲਾਘਾਯੋਗ ਫੈਸਲੇ ਨਾਲ ਸਿੱਖ ਭਾਈਚਾਰੇ ਅੰਦਰ ਖੁਸ਼ੀ ਦੀ ਲਹਿਰ ਹੈ ਅਤੇ ਪਿਛਲੇ ੨੫-੩੦ ਸਾਲਾਂ ਤੋਂ ਵਿਦੇਸ਼ਾਂ ਵਿੱਚ ਰਹਿ ਰਹੇ ਸਿੱਖਾਂ ਨੂੰ ਆਪਣੇ ਪ੍ਰੀਵਾਰਾਂ ਨੂੰ ਮਿਲਣ ਦੇ ਨਾਲ-ਨਾਲ ਆਪਣੀ ਜਾਨ ਤੋਂ ਪਿਆਰੇ ਗੁਰਧਾਮ ਦੇ ਦਰਸ਼ਨ ਕਰਨ ਦਾ ਮੌਕਾ ਮਿਲੇਗਾ। ਸ਼੍ਰੋਮਣੀ ਗੁ:ਪ੍ਰ: ਕਮੇਟੀ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਇਹ ਮੰਗ ਕੀਤੀ ਜਾ ਰਹੀ ਸੀ। ਕੇਂਦਰ ਸਰਕਾਰ ਦੇ ਇਸ ਫੈਸਲੇ ਨਾਲ ਸਿੱਖਾਂ ਨੂੰ ਵੱਡੀ ਰਾਹਤ ਮਿਲੀ ਹੈ। ਇਸ ਅਹਿਮ ਫੈਸਲੇ ਲਈ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਧੰਨਵਾਦ ਕੀਤਾ ਜਾਂਦਾ ਹੈ।

ਅੱਜ ਦਾ ਜਰਨਲ ਇਜਲਾਸ ਬਾਕੀ ਰਹਿੰਦੇ ਸਿੱਖਾਂ ਦੇ ਨਾਮ ਕਾਲੀ ਸੂਚੀ ਵਿੱਚੋਂ ਖਤਮ ਕਰਨ ਲਈ ਭਾਰਤ ਸਰਕਾਰ ਪਾਸ ਪੁਰਜ਼ੋਰ ਸਿਫਾਰਸ਼ ਕਰਦਾ ਹੈ।

(੧੫)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਇਹ ਜਨਰਲ ਇਜਲਾਸ ਜਗਤ ਗੁਰੂ, ਗੁਰੂ ਨਾਨਕ ਦੇਵ ਜੀ ਦਾ ੫੫੦ ਸਾਲਾ ਪਾਵਨ ਪ੍ਰਕਾਸ਼ ਗੁਰਪੁਰਬ ਸ਼ਰਧਾ ਭਾਵਨਾ ਨਾਲ ਮਨਾਏ ਜਾਣ 'ਤੇ ਤਸੱਲੀ ਦਾ ਪ੍ਰਗਟਾਵਾ ਕਰਦਾ ਹੈ। ਇਸ ਪਾਵਨ ਇਤਿਹਾਸਕ ਪਵਿੱਤਰ ਅਵਸਰ 'ਤੇ ਅੱਜ ਦਾ ਜਨਰਲ ਇਜਲਾਸ ਭਾਰਤ ਸਰਕਾਰ ਤੋਂ ਪੁਰਜ਼ੋਰ ਮੰਗ ਕਰਦਾ ਹੈ ਕਿ ਜਗਤ ਗੁਰੂ, ਗੁਰੂ ਨਾਨਕ ਦੇਵ ਜੀ ਦੇ ਸੰਸਾਰਿਕ ਜੀਵਨ ਦਰਸ਼ਨ ਨਾਲ ਸਬੰਧਤ ਇਤਿਹਾਸਕ ਸਥਾਨ ਗੁਰਦੁਆਰਾ ਗਿਆਨ ਗੋਦੜੀ, ਹਰਿ ਕੀ ਪਉੜੀ,ਹਰਿਦੁਆਰ (ਉਤਰਾਖੰਡ), ਗੁਰਦੁਆਰਾ ਗੁਰੂ ਡਾਂਗਮਾਰ, ਚੁੰਗਥਾਂਗ (ਸਿੱਕਮ), ਗੁਰਦੁਆਰਾ ਬਾਵਲੀ ਮੱਠ, ਮੰਗੂ ਮੱਠ, ਪੰਜਾਬੀ ਮੱਠ, ਜਗਨਨਾਥਪੁਰੀ (ਉੜੀਸਾ) ਦਾ ਪ੍ਰਬੰਧ ਵੀ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਤੁਰੰਤ ਹਵਾਲੇ ਕੀਤਾ ਜਾਵੇ ਤਾਂ ਜੋ ਇਹਨਾਂ ਸਥਾਨਾਂ ਦੀ ਪਵਿੱਤਰਤਾ, ਇਤਿਹਾਸਕਤਾ ਨੂੰ ਸਨਮੁੱਖ ਰੱਖਦਿਆਂ ਵਿਰਾਸਤੀ ਇਮਾਰਤਾਂ ਉਸਾਰ ਕੇ ਸਿੱਖ-ਸਿਧਾਤਾਂ, ਸਿੱਖ ਰਹਿਤ ਮਰਿਯਾਦਾ ਤੇ ਪ੍ਰੰਪਰਾਵਾਂ ਅਨੁਸਾਰ ਰੋਜ਼ਾਨਾ ਦੀ ਮਰਿਯਾਦਾ ਬਹਾਲ ਕੀਤੀ ਜਾ ਸਕੇ।

(੧੬)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਇਹ ਜਨਰਲ ਇਜਲਾਸ ਪੰਜਾਬ ਭਰ ਵਿੱਚ ਹਵਾ-ਪਾਣੀ ਦੇ ਪ੍ਰਦੂਸ਼ਤ ਹੋਣ ਅਤੇ ਖਾਣ-ਪੀਣ ਵਾਲੀਆਂ ਵਸਤਾਂ ਵਿੱਚ ਮਿਲਾਵਟ ਖੋਰੀ ਕਾਰਨ ਮਨੁੱਖੀ ਸਿਹਤ 'ਤੇ ਪੈ ਰਹੇ ਮਾੜੇ ਪ੍ਰਭਾਵ ਕਾਰਨ ਡੂੰਘੀ ਚਿੰਤਾ ਦਾ ਪ੍ਰਗਟਾਵਾ ਕਰਦਾ ਹੈ।

ਅੱਜ ਦਾ ਇਹ ਜਨਰਲ ਇਜਲਾਸ ਸਮੂੰਹ ਪੰਜਾਬੀਆਂ ਨੂੰ ਅਪੀਲ ਕਰਦਾ ਹੈ ਕਿ ਹਵਾ-ਪਾਣੀ ਦੇ ਪ੍ਰਦੂਸ਼ਤ ਹੋਣ ਅਤੇ ਖਾਣ-ਪੀਣ ਵਾਲੀਆਂ ਵਸਤਾਂ ਵਿੱਚ ਮਿਲਾਵਟ ਹੋਣ ਨਾਲ ਜਿਥੇ ਸਮੂੰਹ ਪੰਜਾਬੀਆਂ ਦੀ ਸਿਹਤ ਵਿਗੜ ਰਹੀ ਹੈ, ਉਥੇ ਆਉਣ ਵਾਲੀਆਂ ਨਸਲਾਂ ਉੱਪਰ ਵੀ ਮਾੜਾ ਅਸਰ ਪੈ ਰਿਹਾ ਹੈ। ਪੰਜਾਬ ਵਾਸੀਆਂ ਨੂੰ ਆਪਣੀ ਵਿਰਾਸਤ ਦੇ ਮੱਦੇਨਜ਼ਰ ਕੁਦਰਤੀ ਢੰਗ ਨਾਲ ਖਾਣ-ਪੀਣ ਦੇ ਵਸੀਲਿਆਂ ਨੂੰ ਮੁੜ ਉਤਸ਼ਾਹਤ ਕਰਨਾ ਚਾਹੀਦਾ ਹੈ।

ਅੱਜ ਦਾ ਜਨਰਲ ਇਜਲਾਸ ਪੰਜਾਬ ਸਰਕਾਰ ਪਾਸੋਂ ਪੁਰਜ਼ੋਰ ਮੰਗ ਕਰਦਾ ਹੈ ਕਿ ਹਵਾ-ਪਾਣੀ ਦੀ

ਸ਼ੁੱਧਤਾ ਨੂੰ ਯਕੀਨੀ ਬਣਾਇਆ ਜਾਵੇ ਅਤੇ ਮਿਲਾਵਟ ਖੋਰੀ ਰੋਕਣ ਲਈ ਸਖਤ ਕਾਨੂੰਨ ਬਣਾ ਕੇ ਮਿਲਾਵਟ ਖੋਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।

(੧੭)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੱਜ ਦਾ ਇਹ ਜਨਰਲ ਇਜਲਾਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਪੰਜਾਬ ਸਰਕਾਰ ਵੱਲੋਂ ਕੈਪੀਟਲ ਪ੍ਰੋਜੈਕਟ ਅਧੀਨ ੧੬ ਏਕੜ ੧੪ ਮਰਲੇ ਜਮੀਨ ਸੈਕਟਰ ੨੬, ਚੰਡੀਗੜ੍ਹ ਵਿਖੇ ਅਲਾਟਮੈਂਟ ਪੱਤਰ ੩੪੦੩੬/ਆਰ.ਸੀ.ਈ./੬੦, ਮਿਤੀ ੦੫-੦੮-੧੯੬੧ ਰਾਹੀਂ ਕਾਲਜ ਬਣਾਉਣ ਲਈ ਅਲਾਟ ਕੀਤੀ ਗਈ ਸੀ। ਜਿਸ ਦੀ ਕੰਨਵੇਂਸ ਡੀਡ ਮਿਤੀ ੨੦-੧੨-੨੦੧੦ ਨੂੰ ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਹੱਕ ਵਿੱਚ ਚੰਡੀਗੜ੍ਹ ਪ੍ਰਸ਼ਾਸ਼ਨ ਵੱਲੋਂ ਮਿਤੀ ੨੧-੦੧-੨੦੧੧ ਨੂੰ ਰਜਿਸਟਰਡ ਕਰਵਾਈ ਗਈ। ਚੰਡੀਗੜ੍ਹ ਪ੍ਰਸ਼ਾਸ਼ਨ ਦੇ ਮਾਲ ਰੀਕਾਰਡ ਵਿੱਚ ਵੀ ਉਕਤ ਜਗ੍ਹਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਾਮ ਪੁਰ ਦਰਜ ਹੈ। ਸ਼੍ਰੋਮਣੀ ਗੁ: ਪ੍ਰ: ਕਮੇਟੀ ਵੱਲੋਂ ਆਪਣੇ ਮਤਾ ਨੰ:੩੫੭, ਮਿਤੀ ੨੮-੪-੧੯੬੦ ਰਾਹੀਂ ਉਕਤ ਜਮੀਨ ਐਡਹਾਕ ਕਮੇਟੀ ਖਾਲਸਾ ਕਾਲਜ ਚੰਡੀਗੜ੍ਹ ਨੂੰ ਦੇਣ ਦਾ ਫੈਸਲਾ ਲਿਆ ਗਿਆ। ਇਸ ਤੋਂ ਬਾਅਦ ਅੰਤ੍ਰਿੰਗ ਕਮੇਟੀ ਦੇ ਮਤਾ ਨੰ:੧੦੮੩, ਮਿਤੀ ੧੦-੩-੧੯੬੧ ਰਾਹੀਂ ਉਕਤ ਮਤੇ ਨੂੰ ਕੈਂਸਲ ਕਰਦਿਆਂ, ੧੬ ਏਕੜ ਦੀ ਬਜਾਇ ੧੨ ਏਕੜ ਜਮੀਨ ਸਿੱਖ ਐਜੂਕੇਸ਼ਨਲ ਸੁਸਾਇਟੀ ਜਲੰਧਰ (ਹੁਣ ਚੰਡੀਗੜ੍ਹ) ਨੂੰ ੨੦੦/-ਰੁਪਏ ਸਾਲਾਨਾਂ ਰਕਮ ਪੁਰ ੯੯ ਸਾਲਾਂ ਲਈ ਲੀਜ ਪੁਰ ਸੁਸਾਇਟੀ ਨੂੰ ਦੇਣ ਦਾ ਫੈਸਲਾ ਹੋਇਆ। ਇਸ ਉਪਰੰਤ ਅੰਤ੍ਰਿੰਗ ਕਮੇਟੀ ਦੇ ਮਤਾ ਨੰ:੯੪, ਮਿਤੀ ੧੧-੧-੧੯੯੬ ਰਾਹੀਂ ੧੬ ਏਕੜ ੧੪ ਮਰਲੇ ਜਮੀਨ ੧੨੦੦/-ਰੁਪਏ ਸਲਾਨਾਂ ਰਕਮ ਪੁਰ ੯੯ ਸਾਲਾਂ ਲੀਜ ਪੁਰ ਦੇਣ ਦਾ ਫੈਸਲਾ ਲਿਆ ਗਿਆ ਅਤੇ ਮਤਾ ਨੰ:੩੪੬, ਮਿਤੀ ੧੫-੪-੧੯੯੭ ਰਾਹੀਂ ਲੀਜ ਡੀਡ ਕਰਵਾਉਣ ਲਈ ਸ੍ਰ: ਸੁਰਜੀਤ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਨੂੰ ਅਧਿਕਾਰ ਦਿੱਤੇ ਗਏ। ਪ੍ਰੰਤੂ ਅੱਜ ਤੱਕ ਉਕਤ ਸੁਸਾਇਟੀ ਦੇ ਹੱਕ ਵਿੱਚ ਕੋਈ ਵੀ ਲੀਜ ਡੀਡ ਨਹੀਂ ਕਰਵਾਈ ਗਈ। ਇਸ ਉਪਰੰਤ ਸ਼੍ਰੋਮਣੀ ਕਮੇਟੀ ਵੱਲੋਂ ਉਕਤ ਜਮੀਨ ਦੀ ਸਿੱਖ ਐਜੂਕੇਸ਼ਨ ਸੁਸਾਇਟੀ, ਚੰਡੀਗੜ੍ਹ ਤੋਂ ਪ੍ਰਾਪਤੀ ਲਈ ਮਤਾ ਨੰ:੧੨੬੫, ਮਿਤੀ ੦੬-੧੧-੨੦੧੭ ਅਤੇ ਮਤਾ ਨੰ:੩੩, ਮਿਤੀ ੨੭-੧੧-੨੦੧੮ ਪਾਸ ਕੀਤੇ ਗਏ। ਇਸ ਤੋਂ ਇਲਾਵਾ ਜਨਰਲ ਇਜਲਾਸ ਵੱਲੋਂ ਸ਼੍ਰੋਮਣੀ ਕਮੇਟੀ ਅਤੇ ਗੁ. ਸਾਹਿਬ ਦੀਆਂ ਜ਼ਮੀਨਾਂ ਜੋ ਲੰਬੇ ਸਮੇਂ ਲਈ ਬਜਾਰ ਮੁੱਲ ਤੋਂ ਬਹੁਤ ਹੀ ਘੱਟ ਰੇਟ ਤੇ ਟਰੱਸਟਾਂ/ਸੁਸਾਇਟੀਆਂ/ਨਿੱਜੀ ਸੰਸਥਾਵਾਂ ਪਾਸ ਹਨ, ਜਿਨ੍ਹਾਂ ਪੁਰ ਸ਼੍ਰੋਮਣੀ ਕਮੇਟੀ ਦਾ ਕੋਈ ਸਿੱਧਾ ਕੰਟਰੋਲ ਵੀ ਨਹੀਂ ਹੈ ਤੋਂ ਵਾਪਿਸ ਲੈਣ ਲਈ ਮਤਾ ਨੰ:੨੦, ਮਿਤੀ ੩੦-੦੩-੨੦੧੮ ਪਾਸ ਕੀਤਾ ਗਿਆ ਸੀ। ਇਹਨਾਂ ਮਤਿਆਂ ਦੀ ਰੋਸ਼ਨੀ ਵਿੱਚ ਕਾਨੂੰਨੀ ਕਾਰਵਾਈ ਕਰਨ ਲਈ ਰੀਟੇਨਰ ਸ਼੍ਰੋਮਣੀ ਕਮੇਟੀ ਰਾਹੀਂ ਕਾਨੂੰਨੀ ਮਾਹਰਾਂ ਦੀ ਰਾਇ ਪ੍ਰਾਪਤ ਕੀਤੀ ਗਈ। ਕਾਨੂੰਨੀ ਮਾਹਰਾਂ ਦੀ ਰਾਇ ਅਨੁਸਾਰ ਸਿੱਖ ਐਜੂਕੇਸ਼ਨ ਸੁਸਾਇਟੀ ਦੇ ਹੱਕ ਵਿੱਚ ਲੀਜ ਡੀਡ ਰਜਿਸਟਰਡ ਨਾ ਹੋਣ ਕਾਰਨ, ਉਹ (ਸੁਸਾਇਟੀ) ਸ਼੍ਰੋਮਣੀ ਕਮੇਟੀ ਦੀ ਜਮੀਨ ਤੇ ਕੇਵਲ ਲਾਇਸੈਂਸੀ ਦੇ ਤੌਰ ਤੇ ਹੀ ਕਾਬਜ ਮੰਨਿਆ ਜਾ ਸਕਦਾ ਹੈ ਅਤੇ ਜੇਕਰ ਉਕਤ ਸੁਸਾਇਟੀ ਪਾਸੋਂ ਸ਼੍ਰੋਮਣੀ ਕਮੇਟੀ ਨੇ ਉਕਤ ਜਮੀਨ ਵਾਪਸ ਲੈਣੀ ਹੈ ਤਾਂ ਸੁਸਾਇਟੀ ਦੇ ਲਾਇਸੈਂਸ ਨੂੰ ਰੱਦ ਕਰਨ ਉਪਰੰਤ ਹੀ ਅਗਲੇਰੀ ਕਾਰਵਾਈ ਕੀਤੀ ਜਾ ਸਕਦੀ ਹੈ। ਅਲਾਟਮੈਂਟ ਪੱਤਰ ਅਤੇ ਕੰਨਵੈਂਟਸ ਡੀਡ ਦੀ ਸ਼ਰਤ ਦੇ ਮੁਤਾਬਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਹ ਜਮੀਨ ਕੇਵਲ ਮਾਸਿਕ ਲੀਜ਼ ਤੇ ਹੀ ਦੇ ਸਕਦੀ ਸੀ। ਇਸ ਲਈ ੯੯ ਸਾਲਾ ਦੀ ਲੀਜ਼ ਗੈਰ-ਕਾਨੂੰਨੀ ਹੈ। ਅੰਤ੍ਰਿੰਗ ਕਮੇਟੀ ਦੇ ਮਤੇ ਦੇ ਅਨੁਸਾਰ ਸੁਸਾਇਟੀ ਇਸ ਜਮੀਨ ਵਿੱਚ ਸਿਰਫ ਕਾਲਜ ਚਲਾ ਸਕਦੀ ਸੀ ਪ੍ਰੰਤੂ ਸੁਸਾਇਟੀ ਉਥੇ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜੀਏਟ ਪਬਲਿਕ ਸਕੂਲ ਵੀ ਚਲਾ ਰਹੀ ਹੈ, ਜੋ ਕਿ ਉਕਤ ਮਤੇ ਦੀ ਉਲੰਘਣਾ ਹੈ।

ਸ਼੍ਰੋਮਣੀ ਗੁ: ਪ੍ਰ: ਕਮੇਟੀ ਦਾ ਅੱਜ ਦਾ ਇਜਲਾਸ ਇਹ ਮਹਿਸੂਸ ਕਰਦਾ ਹੈ ਕਿ ਉਕਤ ਕਾਰਨਾਂ ਤੋਂ ਇਹ ਜਮੀਨ ਸੁਸਾਇਟੀ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵਾਪਿਸ ਲੈਣੀ ਚਾਹੀਦੀ ਹੈ। ਇਸ ਲਈ ਅੱਜ ਦਾ ਇਜਲਾਸ ਸਿੱਖ ਐਜੂਕੇਸ਼ਨ ਸੁਸਾਇਟੀ ਨੂੰ ਸ਼੍ਰੋਮਣੀ ਗੁ: ਪ੍ਰ: ਕਮੇਟੀ ਦੀ ਮਲਕੀਅਤੀ ਜਮੀਨ ੧੬ ਏਕੜ ੧੪ ਮਰਲੇ ਲੀਜ ਪੁਰ ਦੇਣ ਸਬੰਧੀ ਕੀਤੇ ਗਏ ਮਤਾ ਨੰ:੧੦੯੩, ਮਿਤੀ ੧੦-੦੩-੧੯੬੧, ਮਤਾ ਨੰ:੯੪, ਮਿਤੀ ੧੧-੦੧-੧੯੯੬, ਮਤਾ ਨੰ:੩੪੬, ਮਿਤੀ ੧੫-੦੪-੧੯੯੭ ਅਤੇ ਇਸ ਸਬੰਧੀ ਹੋਰ ਕੀਤੇ ਗਏ ਮਤੇ/ਲਿਖਾਪੜ੍ਹੀ ਆਦਿ ਨੂੰ ਕੈਂਸਲ ਕਰਦਿਆਂ, ਸਿੱਖ ਐਜੂਕੇਸ਼ਨ ਸੁਸਾਇਟੀ ਨੂੰ ਸ਼੍ਰੋਮਣੀ ਕਮੇਟੀ ਦੀ ਮਲਕੀਅਤੀ ਜਮੀਨ ਵਿੱਚ ਬਤੌਰ ਲਾਇਸੈਂਸੀ ਕਾਬਜ ਮੰਨਦਿਆਂ, ਤੁਰੰਤ ਪ੍ਰਭਾਵ ਤੋਂ ਸਿੱਖ ਐਜੂਕੇਸ਼ਨ ਸੁਸਾਇਟੀ ਦਾ ਲਾਇਸੈਂਸ ਕੈਂਸਲ ਕਰਦਾ ਹੈ ਅਤੇ ਉਕਤ ਜਮੀਨ ਦੀ ਸਿੱਖ ਐਜੂਕੇਸ਼ਨ ਸੁਸਾਇਟੀ ਪਾਸੋਂ ਪ੍ਰਾਪਤੀ ਲਈ ਕਾਨੂੰਨੀ ਕਾਰਵਾਈ ਕਰਨ ਦਾ ਆਦੇਸ਼ ਦਿੱਤਾ ਜਾਂਦਾ ਹੈ।

(੧੮)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਸੰਨ ੧੯੮੪ ਦੀ ਸਿੱਖ ਨਸ਼ਲਕੁਸ਼ੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ। ਜੂਨ ੧੯੮੪ ਤੇ ਨਵੰਬਰ ੧੯੮੪ 'ਚ ਦੇਸ਼ ਦੀ ਰਾਜਧਾਨੀ ਦਿੱਲੀ, ਕਾਨਪੁਰ, ਬੁਕਾਰੋ ਅਤੇ ਵੱਖ-ਵੱਖ ਸ਼ਹਿਰਾਂ 'ਚ ਕੇਂਦਰ ਦੀ ਕਾਂਗਰਸ ਸਰਕਾਰ ਦੇ ਇਸ਼ਾਰੇ 'ਤੇ ਸਿੱਖਾਂ ਦਾ ਬੇ-ਰਹਿਮੀ ਨਾਲ ਕਤਲੇਆਮ ਕੀਤਾ ਗਿਆ ਅਤੇ ਉਨ੍ਹਾਂ ਦੀਆਂ ਜਾਇਦਾਦਾਂ ਤੇ ਕਾਰੋਬਾਰ ਤਬਾਹ ਕਰ ਦਿੱਤੇ ਗਏ। ੩੫ ਸਾਲ ਦਾ ਸਮਾਂ ਬੀਤ ਜਾਣ 'ਤੇ ਵੀ ਸਾਰੇ ਦੋਸ਼ੀਆਂ ਨੂੰ ਸਜਾਵਾਂ ਨਹੀਂ ਮਿਲੀਆਂ। ਪਿਛਲੇ ਸਮੇਂ ਦੌਰਾਨ ਸੱਜਨ ਕੁਮਾਰ ਤੇ ਕੁੱਝ ਹੋਰ ਦੋਸ਼ੀਆਂ ਨੂੰ ਅਦਾਲਤ ਵੱਲੋਂ ਸਜ਼ਾ ਦਿੱਤੀ ਗਈ ਉਸ ਨਾਲ ਸਿੱਖਾਂ ਨੂੰ ਥੋੜੀ ਰਾਹਤ ਮਿਲੀ ਹੈ। ਸਿੱਖ ਨਸਲਕੁਸ਼ੀ ਦੇ ਦੋਸ਼ੀਆਂ ਦੀ ਨਿਸ਼ਾਨ-ਦੇਹੀ ਲਈ ਸਰਕਾਰ ਵੱਲੋਂ ਕਈ ਕਮਿਸ਼ਨ ਨੀਯਤ ਕੀਤੇ ਗਏ ਪ੍ਰੰਤੂ ਉਨ੍ਹਾਂ ਵੱਲੋਂ ਕੀਤੀਆਂ ਰੀਪੋਰਟਾਂ ਨੂੰ ਕਈ ਸਾਲ ਬੀਤ ਜਾਣ ਦੇ ਬਾਵਜੂਦ ਦੋਸ਼ੀਆਂ ਨੂੰ ਸਜਾਵਾਂ ਨਹੀਂ ਮਿਲੀਆਂ। ਇਨਸਾਫ ਵਿੱਚ ਏਨੀ ਦੇਰੀ ਪੀੜਤ ਪਰਿਵਾਰਾਂ ਦੇ ਜਖ਼ਮਾਂ 'ਤੇ ਲੂਣ ਛਿੜਕਣ ਦੇ ਤੁੱਲ ਹੈ। ਸਿੱਖ ਜਗਤ ਦੀ ਨੁਮਾਇੰਦਾ ਸੰਸਥਾ, ਸ਼੍ਰੋਮਣੀ ਗੁ: ਪ੍ਰ: ਕਮੇਟੀ, ਸ੍ਰੀ ਅੰਮ੍ਰਿਤਸਰ ਨੇ ਸਮੇਂ-ਸਮੇਂ ਤੇ ਜਿਥੇ ਪੀੜਤਾਂ ਦੀ ਢੁਕਵੀਂ ਮਦਦ ਕੀਤੀ, ਉੱਥੇ ਸਮੂੰਹ ਸਿੱਖ ਸੰਸਥਾਵਾਂ ਦੇ ਸਹਿਯੋਗ ਨਾਲ ਹਰ ਸਾਲ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਸ੍ਰੀ ਅਖੰਡ ਪਾਠ ਸਾਹਿਬਾਨ ਦੇ ਭੋਗ ਪਾ ਕੇ ਕਤਲੇਆਮ ਦੇ ਸ਼ਿਕਾਰ ਹੋਏ ਸਿੱਖਾਂ ਦੀ ਆਤਮਿਕ ਸ਼ਾਂਤੀ ਤੇ ਇਨਸਾਫ ਲਈ ਅਰਦਾਸ ਸਮਾਗਮ ਆਯੋਜਤ ਕੀਤੇ ਗਏ।

ਅੱਜ ਦਾ ਇਹ ਜਨਰਲ ਇਜਲਾਸ ੧੯੮੪ ਦੀ ਸਿੱਖ ਨਸ਼ਲਕੁਸ਼ੀ ਦੇ ਬਾਕੀ ਦੋਸ਼ੀਆਂ ਨੂੰ ਵੀ ਸਖ਼ਤ ਸ਼ਜਾਵਾਂ ਦੇਣ ਦੀ ਪੁਰਜ਼ੋਰ ਮੰਗ ਕਰਦਾ ਹੈ।

(੧੯)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਸੋਸ਼ਲ ਮੀਡੀਆ 'ਤੇ ਗੁਰੂ ਸਾਹਿਬਾਨ, ਸਿੱਖ ਯੋਧਿਆਂ, ਗੁਰਬਾਣੀ, ਸਿੱਖ ਇਤਿਹਾਸ ਆਦਿ ਸਬੰਧੀ ਵਿਵਾਦਤ ਪੋਸਟਾਂ 'ਤੇ ਸਖ਼ਤੀ ਨਾਲ ਰੋਕ ਲਗਾਉਣ ਲਈ ਭਾਰਤ ਸਰਕਾਰ ਨੂੰ ਅਪੀਲ ਕਰਦਾ ਹੈ। ਅਕਸਰ ਦੇਖਣ ਵਿੱਚ ਆਉਂਦਾ ਹੈ ਕਿ ਸਮੇਂ-ਸਮੇਂ ਕੁਝ ਸ਼ਰਾਰਤੀ ਲੋਕਾਂ ਵੱਲੋਂ ਅਜਿਹਾ ਕਰਕੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਜਾਂਦੀ ਹੈ।

ਅੱਜ ਦਾ ਇਹ ਇਜਲਾਸ ਸੋਸ਼ਲ ਮੀਡੀਆ 'ਤੇ ਧਾਰਮਿਕ ਭਾਵਨਾਵਾਂ ਭੜਕਾਉਣ ਵਾਲੇ ਲੋਕਾਂ ਵਿਰੁੱਧ ਸਖ਼ਤ ਕਾਨੂੰਨ ਬਨਾਉਣ ਦੀ ਲੋੜ ਮਹਿਸੂਸ ਕਰਦਾ ਹੈ। ਇਸ ਸਬੰਧ ਵਿੱਚ ਭਾਰਤ ਸਰਕਾਰ ਤੁਰੰਤ ਕਾਰਵਾਈ ਕਰੇ ਤਾਂ ਜੋ ਦੇਸ਼ ਅੰਦਰ ਸਿੱਖਾਂ ਵਿਰੁੱਧ ਅਜਿਹੀਆਂ ਮਾਨਸਿਕ ਪੀੜਾ ਦੇਣ ਵਾਲੀਆਂ ਕੋਝੀਆਂ ਹਰਕਤਾਂ

'ਤੇ ਰੋਕ ਲਗ ਸਕੇ।

ਅੱਜ ਦਾ ਇਹ ਇਜਲਾਸ ਭਾਰਤੀ ਸੰਸਦ ਅੰਦਰ ਇਹ ਮਾਮਲਾ ਉਠਾਉਣ ਲਈ ਸਿੱਖ ਸਾਂਸਦਾਂ ਨੂੰ ਵੀ ਅਪੀਲ ਕਰਦਾ ਹੈ।

(੨੦)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਵਿਦੇਸ਼ਾਂ ਵਿੱਚ ਵੱਸਦੇ ਸਿੱਖਾਂ ਨਾਲ ਸਬੰਧਤ ਮਸਲਿਆਂ ਅਤੇ ਸਿੱਖਾਂ ਦੀ ਪਹਿਚਾਣ ਸਬੰਧੀ ਮੁਸ਼ਕਲਾਂ ਦੇ ਹੱਲ ਲਈ ਵੱਖ-ਵੱਖ ਦੇਸ਼ਾਂ ਵਿੱਚੋਂ ਪ੍ਰਮੁੱਖ ਸਿੱਖ ਸਖਸ਼ੀਅਤਾਂ ਦਾ ੫੧ ਮੈਂਬਰੀ ਸਲਾਹਕਾਰ ਬੋਰਡ ਗਠਿਤ ਕਰਨ ਦੀ ਪ੍ਰਵਾਨਗੀ ਦਿੰਦਾ ਹੈ। ਇਸ ਬੋਰਡ ਦੇ ਮੁੱਖੀ, ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਹੋਣਗੇ।ਇਸ ਸਲਾਹਕਾਰ ਬੋਰਡ ਦੀਆਂ ਸਾਲ ਵਿੱਚ ਘੱਟੋ-ਘੱਟ ਦੋ ਇਕੱਤਰਤਾਵਾਂ ਕੀਤੀਆਂ ਜਾਇਆ ਕਰਨਗੀਆਂ ਜਿਸ ਵਿੱਚ ਵਿਦੇਸ਼ਾਂ ਵਿੱਚ ਵੱਸਦੇ ਸਿੱਖਾਂ ਦੇ ਮਸਲਿਆਂ ਨੂੰ ਸੁਲਝਾਉਣ ਲਈ ਸੁਹਿਰਦ ਯਤਨ ਕੀਤੇ ਜਾਣਗੇ।

(੨੧)

ਅੱਜ ਦਾ ਜਨਰਲ ਇਜਲਾਸ ਮਹਿਸੂਸ ਕਰਦਾ ਹੈ ਕਿ ਵਿਦੇਸ਼ਾਂ ਅੰਦਰ ਸਿੱਖਾਂ ਸਮੇਤ ਹੋਰ ਘੱਟ ਗਿਣਤੀਆਂ ਨੂੰ ਨਫਰਤੀ ਹਿੰਸਾ ਦਾ ਸ਼ਿਕਾਰ ਹੋਣਾ ਪੈਂਦਾ ਹੈ। ਬੀਤੇ ਦਿਨੀਂ ਮੀਡੀਆ ਰਾਹੀਂ ਸਾਹਮਣੇ ਆਈਆਂ ਰਿਪੋਰਟਾਂ ਅਨੁਸਾਰ ਅਮਰੀਕਾ ਅੰਦਰ ਸਿੱਖਾਂ 'ਤੇ ਨਸਲੀ ਹਮਲਿਆਂ ਦੀ ਦਰ ਵੱਧਣ ਦਾ ਜ਼ਿਕਰ ਹੈ। ਇਸ ਦੇ ਨਾਲ-ਨਾਲ ਅੱਜ ਦਾ ਇਜਲਾਸ ਅਫਗਾਨਿਸਤਾਨ ਅੰਦਰ ਸਿੱਖਾਂ ਨਾਲ ਹੋ ਰਹੇ ਧੱਕੇ ਅਤੇ ਬੇ-ਇਨਸਾਫੀ ਦੀ ਵੀ ਸਖ਼ਤ ਨਿਖੇਧੀ ਕਰਦਾ ਹੈ। ਅਫਗਾਨਿਸਤਾਨ ਅੰਦਰ ਸਿੱਖਾਂ ਨੂੰ ਜਬਰੀ ਧਰਮ ਤਬਦੀਲ ਕਰਨ ਲਈ ਮਜ਼ਬੂਰ ਕੀਤਾ ਜਾ ਰਿਹਾ ਹੈ, ਜਿਸ ਕਾਰਨ ਸਿੱਖ ਉਥੋਂ ਹਿਜ਼ਰਤ ਕਰ ਰਹੇ ਹਨ। ਵਿਦੇਸ਼ਾਂ ਦੀ ਤਰੱਕੀ ਵਿਚ ਸਿੱਖਾਂ ਦਾ ਯੋਗਦਾਨ ਹਮੇਸ਼ਾ ਮਹੱਤਵਪੂਰਨ ਰਿਹਾ ਹੈ। ਇਸ ਲਈ ਅੱਜ ਦਾ ਇਜਲਾਸ ਭਾਰਤ ਸਰਕਾਰ ਪਾਸੋਂ ਮੰਗ ਕਰਦਾ ਹੈ ਕਿ ਉਹ ਕੂਟਨੀਤਿਕ ਸਾਧਨਾਂ ਰਾਹੀਂ ਵਿਦੇਸ਼ਾਂ ਦੀਆਂ ਸਰਕਾਰਾਂ ਨਾਲ ਗੱਲ ਕਰਕੇ ਵਿਦੇਸ਼ਾਂ ਵਿਚ ਸਿੱਖ ਧਰਮ ਦੀ ਵਿਲੱਖਣ ਹੋਂਦ ਹਸਤੀ ਅਤੇ ਪਹਿਚਾਣ 'ਤੇ ਹੁੰਦੇ ਹਮਲਿਆਂ ਅਤੇ ਜਬਰੀ ਧਰਮ ਤਬਦੀਲੀ ਦੀਆਂ ਘਟਨਾਵਾਂ 'ਤੇ ਰੋਕ ਲਗਾਉਣ ਲਈ ਸੁਹਿਰਦ ਯਤਨ ਕਰਨ, ਤਾਂ ਕਿ ਘੱਟ ਗਿਣਤੀਆਂ ਹਰ ਦੇਸ਼ ਅੰਦਰ ਸੁਰੱਖਿਅਤ ਮਹਿਸੂਸ ਕਰ ਸਕਣ।

(੨੨)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਮੈਂਬਰ ਸ੍ਰ. ਸੁਖਦੇਵ ਸਿੰਘ ਜੀ ਭੌਰ ਵੱਲੋਂ ਉਠਾਏ ਸਵਾਲ ਦੇ ਸਬੰਧ ਵਿੱਚ ਮਾਨਯੋਗ ਸੁਪਰੀਮ ਕੋਰਟ ਵੱਲੋਂ ਅਯੁਧਿਆ ਮਾਮਲੇ ਦਾ ਫੈਸਲਾ ਕਰਨ ਸਮੇਂ ਸਿੱਖ ਧਰਮ ਦਾ ਹਵਾਲਾ ਦਿੰਦਿਆਂ ਸਿੱਖ ਧਰਮ ਲਈ ਸਿੱਖ ਕਲਟ ਸ਼ਬਦ ਵਰਤਣ ਨੂੰ ਮੰਦਭਾਗਾ ਕਰਾਰ ਦਿੰਦਾ ਹੈ।ਸਿੱਖ ਧਰਮ ਸੰਸਾਰ ਦਾ ਵਿਲੱਖਣ ਧਰਮ ਹੈ, ਜਿਸ ਕਰਕੇ ਸਿੱਖ ਧਰਮ ਦੇ ਸਿਧਾਂਤ-ਹੋਂਦ-ਹਸਤੀ, ਪਹਿਚਾਣ ਵਿਲੱਖਣ ਤੇ ਅਲੱਗ ਹੈ।ਇਸ ਦਾ ਇਤਿਹਾਸ, ਪ੍ਰੰਪਰਾਵਾਂ, ਮਰਿਯਾਦਾ, ਰਹਿਣ-ਸਹਿਣ ਕਿਸੇ ਵੀ ਤਰ੍ਹਾਂ ਕਿਸੇ ਹੋਰ ਧਰਮ ਨਾਲ ਮਿਲਦਾ ਜੁਲਦਾ ਨਹੀਂ ਹੈ।

ਅੱਜ ਦਾ ਇਹ ਜਨਰਲ ਇਜਲਾਸ ਇਸ ਮਾਮਲੇ ਵਿੱਚ ਇਕ ਆਮ ਵਿਅਕਤੀ ਦੀ ਗਵਾਹੀ ਨੂੰ ਅਧਾਰ ਮੰਨ ਕੇ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਰਾਏ ਲਏ ਬਿਨਾਂ ਫੈਸਲੇ ਵਿਚ ਸਿੱਖ ਗੁਰੂਆਂ ਦਾ ਹਵਾਲਾ ਦੇਣ ਦੀ ਨਿੰਦਾ ਕਰਦਾ ਹੈ।

ਅੱਜ ਦਾ ਇਹ ਜਨਰਲ ਇਜਲਾਸ ਭਾਰਤ ਸਰਕਾਰ ਤੋਂ ਇਹ ਮੰਗ ਕਰਦਾ ਹੈ ਕਿ ਇਸ ਫੈਸਲੇ

ਵਿੱਚ ਸਿੱਖ ਧਰਮ ਦੀ ਮੌਲਿਕਤਾ ਨੂੰ ਸੱਟ ਮਾਰਨ ਵਾਲੇ ਸ਼ਬਦ ਕਢਵਾਏ ਜਾਣ। ਇਸ ਸਬੰਧੀ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਹਰ ਤਰ੍ਹਾਂ ਦੀ ਲੋੜੀਂਦੀ ਕਾਨੂੰਨੀ ਕਾਰਵਾਈ ਕਰਨ ਦੀ ਵੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

*****

ਉਪਰੋਕਤ ਪੇਸ਼ ਹੋਏ ਮਤਿਆਂ ਦੀ ਹਾਊਸ ਵਿਚ ਹਾਜ਼ਰ ਮੈਂਬਰ ਸਾਹਿਬਾਨ ਵਲੋਂ 'ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ' ਦੇ ਜੈਕਾਰਿਆਂ ਦੀ ਗੂੰਜ ਵਿਚ ਸਰਬਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ।

ਸ੍ਰ. ਗੋਬਿੰਦ ਸਿੰਘ ਜੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਹਾਊਸ ਨੂੰ ਸੰਬੋਧਨ ਕਰਦਿਆਂ ਬੇਨਤੀ ਕੀਤੀ ਕਿ ਮੈਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਾਨ-ਕੋਟ ਧੰਨਵਾਦ ਕਰਦਾ ਹਾਂ ਕਿ ਪਾਤਸ਼ਾਹ ਨੇ ਨਿਮਾਣੇ ਜਿਹੇ ਸਿੱਖ ਨੂੰ ਸਿੱਖ ਪੰਥ ਦੀ ਸਿਰਮੌਰ ਜਥੇਬੰਦੀ ਜੋ ਸਿੱਖਾਂ ਦੀ ਪਾਰਲੀਮੈਂਟ ਹੈ ਦਾ ਪ੍ਰਧਾਨ ਚੁਣੇ ਜਾਣ ਦਾ ਮਾਣ ਬਖਸ਼ਿਆ ਹੈ, ਇਸ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਸਮੂਹ ਮੈਂਬਰ ਸਾਹਿਬਾਨ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ।

ਇਜਲਾਸ ਦੀ ਕਾਰਵਾਈ ਮੁਕੰਮਲ ਹੋਣ 'ਤੇ ਅਨੰਦ ਸਾਹਿਬ ਦਾ ਪਾਠ ਕਰਨ ਉਪਰੰਤ ਸਮਾਪਤੀ ਦੀ ਅਰਦਾਸ ਭਾਈ ਸੁਲਤਾਨ ਸਿੰਘ ਅਰਦਾਸੀਆ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਨੇ ਕੀਤੀ ਅਤੇ ਸਮਾਪਤੀ ਦਾ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਨੇ ਲਿਆ। ਮੁੱਖ ਵਾਕ ਆਇਆ:-

*ਸੂਹੀ ਮਹਲਾ ੫*

*ਜਿਸ ਕੇ ਸਿਰ ਊਪਰਿ ਤੂੰ ਸੁਆਮੀ ਸੋ ਦੁਖੁ ਕੈਸਾ ਪਾਵੈ ॥ (ਅੰਗ ੭੪੯-੫੦)*

ਇਸ ਉਪਰੰਤ ਇਕੱਤਰਤਾ ਸਮਾਪਤ ਹੋਈ।

ਸਹੀ/-
**ਰੂਪ ਸਿੰਘ (ਡਾ.)**
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ਹਿਸਾਬ-ਕਿਤਾਬ

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਚਿੱਠਾ ਆਮਦਨ/ਖ਼ਰਚ ਜਨਰਲ ਬੋਰਡ ਫੰਡ ਮਹੀਨਾ ਮਾਰਚ ੨੦੧੮-੧੯

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| | ਜਨਰਲ ਲੈਜਰ ਨੰ:੧ | | | |
| ੧ | ਦਸਵੰਧ ਸੈਕਸ਼ਨ-੮੫ | ੩੨ | ੦ | ੫੩੫੭੯੭੯੧ |
| ੨ | ਦਸਵੰਧ ਸੈਕਸ਼ਨ-੮੭ | ੧੪੩ | ੦ | ੫੫੫੪੪੩੯ |
| ੩ | ਵਿਕਰੀ ਸਟੇਸ਼ਨਰੀ ਸਟਾਕ | ੧੮੯ | ੧੩੩੫੬ | ੬੩੫੦੨ |
| ੪ | ਆਮਦਨ ਗੁਰਦੁਆਰਾ ਗਜ਼ਟ | ੧੯੮ | ੦ | ੬੬੮੦ |
| ੫ | ਖ਼ਰਚ ਗੁਰਦੁਆਰਾ ਗਜ਼ਟ | ੨੦੮ | ੧੬੯੨੩੨ | ੧੪੮੧੬੧ |
| ੬ | ਕਿਰਾਇਆ ਕੁਆਰਟਰ (ਮੁਲਾਜ਼ਮਾਂ) | ੨੨੨ | ੭੪੮ | ੧੬੩੧੨ |
| ੭ | ਸਮਾਨ ਸ੍ਰੀ ਕਲਗੀਧਰ ਨਿਵਾਸ, ਚੰਡੀਗੜ੍ਹ | ੨੨੩ | ੩੪੬੭੬੭ | ੦ |
| ੮ | ਕਿਰਾਇਆ ਕਮਰੇ ਸ੍ਰੀ ਕਲਗੀਧਰ ਨਿਵਾਸ, ਚੰਡੀਗੜ੍ਹ | ੨੨੫ | ੦ | ੪੫੦੦ |
| ੯ | ਐਂਟਰਟੇਨਮੈਂਟ | ੨੨੮ | ੪੦੦੬੭ | ੦ |
| ੧੦ | ਚੜ੍ਹਤ ਗੋਲਕ ਸ੍ਰੀ ਕਲਗੀਧਰ ਨਿਵਾਸ, ਚੰਡੀਗੜ੍ਹ | ੨੩੫ | ੦ | ੧੭੮੪੮ |
| ੧੧ | ਪੇਸ਼ਗੀ ਐਕਸੀਡੈਂਟਲ ਮੁਲਾਜ਼ਮਾਂ (ਪਿਛਲੇ ਸਾਲਾਂ ਦੇ ਬਕਾਏ) | ੨੩੩ | ੦ | ੩੩੦ |
| ੧੨ | ਪੇਸ਼ਗੀ ਬੀਮਾ ਮੁਲਾਜ਼ਮਾਂ | ੨੩੮ | ੭੧੧੩੨ | ੭੦੧੮੯ |
| ੧੩ | ਖ਼ਰਚ ਸਬ-ਆਫ਼ਿਸ, ਚੰਡੀਗੜ੍ਹ | ੨੬੩ | ੧੧੩੦੨੨੨ | ੦ |
| ੧੪ | ਖ਼ਰਚ ਸ੍ਰੀ ਕਲਗੀਧਰ ਨਿਵਾਸ, ਚੰਡੀਗੜ੍ਹ | ੨੭੩ | ੪੭੦੫੪੩ | ੦ |
| ੧੫ | ਸਮਾਨ ਤੇ ਕਿਤਾਬਾਂ ਸਬ-ਆਫ਼ਿਸ ਚੰਡੀਗੜ੍ਹ | ੨੮੦ | ੩੯੨੫੦ | ੦ |
| ੧੬ | ਸਟੇਸ਼ਨਰੀ ਦਫ਼ਤਰ | ੨੯੧ | ੭੬੦੫੨੨ | ੩੨੭੦੧੬ |
| ੧੭ | ਸਮਾਨ ਤੇ ਫ਼ਰਨੀਚਰ ਦਫ਼ਤਰ | ੨੯੮ | ੧੪੫੯੯ | ੦ |
| ੧੮ | ਮੁਰੰਮਤ ਤੇਜਾ ਸਿੰਘ ਸਮੁੰਦਰੀ ਹਾਲ (ਇਮਾਰਤ ਨਾਨਕ | ੩੦੪ | ੨੮੬੯੯ | ੦ |
| ੧੯ | ਮੁਰੰਮਤ ਸਮਾਨ | ੩੧੦ | ੧੧੬੦੨ | ੦ |
| ੨੦ | ਮੁਕੱਦਮੇ ਸਮੇਤ ਖ਼ਰਚ ਸਿੱਖ ਜੁਡੀਸ਼ਲ ਕਮਿਸ਼ਨ | ੩੩੧ | ੧੮੯੭੬੩੩ | ੨੧੩੭੫੮੨ |
| ੨੧ | ਪਬਲੀਸਿਟੀ | ੩੫੪ | ੨੩੮੦੨੯ | ੦ |
| ੨੨ | ਫੁਟਕਲ | ੩੭੨ | ੭੬੦੦੯ | ੧੯੮੩੬ |
| ੨੩ | ਠੇਕਾ ਜਾਇਦਾਦ ਤੇ ਜ਼ਮੀਨ ਪਿੰਡ ਕੰਗਮਾਹੀ ਹੁਸ਼ਿਆਰਪੁਰ | ੩੮੩ | ੦ | ੧੦੫੫੦੦ |
| ੨੪ | ਠੇਕਾ ਜ਼ਮੀਨ ਝੰਜੀਆ ਖੁਰਦ ਜ਼ਿਲ੍ਹਾ ਗੁਰਦਾਸਪੁਰ | ੩੮੫ | ੦ | ੨੦੧੨੫ |
| ੨੫ | ਸਮਾਨ ਕੰਪਿਊਟਰ | ੩੯੦ | ੪੦੬੦੦ | ੦ |
| ੨੬ | ਕੰਪਿਊਟਰ ਖ਼ਰਚ (ਮੁਰੰਮਤ ਆਦਿ) | ੩੯੮ | ੯੬੩੦ | ੦ |
| ੨੭ | ਡਾਕ ਤੇ ਤਾਰ ਖ਼ਰਚ | ੪੦੬ | ੨੬੬੩੬ | ੦ |
| ੨੮ | ਖ਼ਰਚ ਜਨਰਲ ਸਮਾਗਮ | ੪੧੭ | ੫੨੯੩੭ | ੦ |

| | | | | |
|---|---|---|---|---|
| ੨੯ | ਸਬ-ਆਫ਼ਿਸ ਤਲਵੰਡੀ ਸਾਬੋ (ਬਠਿੰਡਾ) | ੪੨੬ | ੩੬੮੧੦੧ | ੦ |
| ੩੦ | ਸਬ-ਆਫ਼ਿਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ | ੪੨੯ | ੨੩੩੦੯੮ | ੦ |
| | **ਜਨਰਲ ਲੈਜਰ ਨੰ:੨** | | | |
| ੩੧ | ਟੈਲੀਫੋਨ ਦਫ਼ਤਰ | ੫੦੮ | ੧੦੨੨੮ | ੨੩੯੫੮ |
| ੩੨ | ਟੈਲੀਫੋਨ ਇੰਟਰਨਲ | ੫੨੦ | ੪੧੧੬ | ੩੦੨੩੭ |
| ੩੩ | ਤਨਖ਼ਾਹ ਜਨਰਲ ਵਿਭਾਗ ਕਲਰਕਾਂ ਤੇ ਸੇਵਾਦਾਰਾਂ | ੫੩੪ | ੧੪੩੦੬੧੯੦ | ੨੮੪੧੧ |
| ੩੪ | ਤਨਖ਼ਾਹ ਇੰਸਪੈਕਸ਼ਨ ਵਿਭਾਗ | ੫੪੦ | ੪੨੬੮੬੪੪ | ੦ |
| ੩੫ | ਇੰਟਰਨਲ ਆਡਿਟ ਫ਼ੀਸ | ੫੪੯ | ੫੨੩੮੮੮ | ੧੨੭੨੪੦੭ |
| ੩੬ | ਆਡਿਟ ਫ਼ੀਸ | ੫੫੩ | ੦ | ੯੪੦੦੦ |
| ੩੭ | ਤਨਖ਼ਾਹ ਸਟਾਫ਼ ਆਨ ਡੈਪੂਟੇਸ਼ਨ (ਵਸੂਲਣ ਯੋਗ ਤਨਖ਼ਾਹ) | ੫੬੧ | ੭੭੭੬੯ | ੩੦੭੬੬੧ |
| ੩੮ | ਸਫ਼ਰ ਖ਼ਰਚ ਮੁਲਾਜ਼ਮਾਂ | ੬੬੦ | ੬੧੦੪੪੩ | ੦ |
| ੩੯ | ਸਫ਼ਰ ਖ਼ਰਚ ਪ੍ਰਧਾਨ ਸਾਹਿਬ ਅਤੇ ਮੈਂਬਰ ਸਾਹਿਬਾਨ | ੭੦੩ | ੯੬੨੨੦੯ | ੦ |
| ੪੦ | ਪੇਸ਼ਗੀ ਅਸਲਾ | ੭੧੯ | ੦ | ੧੦੦੦ |
| ੪੧ | ਵਰਦੀਆਂ ਸੇਵਾਦਾਰਾਂ | ੭੨੯ | ੬੦੨੦੦ | ੦ |
| ੪੨ | ਅਣਦਿੱਤੀ ਤਨਖ਼ਾਹ | ੭੪੪ | ੧੦੪੭੫੦ | ੪੮੩੭੯ |
| ੪੩ | ਅਣਦਿੱਤੇ ਬਿਲਜ਼ | ੭੭੩ | ੦ | ੬੬੨੪੦੨ |
| ੪੪ | ਸੇਫ ਅਕਾਊਂਟ | ੭੫੩ | ੩੪੪੪੩੦੮ | ੦ |
| ੪੫ | ਅਮਾਨਤ ਜਨਰਲ | ੭੫੦ | ੬੨੦੦੦ | ੩੦੦੦੦ |
| ੪੬ | ਸਹਾਇਤਾ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ | ੭੬੧ | ੧੦੦੦੦੦੦੦ | ੬੪੦੦੦੦੦ |
| ੪੭ | ਕੈਸ਼ ਹੋਣ ਯੋਗ ਚੈਕ | ੭੭੦ | ੩੩੦੨੫੦੦ | ੩੯੪੭੬੦ |
| ੪੮ | ਲੈਣ ਦੇਣ ਟਰੱਸਟ ਫੰਡਜ਼ | ੭੭੯ | ੧੪੨੦੦੦ | ੫੨੦੬੧੪੦੫ |
| ੪੯ | ਖ਼ਰਚ ਗੱਡੀਆਂ | ੮੪੦ | ੫੫੩੦੧੨ | ੧੫੦੦ |
| ੫੦ | ਲੈਣ ਦੇਣ ਵਿਦਿਆ ਫੰਡ | ੮੮੫ | ੧੦੦੦੦੦੦ | ੨੮੭੨੫੫੩੦ |
| ੫੧ | ਲੈਣ ਦੇਣ ਧਰਮ ਪ੍ਰਚਾਰ ਕਮੇਟੀ | ੮੯੫ | ੫੩੬੬੫੭ | ੦ |
| ੫੨ | ਸਹਾਇਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਚੌਥੀ ਸ਼ਤਾਬਦੀ | ੮੯੧ | ੮੦੦੦੦੦੦ | ੪੧੦੦੦੦੦ |
| ੫੩ | ਤਨਖ਼ਾਹ ਅਤੇ ਬਿੱਲ ਸਬ-ਆਫਿਸ ਕੁਰੂਕਸ਼ੇਤਰ (ਹਰਿਆਣਾ) | ੯੦੯ | ੨੩੧੩੨੯ | ੦ |
| ੫੪ | ਰੌਸ਼ਨੀ ਦਫ਼ਤਰ | ੯੨੧ | ੧੯੫੨੩੫੨ | ੦ |
| ੫੫ | ਨਵੀਆਂ ਗੱਡੀਆਂ | ੯੨੮ | ੬੦੦ | ੦ |
| ੫੬ | ਇੰਟਰਨੈਟ | ੯੩੧ | ੧੦੯੧੫੦ | ੦ |
| | **ਜਨਰਲ ਲੈਜਰ ਨੰ: ੩** | | | |
| ੫੭ | ਪੇਸ਼ਗੀ ਜਨਰਲ | ੧੦੨੮ | ੧੩੫੨੧੦੦ | ੪੭੫੩੦੨੯ |
| ੫੮ | ਸਹਾਇਤਾ ਗਰੀਬ ਬੱਚਿਆਂ ਦੀ ਪੜ੍ਹਾਈ ਲਈ | ੧੦੭੫ | ੭੨੬੨੫੦ | ੨੫੦੦ |
| ੫੯ | ਪੇਸ਼ਗੀ ਤਨਖ਼ਾਹ | ੧੧੮੨ | ੧੪੧੦੦੦ | ੧੪੭੧੦੦੦ |
| ੬੦ | ਇਮਾਰਤ ਇੰਪਰੂਵਮੈਂਟ ਟਰੱਸਟ (ਵਿਕਾਸ ਸਕੀਮ ਸ਼ਹੀਦ | ੧੪੦੩ | ੧੧੫੧੮੯ | ੦ |

| | | | | |
|---|---|---|---|---|
| ੬੧ | ਸੀਮੈਂਟ ਇੰਪਰੂਵਮੈਂਟ ਜਲੰਧਰ (ਵਿਕਾਸ ਸਕੀਮ ਸ਼ਹੀਦ ਭਗਤ | ੧੪੦੭ | ੬੮੮੫੦ | ੦ |
| ੬੨ | ਸਰੀਆ ਇੰਪਰੂਵਮੈਂਟ ਜਲੰਧਰ (ਵਿਕਾਸ ਸਕੀਮ ਸ਼ਹੀਦ | ੧੪੦੫ | ੧੯੯੪੮੦ | ੦ |
| | **ਜਨਰਲ ਲੈਜਰ ਨੰ: ੪** | | | |
| ੬੩ | ਬੱਚਤ ਹਿਸਾਬ ਨੰ: ੨੦੧੬੫੭੧੭੯੩੦ ਇਲਾਹਾਬਾਦ ਬੈਂਕ | ੧੫੦੬ | ੨੪੬੩੮ | ੧੦੫੦੭੦ |
| ੬੪ | ਸਸਪੈਂਸ ਬੈਂਕ | ੧੫੦੮ | ੨੪੧੭.੨ | ੦ |
| ੬੫ | ਬੱਚਤ ਹਿਸਾਬ ਨੰ: ੨੧੨੩ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੧੫੭੮ | ੧੧੦੬੨੭੯੯ | ੬੯੦੪੯੬੩.੨ |
| ੬੬ | ਬੱਚਤ ਹਿਸਾਬ ਨੰ: ੯੪੭੪੯ ਐਚ.ਡੀ.ਐਫ.ਸੀ. ਬੈਂਕ, ਘੰਟਾ | ੧੬੧੦ | ੧੦੪੦੨੨੯੬ | ੧੧੫੧੯੮੦੩ |
| ੬੭ | ਬੱਚਤ ਹਿਸਾਬ ਨੰ: ੫੭੪੪ ਪੰਜਾਬ ਨੈਸ਼ਨਲ ਬੈਂਕ ਗੋਲਡਨ | ੧੬੩੨ | ੩੩੨੪੭੫੪੮ | ੨੫੩੯੪੫੨੬ |
| ੬੮ | ਬੱਚਤ ਹਿਸਾਬ ਨੰ: ੬੫੦੨੨੧੬੭੦੭੫ ਸਟੇਟ ਬੈਂਕ ਆਫ | ੧੬੭੫ | ੧੬੩੩੭੫੧੦ | ੧੪੨੭੧੬੪੦ |
| ੬੯ | ਬੱਚਤ ਹਿਸਾਬ ਨੰ: ੦੧੧੨੭੫ ਆਈ.ਸੀ.ਆਈ.ਸੀ.ਆਈ. ਬੈਂਕ | ੧੬੯੧ | ੧੬੪੨੮੪੦੯੪ | ੨੮੨੬੮੫ |
| ੭੦ | ਬੱਚਤ ਹਿਸਾਬ ਨੰ: ੪੬੧੨ ਬੈਂਕ ਆਫ ਇੰਡੀਆ | ੧੭੦੨ | ੫੦੦੦ | ੧੦੨੩੪੪ |
| ੭੧ | ਸੂਦ ਬੈਂਕਾਂ ਤੋਂ (ਜਨਰਲ) | ੧੭੫੧ | ੦ | ੧੯੪੪੧੪੫੧ |
| ੭੨ | ਸੂਦ ਬੈਂਕਾਂ (ਵਸੂਲਣਯੋਗ) | ੧੭੪੭ | ੦ | ੨੯੬੭੪੦ |
| ੭੩ | ਮਿਆਦੀ ਹਿਸਾਬ ਜਨਰਲ ਬੋਰਡ ਫੰਡ ਐਚ.ਡੀ.ਐਫ.ਸੀ. | ੧੭੮੧ | ੦ | ੧੭੭੫੦੦੦੦੦ |
| ੭੪ | ਮਿਆਦੀ ਹਿਸਾਬ ਆਈ.ਡੀ.ਬੀ.ਆਈ. | ੧੭੮੦ | ੨੦੦੦੦੦੦੦੦ | ੦ |
| ੭੫ | ਮਿਆਦੀ ਹਿਸਾਬ ਆਈ.ਸੀ.ਆਈ.ਸੀ.ਆਈ. ਬੈਂਕ | ੧੭੬੯ | ੦ | ੭੬੦੦੦੦੦੦ |
| ੭੬ | ਇੰਨਕਮ ਟੈਕਸ (ਫਰਮਾਂ) | ੧੮੬੬ | ੧੪੨੫੮੪ | ੮੧੦੧੪ |
| ੭੭ | ਇੰਨਕਮ ਟੈਕਸ (ਮੁਲਾਜ਼ਮਾਂ) | ੧੯੮੬ | ੩੨੩੧੨੮੦ | ੨੩੩੪੪੩੮ |
| ੭੮ | ਅਮਾਨਤ ਇੰਨਕਮ ਟੈਕਸ (ਫਰਮਾਂ) | ੧੯੯੬ | ੦ | ੩੨੯੨ |
| ੭੯ | ਅਮਾਨਤ ਇੰਨਕਮ ਟੈਕਸ ਮੁਲਾਜ਼ਮਾਂ | ੧੯੯੭ | ੦ | ੫੩੬੦ |
| | | ਜੋੜ:- | ੪੯੭੬੪੪੭੮੨.੨੦ | ੪੯੬੭੨੩੩੧੬.੨੦ |
| | | ਹੱਥ ਦੀ ਬਾਕੀ:- | ੦ | ੯੨੧੪੬੬ |
| | | ਕੁੱਲ ਜੋੜ:- | ੪੯੭੬੪੪੭੮੨.੨੦ | ੪੯੭੬੪੪੭੮੨.੨੦ |

**ਸਹੀ/-** **ਸਹੀ/-**

**ਚੀਫ਼ ਅਕਾਊਂਟੈਂਟ,** **ਮੀਤ/ਐਡੀ/ਸਕੱਤਰ,**

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।**

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
## ਚਿੱਠਾ ਆਮਦਨ/ਖ਼ਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਅਕਤੂਬਰ ੨੦੧੯

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਧਾਰਮਿਕ ਫੰਡ ੮੫ | ੪੦ | ੦.੦੦ | ੮੧੨੪੯੮੮੮.੦੦ |
| ੨ | ਧਾਰਮਿਕ ਫੰਡ ੮੭ | ੭੭ | ੦.੦੦ | ੮੯੦੦੦੦.੦੦ |
| ੩ | ਪ੍ਰਚਾਰ ਸਹਾਇਤਾ | ੧੨੧ | ੦.੦੦ | ੨੫੦੬੦੦.੦੦ |
| ੪ | ਸੂਦ ਬੈਂਕਾਂ | ੧੫੩ | ੦.੦੦ | ੪੮੬੧੭੧.੦੦ |
| ੫ | ਧਾਰਮਿਕ ਪ੍ਰੀਖਿਆ ਵਜ਼ੀਫ਼ੇ | ੧੭੫ | ੭੦੦੯੨੧.੦੦ | ੧੧੬੦.੦੦ |
| ੬ | ਪੱਤਰ ਵਿਹਾਰ ਕੋਰਸ ਤੇ ਖ਼ੋਜ ਕੇਂਦਰ | ੨੦੬ | ੨੧੮੬੮੧.੦੦ | ੮੪੩੦੦.੦੦ |
| ੭ | ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ) | ੨੩੪ | ੨੪੫੮੪੨੪.੦੦ | ੨੦੮੫੦.੦੦ |
| ੮ | ਗੁਰਮਤਿ ਗਿਆਨ ਹਿੰਦੀ | ੨੬੫ | ੨੬੨੬੧੯.੦੦ | ੮੪੧੦.੦੦ |
| ੯ | ਧਰਮ ਤੇ ਅੰਮ੍ਰਿਤ ਪ੍ਰਚਾਰ | ੨੮੩ | ੬੯੭੧੫੨.੦੦ | ੦.੦੦ |
| ੧੦ | ਕਿਰਾ: ਦੁਕਾਨਾਂ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ | ੩੧੫ | ੦.੦੦ | ੮੪੭੨੪.੦੦ |
| ੧੧ | ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ਼੍ਰੀਦ) | ੩੩੦ | ੬੯੮੩੮੦.੦੦ | ੦.੦੦ |
| ੧੨ | ਲਿਟਰੇਚਰ ਫੁਟਕਲ | ੩੩੯ | ੧੮੦੦.੦੦ | ੦.੦੦ |
| ੧੩ | ਸਟੇਸ਼ਨਰੀ ਛਪਾਈ | ੩੫੪ | ੪੬੭੩੭.੦੦ | ੦.੦੦ |
| ੧੪ | ਤਨਖ਼ਾਹ ਸਟਾਫ਼ ਦਫ਼ਤਰ | ੩੬੧ | ੩੯੦੬੧੪੨.੦੦ | ੩੨੪੨੦.੦੦ |
| ੧੫ | ਤਨਖ਼ਾਹ ਸਟਾਫ਼ ਲਿਟਰੇਚਰ ਅਤੇ ਕਮਿਸ਼ਨ ਆਦਿ | ੩੬੯ | ੫੧੨੧੫੬.੦੦ | ੦.੦੦ |
| ੧੬ | ਤਨਖ਼ਾਹ ਤੇ ਸਫ਼ਰ ਖ਼ਰਚ ਅਲਾਊਂਸ ਡਰਾਈਵਰਜ਼ | ੩੭੭ | ੭੫੫੯੫੭.੦੦ | ੦.੦੦ |
| ੧੭ | ਤਨਖ਼ਾਹ ਧਾਰਮਿਕ ਟੀਚਰ | ੪੦੫ | ੯੫੫੮੧੫.੦੦ | ੦.੦੦ |
| ੧੮ | ਡਾਕ ਤੇ ਤਾਰ ਖ਼ਰਚ | ੪੧੧ | ੧੯੮੮੪.੦੦ | ੦.੦੦ |
| ੧੯ | ਕਮਿਸ਼ਨ ਬੈਂਕਾਂ | ੪੧੭ | ੧੪.੧੬ | ੦.੦੦ |
| ੨੦ | ਫਿਲਮਾਂ ਰਾਹੀਂ ਪ੍ਰਚਾਰ (ਤਨਖ਼ਾਹ ਫਿਲਮ ਉਪਰੇ:, ਮੁੰਰ: ਤੇ ਸ:ਖ: ਆਦਿ) | ੪੨੯ | ੨੨੫੪੫੦.੦੦ | ੦.੦੦ |
| ੨੧ | ਖ਼ਰਚ ਗੱਡੀਆਂ (ਤੇਲ ਤੇ ਮੁਰੰਮਤਾਂ) | ੪੬੦ | ੪੧੪੧੫੭.੦੦ | ੦.੦੦ |
| ੨੨ | ਮੁਕੱਦਮੇ | ੪੭੧ | ੮੧੫੮੬.੦੦ | ੦.੦੦ |
| ੨੩ | ਟੈਲੀਫੋਨ | ੪੭੯ | ੧੩੯੮੫.੦੦ | ੦.੦੦ |
| ੨੪ | ਮੁਰੰਮਤ ਸਮਾਨ ਦਫ਼ਤਰ | ੪੮੭ | ੪੫੦.੦੦ | ੦.੦੦ |
| ੨੫ | ਮੁਰੰਮਤ ਕੰਪਿਊਟਰ ਅਤੇ ਪ੍ਰਿੰਟਰ ਆਦਿ | ੪੯੫ | ੪੭੬੦.੦੦ | ੦.੦੦ |

| | | | |
|---|---|---|---|
| ੨੬ ਐਂਟਰਟੇਨਮੈਂਟ (ਆਉ ਭਗਤ) | ੫੦੨ | ੩੧੩੭੫.੦੦ | ੦.੦੦ |
| ੨੭ ਸਫ਼ਰ ਖ਼ਰਚ ਮੁਲਾਜ਼ਮਾਂ | ੫੨੩ | ੩੮੯੨੦.੦੦ | ੦.੦੦ |
| ੨੮ ਫੁਟਕਲ ਦਫ਼ਤਰ ਤੇ ਰੌਸ਼ਨੀ | ੫੪੪ | ੮੭੨੧.੦੦ | ੦.੦੦ |
| ੨੯ ਬੀਮਾ ਗੱਡੀਆਂ ਤੇ ਕੈਸ਼ | ੫੫੭ | ੮੬੫੧੫.੦੦ | ੦.੦੦ |
| ੩੦ ਸ਼ਤਾਬਦੀਆਂ ਸਮਾਰੋਹ | ੯੮੧ | ੨੧੪੫੨੮੯੦.੦੦ | ੧੨੯੬੦੯੬੧.੦੦ |
| ੩੧ ਗਾਵਹੁ ਸਚੀ ਬਾਣੀ (ਪ੍ਰੋਗਰਾਮ) | ੬੪੭ | ੧੨੫੧੬.੦੦ | ੦.੦੦ |
| ੩੨ ਐਡਵਰਟਾਈਜ਼ਮੈਂਟ (ਇਸ਼ਤਿਹਾਰਬਾਜ਼ੀ) | ੬੫੨ | ੬੮੧੧੭.੦੦ | ੦.੦੦ |
| ੩੩ ਵਿਰਾਸਤੀ ਹੈਰੀਟੇਜ ਕਵਿਜ਼ ਮੁਕਾਬਲੇ | ੬੫੮ | ੪੨੬੯੮੮.੦੦ | ੦.੦੦ |
| ੩੪ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਅਤੇ | | | |
| ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੋਹੜ | ੬੬੮ | ੯੧੮੩੦੪.੦੦ | ੨੩੧੫੯.੦੦ |
| ੩੫ ਗਿਆਨੀ ਸੋਹਣ ਸਿੰਘ ਸੀਤਲ ਢਾਡੀ ਕਾਲਜ, | | | |
| ਗੁਰੂ ਕੀ ਵਡਾਲੀ | ੬੮੦ | ੧੧੩੬੦੬.੦੦ | ੦.੦੦ |
| ੩੬ ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੬੯੦ | ੫੫੩੧੩੩.੦੦ | ੧੦੩੬੨.੦੦ |
| ੩੭ ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜ਼ਪੁਰ | ੭੦੦ | ੧੭੫੩੫੬.੦੦ | ੨੬੩੨.੦੦ |
| ੩੮ ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ) | ੭੦੯ | ੧੮੬੬੦੮.੦੦ | ੦.੦੦ |
| ੩੯ ਸਬ ਆਫਿਸ (ਸ੍ਰੀ ਅਨੰਦਪੁਰ ਸਾਹਿਬ) | ੭੧੮ | ੪੩੫੦.੦੦ | ੦.੦੦ |
| ੪੦ ਸਬ ਆਫਿਸ ਤਲਵੰਡੀ ਸਾਬੋ ਕੀ ਬਠਿੰਡਾ | ੭੨੧ | ੭੩੬੭.੦੦ | ੦.੦੦ |
| ੪੧ ਗੁਰ:ਸੰਗੀਤ ਵਿਦਿਆਲੇ:(ਬਾਦੀਆਂ, ਮੁਕਤਸਰ ਸਾਹਿਬ, ਭੂਰਾ ਕੋਹਨਾ, | | | |
| ਕਾਲਾਮਾਲਾ ਸੰਗਰੂਰ) ਤਨ:,ਸ:ਖ: ਤੇ ਫੁਟ:ਆਦਿ | ੭੩੦ | ੫੭੯੭੪੦.੦੦ | ੦.੦੦ |
| ੪੨ ਗੁਰਮਤਿ ਕਾਲਜ (ਸੁਲਤਾਨਪੁਰ ਲੋਧੀ, ਬਾਬਾ ਦੀਪ ਸਿੰਘ ਬਰਨਾਲਾ ਤੇ ਡੇਰਾ ਬਾਬਾ ਨਾਨਕ, | | | |
| ਭਾਈ ਗੁਰਦਾਸ ਵਿਦਿ:ਆਲਮਗੀਰ) | | | |
| ਤਨਖ਼ਾਹਾਂ, ਸਫ਼ਰ ਖ਼ਰਚ ਤੇ ਫੁਟਕਲ ਆਦਿ | ੭੫੩ | ੬੧੫੫੬੪.੦੦ | ੦.੦੦ |
| ੪੩ ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅੰਮ੍ਰਿਤਸਰ | ੭੬੭ | ੯੨੦੩੬.੦੦ | ੦.੦੦ |
| ੪੪ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਆਫ਼ ਐਡਵਾਂਸ ਸਿੱਖ ਸਟੱਡੀਜ, | | | |
| (ਤਨਖਾਹਾਂ, ਆਨਰੇਰੀਅਮ ਤੇ ਫੁਟਕਲ ਆਦਿ) | ੭੭੮ | ੮੪੨੮੩੭.੦੦ | ੩੬੬੮੩.੦੦ |
| ੪੫ ਤਨਖ਼ਾਹ ਭਾਈ ਨਗਾਈਆ ਜੀ ਪਬ:ਸਕੂਲ ਫਾਰ ਡੈਫ | | | |
| ਆਲਮਗੀਰ ਲੁਧਿਆਣਾ | ੭੯੨ | ੧੨੦੧੪੨.੦੦ | ੦.੦੦ |
| ੪੬ ਤਨਖ਼ਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ | | | |
| ਪੰਜਾਬ ਪ੍ਰਚਾਰ | ੮੦੬ | ੬੫੨੧੪੭੯.੦੦ | ੪੦੦੦੦.੦੦ |
| ੪੭ ਸਫ਼ਰ ਖ਼ਰਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ | | | |
| ਪੰਜਾਬ ਪ੍ਰਚਾਰ | ੮੨੫ | ੭੬੭੦੫੫.੦੦ | ੪੭੫੮੭.੦੦ |
| ੪੮ ਦੀਵਾਨ ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, | | | |

| | | | |
|---|---|---|---|
| ਨਸ਼ਾ ਮੁਕਤੀ ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ | ੮੫੨ | ੧੦੯੯੧੭੯.੦੦ | ੦.੦੦ |
| ੪੯ ਤਨਖਾਹ ਤੇ ਸਫਰ ਖਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ | ੯੦੩ | ੬੧੩੪੭੦.੦੦ | ੫੦੭੭.੦੦ |
| ੫੦ ਫੁਟਕਲ ਦਫ਼ਤਰ ਹਰਿਆਣਾ ਸਿੱਖ ਮਿਸ਼ਨ | ੯੧੧ | ੫੯੭.੦੦ | ੦.੦੦ |
| ੫੧ ਖਰਚ ਗੱਡੀਆ ਹਰਿਆਣਾ ਸਿੱਖ ਮਿਸ਼ਨ | ੯੨੦ | ੩੦੯੦੫.੦੦ | ੦.੦੦ |
| ੫੨ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ | ੯੨੮ | ੧੧੪੫੦.੦੦ | ੦.੦੦ |
| ੫੩ ਗੁਰ:ਵਿਦਿਆਲਾ ਸ਼ੇਖੂਪੁਰਾ ਮੰਚੂਰੀ, ਕਰਨਾਲ ਤਨ:, ਵਜੀ:, ਸ:ਖ਼ਰਚ ਤੇ ਫੁਟ: | ੯੪੩ | ੧੫੬੩੦੫.੦੦ | ੦.੦੦ |
| ੫੪ ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ (ਰੌਸ਼ਨੀ, ਬਿੱਲ ਅਤੇ ਫੁਟਕਲ ਆਦਿ) ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, ਊਨਾ) | ੯੫੬ | ੧੭੨੧੩੩.੦੦ | ੫੬੬.੦੦ |
| ੫੫ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ | ੯੬੧ | ੫੭੩੦.੦੦ | ੦.੦੦ |
| ੫੬ ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ (ਰੌਸ਼ਨੀ, ਬਿੱਲ ਅਤੇ ਫੁਟਕਲ ਆਦਿ) ਰਾਜਿਸਥਾਨ ਸਿੱਖ ਮਿਸ਼ਨ (ਬੁੱਢਾ ਜੌਹੜ) | ੯੬੫ | ੮੭੧੨੬.੦੦ | ੦.੦੦ |
| ੫੭ ਤਨ:ਸਫ਼ਰ ਖ਼ਰਚ ਸਟਾਫ਼ ਯੂ:ਪੀ:,ਦਿੱਲੀ ਅਤੇ ਮੱਧ ਪ੍ਰਦੇਸ਼ ਮਿਸ਼ਨ | ੧੦੦੫ | ੧੪੯੧੩੦੨.੦੦ | ੧੨੬੫੯.੦੦ |
| ੫੮ ਦੀਵਾਨ, ਮੇਲੇ, ਕੈਂਪਸ, ਫਿਲਮਾਂ ਰਾਹੀਂ ਪ੍ਰਚਾਰ ਅਤੇ ਗੁਰਮਤਿ ਦਸਤਾਰ ਸਮਾਗਮ, ਖ਼ਰਚ ਗੱਡੀਆਂ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੧੧ | ੬੪੬੮੦.੦੦ | ੦.੦੦ |
| ੫੯ ਮੁਰੰਮਤ ਇਮਾ: ਹਾਪੜ ਅਤੇ ਅਲੀਗੜ ਯੂ:ਪੀ:, ਦਿੱਲੀ ਅਤੇ ਮੱਧ ਪਦੇਸ ਮਿਸ਼ਨ | ੧੦੨੦ | ੨੯੯੪੯.੦੦ | ੦.੦੦ |
| ੬੦ ਟੈਕਸਿਸ ਹਾਊਸ ਤੇ ਪਾਣੀ ਅਤੇ ਬਿੱਲ ਬਿਜਲੀ ਮੁਰੰਮਤ ਸਮਾਨ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੨੪ | ੬੩੬੩੨.੦੦ | ੯੭੪੪.੦੦ |
| ੬੧ ਫੁੱਟਕਲ ਦਫ਼ਤਰ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੩੨ | ੬੫੦੯੭.੦੦ | ੦.੦੦ |
| ੬੨ ਸ੍ਰੀ ਗੁਰੂ ਰਾਮਦਾਸ ਜੀ ਗੁਰਮਤਿ ਵਿਦਿਆਲਾਂ ਸ਼ਾਹਜਹਾਨਪੁਰ ਯੂ.ਪੀ. | ੧੦੪੨ | ੧੦੮੩੫੦.੦੦ | ੦.੦੦ |
| ੬੩ ਗੁਰਦੁਆਰਾ ਗੁਰੂ ਨਾਨਕ ਦਰਬਾਰ ਯੂ:ਪੀ: | ੧੦੫੧ | ੪੬੬੭੧.੦੦ | ੧੭੯੩੦੨.੦੦ |
| ੬੪ ਗੁਰ: ਸਾਹਿਬਾਨ ਨੱਕਾ ਕੂਆਂ, ਸੰਤ ਸਭਾ ਨਗੀਨਾ, ਬ੍ਰਿੰਦਾਬਨ, ਗੜ੍ਹਮੁਕਤੇਸਰ ਯੂ:ਪੀ: | ੧੦੬੦ | ੨੦੭੬੦.੦੦ | ੧੩੭੨੨੫.੦੦ |
| ੬੫ ਸੰਗੀਤ ਵਿਦਿਆਲਾ ਬਗੜੀ ਗਜਰੋਲਾ ਯੂ:ਪੀ: | ੧੦੭੨ | ੩੦੫੩.੦੦ | ੧੫੮੦੫.੦੦ |

| | | | | |
|---|---|---|---|---|
| ੬੬ | ਗੁਰਦੁਆਰਾ ਸਾਹਿਬਾਨ ਪਿੰਡ ਸਾਦੂਲਾਪੁਰ (ਲੋਧਾ ਕੋਠੀ) ਯੂ:ਪੀ: | ੧੦੭੭ | ੦.੦੦ | ੧੮੪੦.੦੦ |
| ੬੭ | ਗੁ: ਭਗਤ ਕਬੀਰ ਜੀ ਮਗਹਰ ਗੋਰਖਪੁਰ ਯੂ.ਪੀ. | ੧੦੮੧ | ੭੦੨੮੦.੦੦ | ੨੦੪੨੦੦.੦੦ |
| ੬੮ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ (ਬਿੱਲ ਫੁਟਕਲ ਆਦਿ) ਅਹਿਮਦਾਬਾਦ, ਗੁਜਰਾਤ | ੧੦੯੩ | ੧੨੫੬੫੫.੦੦ | ੩੩੧.੦੦ |
| ੬੯ | ਤਨ: ਤੇ ਸਫ਼ਰ ਖ਼ਰਚ ਸਟਾਫ਼ ਛਤੀਸਗੜ੍ਹ ਸਿੱਖ ਮਿਸ਼ਨ ਬਿੱਲ ਫੁਟਕਲ ਆਦਿ | ੧੧੦੫ | ੧੮੩੩੪੮.੦੦ | ੨੦੦.੦੦ |
| ੭੦ | ਗੁਰੂ ਨਾਨਕ ਦੇਵ ਗੁ:ਵਿਦਿ: ਛਤੀਸਗੜ੍ਹ ਮਿਸ਼ਨ (ਤਨ:ਸਫ਼ਰ ਖ਼ਰਚ ਅਤੇ ਬਿੱਲ ਆਦਿ) | ੧੧੨੪ | ੨੯੪੨੧੩.੦੦ | ੧੦੬੨੪੧.੦੦ |
| ੭੧ | ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੧੩੩ | ੨੯੯੯੦੬.੦੦ | ੩੦੦.੦੦ |
| ੭੨ | ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੧੩੯ | ੨੩੦੬੨.੦੦ | ੦.੦੦ |
| ੭੩ | ਫੁਟਕਲ ਦਫ਼ਤਰ ਲੰਗਰ (ਆਉ ਭਗਤ) ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੧੪੫ | ੩੩੮੭.੦੦ | ੦.੦੦ |
| ੭੪ | ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ ਉਤਰਾਂਚਲ ਸਿੱਖ ਮਿਸ਼ਨ, ਫੁਟਕਲ ਆਦਿ (ਕਾਸ਼ੀਪੁਰ) | ੧੧੫੪ | ੩੦੯੬੩੨.੦੦ | ੧੭੬੭.੦੦ |
| ੭੫ | ਤਨਖ਼ਾਹ, ਸਫ਼ਰ ਖ਼ਰਚ ਆਦਿ ਸਿੱਖ ਮਿਸ਼ਨ ਨੇਪਾਲ | ੧੧੭੨ | ੧੦੨੫੦.੦੦ | ੦.੦੦ |
| ੭੬ | ਸਹਾਇਤਾ ਭੇਟਾ ਰਹਿਤ ਪਾਵਨ ਸਰੂਪ | ੧੧੭੭ | ੩੩੬੦੦.੦੦ | ੦.੦੦ |
| ੭੭ | ਸਹਾਇਤਾ ਲਾਇਬ੍ਰੇਰੀਆਂ ਲਿਟਰੇਚਰ ਆਦਿ | ੧੧੮੩ | ੪੧੭੪੨੨.੦੦ | ੦.੦੦ |
| ੭੮ | ਸਹਾਇਤਾ ਗੁਰਦੁਆਰਾ ਸਾਹਿਬਾਨ | ੧੨੦੬ | ੨੦੫੬੫੯੫.੦੦ | ੩੦੦੦੦੦.੦੦ |
| ੭੯ | ਸਹਾਇਤਾ ਭੇਟਾ ਰਹਿਤ ਕੀਰਤਨੀ ਸਾਜ | ੧੨੩੯ | ੧੭੪੬੦੦.੦੦ | ੦.੦੦ |
| ੮੦ | ਸਹਾਇਤਾ ਪੰਜਾਬ ਤੋਂ ਬਾਹਰਲੇ ਗੁਰਦੁਆਰਾ ਸਾਹਿਬਾਨ | ੧੨੫੨ | ੩੮੧੨੫੦.੦੦ | ੦.੦੦ |
| ੮੧ | ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ, ਯੂਨੀਵਰਸਿਟੀ | ੧੨੭੧ | ੪੭੫੫੦੦.੦੦ | ੦.੦੦ |
| ੮੨ | ਸਹਾਇਤਾ ਧਰਮ ਪ੍ਰਚਾਰ ਵਿਦਿਆਰਥੀ ਖ਼ੇਤਰ ਅਤੇ ਸਿੱਖ ਸ਼ਸ਼ਤਰ ਵਿਦਿਆ (ਗਤਕਾ) | ੧੨੯੬ | ੫੧੭੨੧੦.੦੦ | ੦.੦੦ |
| ੮੩ | ਸਹਾਇਤਾ ਗਰੀਬ ਸਿੱਖਾਂ ਦੇ ਵਿਆਹ ਅਤੇ ਮੌਤ ਸਮੇਂ ਅੰਤਿਮ ਅਰਦਾਸ ਦੇ ਸ੍ਰੀ ਅਖੰਡ ਪਾਠ ਸਾਹਿਬ ਲਈ ਭੇਟਾ | ੧੩੮੯ | ੨੭੬੦੦.੦੦ | ੦.੦੦ |
| ੮੪ | ਸਹਾਇਤਾ ਪੀੜ੍ਹਤ ਪਰਿਵਾਰ | ੧੩੫੩ | ੪੨੪੨੬੦੦.੦੦ | ੦.੦੦ |
| ੮੫ | ਸਹਾਇਤਾ ਯਾਦਗਾਰੀ ਪ੍ਰੋਜੈਕਟ ਤੇ ਇਤਿਹਾਸਕ ਇਮਾਰਤਾਂ | ੧੩੯੬ | ੧੯੫੯੧੫.੦੦ | ੦.੦੦ |

| | | | | |
|---|---|---|---|---|
| ੮੬ | ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ,<br>ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ,<br>ਪੰਥਕ ਵਿਦਿਵਾਨਾਂ ਨੂੰ ਸਨਮਾਨ | ੧੪੦੬ | ੧੩੯੯੦੦੦.੦੦ | ੧੦੦੦੦੦.੦੦ |
| ੮੭ | ਸਹਾਇਤਾ ਮੁਫ਼ਤ ਵਿਦਿਆ ਅੰਮ੍ਰਿਤਧਾਰੀ ਵਿਦਿਆਰਥੀ<br>(ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੪੨੫ | ੨੭੬੯੫੦੦.੦੦ | ੦.੦੦ |
| ੮੮ | ਸਹਾਇਤਾ ਖ਼ਾਲਸਾਈ ਖੇਡਾਂ (ਹਾਕੀ) (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੪੪੨ | ੨੫੦੦੦੦੦.੦੦ | ੦.੦੦ |
| ੮੯ | ਸਹਾਇਤਾ ਗੁਰਦੁਆਰਾ ਸਾਹਿਬਾਨ, ਪੀੜ੍ਹਤ ਪਰੀਵਾਰ,<br>ਲਾਇਬ੍ਰੇਰੀਆਂ ਆਦਿ ਹਰਿਆਣਾ ਸਿੱਖ ਮਿਸ਼ਨ | ੧੪੪੫ | ੪੮੫੦੦.੦੦ | ੦.੦੦ |
| ੯੦ | ਸਹਾਇਤਾ ਬੀਬੀ ਭਾਨੀ ਕੰਨਿਆ ਨੇਤਰਹੀਣ ਵਿਦਿ: ਸੰਨ ਸਾਹਿਬ<br>ਛੇਹਰਟਾ ਰੋਡ ਸ੍ਰੀ ਅੰਮ੍ਰਿਤਸਰ | ੧੪੬੫ | ੨੫੦੦੦.੦੦ | ੦.੦੦ |
| ੯੧ | ਸਹਾਇਤਾ ੪੦੦ ਸਾਲਾ ਮੈਮੋ:ਸ੍ਰੀ ਗੁਰੂ ਗ੍ਰੰਥ ਸਾਹਿਬ<br>ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ | ੧੪੬੭ | ੧੦੦੦੦੦੦੦.੦੦ | ੦.੦੦ |
| ੯੨ | ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ (ਛਪਾਈ)<br>ਪੂੰਜੀਗਤ ਖ਼ਰਚੇ | ੧੫੧੨ | ੧੧੩੮੨੨੫.੦੦ | ੨੭੮੨੩੩.੦੦ |
| ੯੩ | ਸਟਾਕ ਕਕਾਰ ਅੰਮ੍ਰਿਤ ਸੰਚਾਰ | ੧੫੩੨ | ੪੭੭੫੨੦.੦੦ | ੩੨੪੭੯੮.੦੦ |
| ੯੪ | ਸਮਾਨ ਦਫ਼ਤਰ ਧਰਮ ਪ੍ਰਚਾਰ | ੧੫੫੭ | ੬੫੮੦.੦੦ | ੦.੦੦ |
| ੯੫ | ਸਮਾਨ ਦਫ਼ਤਰ ਉਤਰਾਖੰਡ ਮਿਸ਼ਨ | ੧੫੬੯ | ੧੦੯੨੫.੦੦ | ੦.੦੦ |
| ੯੬ | ਸਮਾਨ ਗੁਰੂ ਕਾਸ਼ੀ ਗੁ:ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੧੫੮੮ | ੪੦੫੦੦.੦੦ | ੦.੦੦ |
| ੯੭ | ਇਮਾਰਤ ਦਫ਼ਤਰ ਧਰਮ ਪ੍ਰਚਾਰ ਕਮੇਟੀ | ੧੭੨੭ | ੧੩੨੪੦.੦੦ | ੦.੦੦ |
| ੯੮ | ਇਮਾਰਤ ਖ਼ਾਲਸਾ ਸਕੂਲ ਚਿੱਟੀ ਸਿੰਘਪੁਰਾ ਅਨੰਤ ਨਾਗ<br>ਜੰਮੂ ਕਸ਼ਮੀਰ (ਠੇਕੇਦਾਰਾਂ) | ੧੭੭੭ | ੮੦੧੯੩੬.੦੦ | ੦.੦੦ |
| ੯੯ | ਇਮਾਰਤ ਖ਼ਾਲਸਾ ਸਕੂਲ ਚਿੱਟੀ ਸਿੰਘਪੁਰਾ ਅਨੰਤ ਨਾਗ<br>ਜੰਮੂ ਕਸ਼ਮੀਰ (ਸੀਮਿੰਟ) | ੧੭੭੮ | ੧੯੫੦.੦੦ | ੦.੦੦ |
| ੧੦੦ | ਇਮਾਰਤ ਖ਼ਾਲਸਾ ਸਕੂਲ ਚਿੱਟੀ ਸਿੰਘਪੁਰਾ ਅਨੰਤ ਨਾਗ<br>ਜੰਮੂ ਕਸਮੀਰ (ਸਰੀਆ) | ੧੭੭੯ | ੦.੦੦ | ੬੭੩੦੦.੦੦ |
| ੧੦੧ | ਆਮਦਨ ਕਰ | ੧੭੮੬ | ੧੯੨੫੦੦.੦੦ | ੨੦੨੫੦੦.੦੦ |
| ੧੦੨ | ਟੀ.ਡੀ.ਐਸ. (ਅਦਾਇਗੀ ਯੋਗ) | ੧੮੩੨ | ੧੨੫੬੯੭.੦੦ | ੧੧੭੦੯੨੮.੦੦ |
| ੧੦੩ | ਐਸ.ਜੀ.ਐਸ.ਟੀ | ੧੮੪੨ | ੫੩੬੩੦.੦੦ | ੭੩੭੦.੦੦ |
| ੧੦੪ | ਸੀ.ਜੀ.ਐਸ.ਟੀ | ੧੮੫੨ | ੫੩੬੩੦.੦੦ | ੭੩੭੦.੦੦ |
| ੧੦੫ | ਪ੍ਰੋਫੈਸ਼ਨਲ ਟੈਕਸ ਪੰਜਾਬ ਸਰਕਾਰ | ੧੮੬੫ | ੦.੦੦ | ੯੪੪੪੦.੦੦ |
| ੧੦੬ | ਅਣਦਿੱਤੀ ਤਨਖ਼ਾਹ | ੨੦੧੦ | ੮੭੧੨੦.੦੦ | ੪੮੭੮੫.੦੦ |
| ੧੦੭ | ਅਣਦਿੱਤੇ ਬਿਲਜ਼ ਸ਼੍ਰੋਮਣੀ ਕਮੇਟੀ<br>(ਗੁਰਬਾਣੀ ਤੇ ਗੁਰਮਤਿ ਲਿਟ: ਫੰਡ) | ੨੦੩੭ | ੫੪੩੮੨੨.੦੦ | ੨੯੧੯੭੮.੦੦ |

| | | | |
|---|---|---|---|
| ੧੦੮ ਪੇਸ਼ਗੀ ਜਨਰਲ | ੨੧੬੪ | ੭੨੬੪੪੧੮੨.੦੦ | ੧੩੧੫੬੭੮੧.੦੦ |
| ੧੦੯ ਪੇਸ਼ਗੀ ਤਨਖ਼ਾਹ | ੨੨੫੭ | ੫੨੦੦੦੦.੦੦ | ੪੯੩੫੦੦.੦੦ |
| ੧੧੦ ਜਮਾਨਤ ਵਿਦਿਆਰਥੀਆਂ | ੨੨੮੫ | ੦.੦੦ | ੪੮੬੦੦.੦੦ |
| ੧੧੧ ਜਮਾਨਤਾਂ ਮੁਲਾਜ਼ਮਾਂ | ੨੩੦੮ | ੭੭੩੮੯.੦੦ | ੪੭੫੦੦.੦੦ |
| ੧੧੨ ਜਮਾਨਤਾਂ ਜਨਰਲ ਤੇ ਠੇਕੇਦਾਰਾਂ | ੨੩੧੮ | ੧੫੩੮੬੩੭.੦੦ | ੪੦੦੯੭.੦੦ |
| ੧੧੩ ਅਮਾਨਤ ਕਿਰਾਇਆ ਤੇ ਬਿਜਲੀ | | | |
| ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੨੩੩੨ | ੫੧੩੧੮.੦੦ | ੫੧੩੧੮.੦੦ |
| ੧੧੪ ਅਮਾਨਤ ਗੁ: ਸਾਹਿਬਾਨ | ੨੩੩੭ | ੦.੦੦ | ੪੦੦੦੦.੦੦ |
| ੧੧੫ ਅਮਾਨਤ ਕਿਰਾਇਆ ਰੌਸ਼ਨੀ | | | |
| ਗੁ:ਮੰਜੀ ਸਾਹਿਬ ਆਲਮਗੀਰ | ੨੩੪੨ | ੦.੦੦ | ੮੦੦.੦੦ |
| ੧੧੬ ਅਮਾਨਤ ਕਿਰਾਇਆ ਸ੍ਰੀ ਫਤਹਿਗੜ੍ਹ ਸਾਹਿਬ | ੨੩੪੫ | ੦.੦੦ | ੧੯੬੪.੦੦ |
| ੧੧੭ ਅਮਾਨਤ ਕਿਰਾਇਆ ਤਲਵੰਡੀ ਸਾਬੋ, ਬਠਿੰਡਾ | ੨੩੪੯ | ੦.੦੦ | ੯੩੮੨.੦੦ |
| ੧੧੮ ਅਮਾਨਤ ਸ਼੍ਰੋਮਣੀ ਕਮੇਟੀ | ੨੩੫੯ | ੧੭੧੬੦.੦੦ | ੧੭੧੬੦.੦੦ |
| ੧੧੯ ਅਮਾਨਤ ਕਿਰਾਇਆ ਤਖ਼ਤ ਸ੍ਰੀ ਕੇਸਗੜ ਸਾਹਿਬ | | | |
| ਸ੍ਰੀ ਅਨੰਦਪੁਰ | ੨੩੭੪ | ੦.੦੦ | ੧੩੫੪.੦੦ |
| ੧੨੦ ਅਮਾਨਤ ਕਿਰਾਇਆ ਗੁ:ਸ੍ਰੀ ਲੱਧੇਵਾਲ ਸਾਹਿਬ | ੨੩੭੭ | ੦.੦੦ | ੪੮੦.੦੦ |
| ੧੨੧ ਪ੍ਰੋ: ਫੰਡ ਸਟਾਫ਼ | ੨੪੦੦ | ੨੦੪੭੪੧੬.੦੦ | ੨੦੪੭੪੧੬.੦੦ |
| ੧੨੨ S.B. a/c No.੬੫੦੩੯੬੦੦੪੯੦ SBP, | | | |
| ਬਾਗ ਜਲਿਆਂਵਾਲਾ, ਅੰਮ੍ਰਿਤਸਰ | ੨੫੪੨ | ੧੩੭੯੮੯੩੩.੦੦ | ੧੬੦੯੭੧੮੯.੧੬ |
| ੧੨੩ S.B. a/c no.੭੪੭੯੦੦੦/੦੦੦੦੮੭੩੨ | | | |
| PNB, ਸਰਾਂਏ, ਅੰਮ੍ਰਿਤਸਰ | ੨੬੩੪ | ੬੮੭੭੫੦.੦੦ | ੪੩੯੩੭੪੫.੦੦ |
| ੧੨੪ S.B. a/c no.੧੩੧੩੧੦੦੦੦੧੭੯੬੬ HDFC, | | | |
| ਗੋਲਡਨ ਟੈਂਪਲ, ਅੰਮ੍ਰਿਤਸਰ | ੨੬੮੮ | ੭੦੧੪੧੯੪੮.੦੦ | ੮੯੨੪੧੫੦੭.੦੦ |
| ੧੨੫ S.B. a/c no.੨੪੮੦ PSB, ਸਰਾਂਏ ਅੰਮ੍ਰਿਤਸਰ | ੨੭੫੬ | ੧੬੧੦੪੭੭.੦੦ | ੫੦੬੧੩੫੦.੦੦ |
| ੧੨੬ F/d a/c ਚੌਂਕ ਪ੍ਰਾਗਦਾਸ ਅੰਮ੍ਰਿਤਸਰ | ੨੭੮੮ | ੨੭੦੩੫੮.੦੦ | ੮੧੪੦੦੬.੦੦ |
| ੧੨੭ S.B. a/c no.੨੩੩ PSB, ਗੜ੍ਹ ਰੋਡ, ਹਾਪੁੜ (ਯੂ.ਪੀ) | ੨੮੦੨ | ੬੦੩੬੫੬.੦੦ | ੦.੦੦ |
| ੧੨੮ S.B. a/c no.੨੦੧੬੫੭੧੭੯੮੫ Allahabad Bank, | | | |
| ਕਟੜਾ ਆਹਲੂਵਾਲੀਆ, ਅੰਮ੍ਰਿਤਸਰ | ੨੮੨੩ | ੧੭੬੭.੦੦ | ੦.੦੦ |
| ੧੨੯ S.B. a/c no.੦੦੬੬੦੧੦੦੩੨੩੩ | | | |
| ICICI Bank, ਮਾਲ ਰੋਡ, ਅੰਮ੍ਰਿਤਸਰ | ੨੮੫੩ | ੦.੦੦ | ੩੪੩੨੯੧੮.੦੦ |
| ੧੩੦ S.B. a/c no.੯੧੧੦੧੦੦੩੦੩੭੪੬੭੨ Axis Bank, | | | |
| ਕੋਰਟ ਰੋਡ, ਅੰਮ੍ਰਿਤਸਰ | ੨੮੫੮ | ੦.੦੦ | ੧੩੯੪੦੫੨.੦੦ |

| | | | |
|---|---|---|---|
| ੧੩੧ S.B. a/c ੦੦੫੬੦੬੦੪੦੧੦੦੦੧੨੬੨੬ | | | |
| ਜੰਮੂ ਐਂਡ ਕਸ਼ਮੀਰ ਬੈਂਕ ਸਾਸ਼ਤਰੀ ਮਾਰਕੀਟ ਅੰਮ੍ਰਿਤਸਰ | ੨੮੭੮ | ੦.੦੦ | ੫੧੭੪੨੦.੦੦ |
| ੧੩੨ ਮਿਆਦੀ ਹਿਸਾਬ (ਭਾਈ ਜੈਤਾ ਜੀ ਟਰੱਸਟ) | ੨੮੯੪ | ੬੦੦੦੦੦.੦੦ | ੦.੦੦ |
| ੧੩੩ ਸੂਦ, ਵਜ਼ੀਫ਼ੇ ਭਾਈ ਜੈਤਾ ਜੀ ਟਰਸਟ | ੨੯੧੬ | ੦.੦੦ | ੪੧੫੩੭.੦੦ |
| ੧੩੪ ਸਿੱਕਾ ਸੋਨਾ | ੨੯੩੨ | ੦.੦੦ | ੮੫੦੮੦੯੩.੦੦ |
| ੧੩੫ ਸਿੱਕੇ ਚਾਂਦੀ | ੨੯੩੮ | ੦.੦੦ | ੬੫੯੧੭੩.੦੦ |
| | ਜੋੜ :- | ੨੪੪੪੧੧੩੬੯.੧੬ | ੨੪੫੯੧੬੧੫੮.੧੬ |
| | ਹੱਥ ਦੀ ਬਾਕੀ :- | ੨੦੫੩੪੪੫.੦੦ | ੫੪੮੬੫੬.੦੦ |
| | ਕੁੱਲ ਜੋੜ :- | ੨੪੬੪੬੪੮੧੪.੧੬ | ੨੪੬੪੬੪੮੧੪.੧੬ |

ਸਹੀ/- ਸਹੀ/-

ਚੀਫ਼ ਅਕਾਊਂਟੈਂਟ, ਸਕੱਤਰ,

ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ), ਸ੍ਰੀ ਅੰਮ੍ਰਿਤਸਰ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਟਰੱਸਟ ਫੰਡਜ਼ ਚਿੱਠਾ ਆਮਦਨ/ਖ਼ਰਚ ਮਹੀਨਾ ਅਗਸਤ ੨੦੧੯

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| | **ਜਨਰਲ ਲੈਜਰ ਨੰ: ੧** | | | |
| | **ਸਿੱਖ ਇਤਿਹਾਸ ਖੋਜ ਫੰਡ** | | | |
| ੧ | ਵਸੂਲੀ ਦਫ਼ਾ ੮੫ ਦੇ ਗੁ:ਸਾਹਿਬਾਨ ਤੋਂ | ੩ | | ੮੫੦੦੦ |
| ੨ | ਤਨਖ਼ਾਹ ਤੇ ਕਮਿਸ਼ਨ | ੧੯ | ੭੨੪੩੬੪ | |
| ੩ | ਸਮਾਨ ਤੇ ਫ਼ਰਨੀਚਰ | ੨੭ | ੭੨੦ | |
| ੪ | ਕੰਪਿਊਟਰ /ਸੀ.ਸੀ.ਟੀ.ਵੀ ਕੈਮਰੇ | ੫੨ | ੫੮੦੯੮ | |
| ੫ | ਪੁਸਤਕਾਂ ਅਖ਼ਬਾਰਾਂ ਤੇ ਰਸਾਲੇ | ੩੭ | ੩੫੮੪ | |
| ੬ | ਸਫ਼ਰ ਖ਼ਰਚ ਫੁਟਕਲ | ੪੪ | ੭੫੬੦ | |
| ੭ | ਕਾਰ ਖ਼ਰਚ ਸਿੱਖ ਇਤਿਹਾਸ | ੪੮ | ੪੧੧੫ | |
| ੮ | ਟੈਲੀਫੋਨ | ੪੯ | ੧੮੮੭ | |
| | **ਗੁ:ਤੇ ਗੁ:ਲਿਟਰੇਚਰ ਫੰਡ** | | | |
| ੯ | ਵਸੂਲੀ ਦਫ਼ਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੫੮ | | ੧੨੦੯੧੭੭ |
| ੧੦ | ਵਿਕਰੀ ਪੁਸਤਕਾਂ ਤੇ ਭੇਟਾ ਸ੍ਰੀ ਪਾਵਨ ਸਰੂਪ | ੬੬ | | ੨੦੬੮੭ |
| ੧੧ | ਵਸੂਲਣ ਯੋਗ ਬਿੱਲ ਦੀਆਂ ਰਕਮਾਂ ਗੁਰਬਾਣੀ ਤੇ ਗੁ:ਲਿਟਰੇਚਰ | ੮੪ | | ੧੪੯੭੬੦੫ |
| ੧੨ | ਤਨਖ਼ਾਹ ਤੇ ਕਮਿਸ਼ਨ | ੧੧੧ | ੭੪੦੧੬੨ | |
| ੧੩ | ਛਪਾਈ ਗੁ:ਤੇ ਗੁ:ਲਿਟ:ਪਦਛੇਦ ਬੀੜ ਪੁਰਾਤਨ ਇਤਿਹਾਸਕ ਗ੍ਰੰਥ | ੧੩੬ | ੨੧੩੫੯੪ | |
| ੧੪ | ਕਾਗਜ਼ | ੧੧੮ | ੭੩੮੦੫੯ | |
| ੧੫ | ਜਿਲਦਬੰਦੀ | ੧੨੪ | ੨੦੫੬੦੨ | ੨੫੦੦ |
| ੧੬ | ਤਨਖ਼ਾਹ ਜਿਲਦਬੰਦੀ ਵਿਭਾਗ | ੧੪੦ | ੧੯੮੦੩੮ | |
| ੧੭ | ਦਰਸ਼ਨ ਭੇਟਾ | ੧੪੫ | ੩੯੦੦੦ | |
| ੧੮ | ਫੁਟਕਲ ਤੇ ਗੱਡੀ ਸ੍ਰੀ ਪਾਵਨ ਸਰੂਪ | ੧੫੪ | ੮੨੮੮੫ | ੧੧੩੦੦ |
| ੧੯ | ਸਫ਼ਰ ਖ਼ਰਚ | ੧੬੫ | ੧੨੦੦ | |
| | **ਧਰਮ ਅਰਥ ਅਤੇ ਪੰਥਕ ਭਲਾਈ ਫੰਡ** | | | |
| ੨੦ | ਵਸੂਲੀ ਦਫ਼ਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੨੭੯ | | ੧੦੯੦੦੦ |
| ੨੧ | ਵਸੂਲੀ ਦਫ਼ਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ (ਪੰਥਕ ਭਲਾਈ ਫੰਡ) | ੨੮੮ | | ੫੯੦੦੦ |
| ੨੨ | ਫੁਟਕਲ ਆਮਦਨ ਸੰਗਤਾਂ ਪਾਸੋਂ | ੩੧੨ | | ੫੫੯੦੦੦ |
| ੨੩ | ਪੰਥਕ ਭਲਾਈ ਫੰਡ (ਖ਼ਰਚ) | ੩੩੨ | ੨੧੦੦੦ | |
| ੨੪ | ਧਰਮ ਅਰਥ ਫੰਡ (ਖ਼ਰਚ) | ੩੫੪ | ੧੦੪੨੦੦੦ | |

| | | | | |
|---|---|---|---|---|
| ੨੫ | ਸਫ਼ਰ ਖ਼ਰਚ | ੩੦੨ | ੫੧੨੫ | |
| | **ਯਾਤਰਾ ਗੁ: ਸਾਹਿਬਾਨ ਪਾਕਿਸਤਾਨ** | | | |
| ੨੬ | ਤਨਖ਼ਾਹ ਸਟਾਫ਼ ਆਦਿ | ੨੫੫ | ੨੮੩੩੯੬ | |
| ੨੭ | ਸਫ਼ਰ ਖ਼ਰਚ, ਕਾਰ ਖ਼ਰਚ ਗੁ: ਸਾਹਿਬਾਨ | ੨੬੦ | ੪੧੫੮੯ | |
| | **ਭਾਈਚਾਰਕ ਸੁਧਾਰ ਫੰਡ** | | | |
| ੨੮ | ਵਸੂਲੀ ਦਫ਼ਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੧੭੫ | | ੫੯੦੦੦ |
| ੨੯ | ਤਨਖ਼ਾਹ ਸਟਾਫ਼ ਆਦਿ | ੧੮੫ | ੩੬੦੮੭੦ | |
| | **ਜਨਰਲ ਪ੍ਰੋ:ਫੰਡ** | | | |
| ੩੦ | ਸੂਦ ਤੇ ਆਮਦਨ | ੧੯੪ | | ੨੭੪੮ |
| | **ਜਨਰਲ ਲੈਜਰ ਨੰ: ੨** | | | |
| | **ਅਮਾਨਤਾਂ** | | | |
| ੩੧ | ਅਮਾਨਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੫੦੨ | | ੬੨੦੦੧ |
| ੩੨ | ਅਮਾਨਤ ਗੁਰਦਵਾਰੇ | ੫੨੧ | ੧੦੫੬੨੬ | ੩੧੬੬ |
| ੩੩ | ਅਮਾਨਤ ਮੁਲਾਜ਼ਮਾਂ ਤੇ ਜਨਰਲ | ੫੩੪ | | ੫੬੬੫੭੩.੨੬ |
| ੩੪ | ਅਮਾਨਤ ਕਲਰਕਾਂ/ਸੇਵਾਦਾਰਾਂ (ਭਲਾਈ ਫੰਡ) | ੫੬੦ | ੧੨੩੧੫੦ | ੫੭੬੭੦ |
| ੩੫ | ਲੈਣ-ਦੇਣ ਜਨਰਲ ਬੋਰਡ ਫੰਡ | ੮੭੧ | | ੪੯੨੬ |
| ੩੬ | ਲੈਣ-ਦੇਣ ਵਿਦਿਆ ਫੰਡ | ੮੭੫ | ੭੩੫੦੦ | ੩੨੮੦੦੨ |
| ੩੭ | ਖ਼ਰਚ ਦਫ਼ਤਰ | ੬੧੦ | ੧੭੪੫੬੬੦ | |
| ੩੮ | ਮਿਆਦੀ ਹਿਸਾਬ ਅਮਾਨਤਾਂ | ੫੮੬ | ੨੬੪੭੮੮੧ | ੪੧੪੩੪੧ |
| | **ਜਮਾਨਤਾਂ** | | | |
| ੩੯ | ਜਮਾਨਤ ਮੁਲਾਜ਼ਮਾਂ | ੭੯੭ | ੬੭੦੦੦ | ੨੦੫੦੦੦ |
| ੪੦ | ਸੂਦ ਜਮਾਨਤਾਂ | ੮੩੧ | ੧੨੭੮੫੫.੫੩ | |
| ੪੧ | ਜਮਾਨਤ ਠੇਕੇਦਾਰਾਂ | ੮੩੮ | | ੧੮੦੦ |
| ੪੨ | ਪੇਸ਼ਗੀ ਜਨਰਲ | ੬੮੨ | ੧੬੦੦੫੦੦ | ੧੮੩੧੩੫੧ |
| ੪੩ | ਪੇਸ਼ਗੀ ਤਨਖ਼ਾਹ | ੭੫੫ | ੧੭੬੫੦੦ | ੧੭੧੦੦੦ |
| | **ਸ਼੍ਰੋਮਣੀ ਗੁ: ਪ੍ਰ: ਕਮੇਟੀ, ਧਰਮ ਪ੍ਰਚਾਰ ਕਮੇਟੀ, ਸੈਕਸ਼ਨ ੮੫ ਦੇ ਗੁ: ਸਾਹਿਬਾਨ ਦਾ ਗ੍ਰੈਚੂਇਟੀ ਅਤੇ ਛੁੱਟੀਆਂ ਦਾ ਫੰਡ** | | | |
| ੪੪ | ਵਸੂਲੀ ਦਫ਼ਾ-੮੫ ਗੁ: ਸਾਹਿਬਾਨ ਤੋਂ ਗ੍ਰੈਚੂਇਟੀ ਤੇ ਤਨਖ਼ਾਹ ਰਿਆਇਤੀ ਛੁੱਟੀਆਂ ਦਾ ਫੰਡ | ੬੨੨ | | ੩੨੬੨੦੦੦੦.੦੦ |
| ੪੫ | ਗ੍ਰੈਚੂਇਟੀ ਤੇ ਛੁੱਟੀਆਂ ਦਾ ਸੇਵਾਫਲ ਮੁਲਾਜ਼ਮਾਂ | ੬੪੯ | ੧੮੮੩੨੬੩੬ | |
| ੪੬ | ਮਿਆਦੀ ਹਿਸਾਬ ਜਨਰਲ ਡਿਪਾਜ਼ਟ ਪ੍ਰੋ: ਫੰਡ | ੮੪੮ | ੬੨੬੮੦੭੩.੬੭ | |
| ੪੭ | ਟੈਕਸ ਡਿਡੈਕਸ਼ਨ ਐਟ ਸੋਰਸ (ਠੇਕੇਦਾਰਾਂ) | ੮੫੯ | ੪੨੮ | ੧੪੪੬ |
| | **ਜਨਰਲ ਲੈਜਰ ਨੰ: ੩** | | | |
| | ਕੁਦਰਤੀ ਆਫਤਾਂ ਤੇ ਹੜ੍ਹ ਪੀੜ੍ਹਤ ਫੰਡ/ਕੈਂਸਰ ਰਲੀਫ ਫੰਡ | | | |
| ੪੮ | ਮੁਲਾਜ਼ਮਾਂ ਪਾਸੋਂ ਸਹਾਇਤਾ | ੧੦੬੪ | | ੧੫੦੦ |
| ੪੯ | ਸੰਗਤਾਂ ਪਾਸੋਂ ਸਹਾਇਤਾ | ੧੦੫੮ | | ੫੧੦੦ |

| | | | | |
|---|---|---|---|---|
| ੫੦ | ਖ਼ਰਚ ਕੁਦਰਤੀ ਆਫਤਾਂ | ੧੧੧੦ | ੩੦੨੦ | |
| | **ਸ਼ਹੀਦੀ ਫੰਡ** | | | |
| ੫੧ | ਸਹਾਇਤਾ ਸ਼ਹੀਦ ਅਤੇ ਜ਼ਖਮੀ ਸਿੰਘਾਂ ਦੇ ਪਰਿਵਾਰਾਂ ਨੂੰ | | | |
| ੫੨ | ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੧੦੦੭ | | ੧੧੧੦੦੦ |
| | **ਜਨਰਲ ਲੈਜਰ ਨੰ: ੪** | | | |
| ੫੩ | ਬੱਚਤ ਹਿਸਾਬ ਨੰ:੨੧੨੨ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੧੫੨੧ | ੨੩੧੯੪੩੦ | ੫੧੫੧੭੭.੬੭ |
| ੫੪ | ਬੱਚਤ ਹਿਸਾਬ ਨੰ: ੧੩੧੩੧੦੦੦੦੯੪੬੭੦ | | | |
| | ਐਚ. ਡੀ. ਐਫ. ਸੀ. ਗੋਲਡਨ ਟੈਂਪਲ | ੧੫੮੮ | ੧੭੬੫੦੦੦ | ੩੯੨੩੬੮੮੪ |
| ੫੫ | ਬੱਚਤ ਹਿਸਾਬ ਨੰ: ਐਚ. ਡੀ. ਐਫ. ਸੀ. ਗੋਲਡਨ ਟੈਂਪਲ | | | |
| | (ਨਵਾਂ ਖਾਤਾ ਨੰ ੩੧੫੨੧੫) | ੧੮੧੧ | ੨੫੬੮੦੯੨੭ | ੭੦੭੧੩੪੦ |
| ੫੬ | ਬੱਚਤ ਹਿਸਾਬ ਨੰ:੨ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੧੬੩੪ | ੧੭੬੧੨੮੨੯.੭੩ | ੪੯੩੭੨੫੪.੬੧ |
| ੫੭ | ਆਨ-ਲਾਈਨ ਡੋਨੇਸ਼ਨ ੦੨੬੩੧੭੭੦੦੦੦੦੧੩ | ੧੭੪੯ | ੨੦੦੦ | |
| ੫੮ | ਬੱਚਤ ਹਿਸਾਬ ਨੰ: ੬੫੦੨੦੭੨੧੭੨੦ ਸਟੇਟ ਬੈਂਕ ਆਫ | | | |
| | ਪਟਿਆਲਾ ਜੱਲਿਆ ਵਾਲਾ ਬਾਗ, ਅੰਮ੍ਰਿਤਸਰ (ATM) | ੧੭੦੧ | ੩੧੭੮੨੮੭੯ | ੧੯੪੪੨੭੮.੬੦ |
| ੫੯ | ਬੱਚਤ ਹਿਸਾਬ ਟੂ-ਇੰਨ-ਵਨ ਨੰ:C.L.S.B.੦੧/੦੧੦੦੬੯ | | | |
| | ਕਾਰਪੋਰੇਸ਼ਨ ਬੈਂਕ ਲਾਰੈਂਸ ਰੋਡ | ੧੬੦੭ | ੧੯੭੨੧.੭੬ | |
| ੬੦ | ਬੱਚਤ ਹਿਸਾਬ ਨੰ:੩੨੪੪੧ ਪੰਜਾਬ ਨੈਸ਼ਨਲ ਬੈਂਕ | ੧੭੮੨ | ੫੧੦੦੦ | ੧੬੫੭੪੦੫ |
| ੬੧ | ਬੱਚਤ ਹਿਸਾਬ ਨੰ:੩੨੪੨੩ ਪੰਜਾਬ ਨੈਸ਼ਨਲ ਬੈਂਕ | ੧੭੫੭ | ੯੪੫੦੦ | ੧੦੦੮੦ |
| | **ਪੌਵੀਡੈਂਟ ਫੰਡ** | | | |
| ੬੨ | ਪ੍ਰੌਵੀਡੈਂਟ ਫੰਡ | ੩੦ | ੫੪੬੪੯੮੫.੬੧ | ੨੦੧੪੧੮੭੦.੭੩ |
| ੬੩ | ਕਰਜ਼ਾ ਪ੍ਰੌਵੀਡੈਂਟ ਫੰਡ | ੧੨੨ | | ੧੨੦੦ |
| ੬੪ | ਅਮਾਨਤ ਪ੍ਰੌਵੀਡੈਂਟ ਫੰਡ | ੧੮੧ | ੧੬੪੦੬੯੬ | ੧੬੪੦੬੯੬ |
| ੬੫ | ਬੱਚਤ ਹਿਸਾਬ ਪ੍ਰੌਵੀਡੈਂਟ ਫੰਡ ਪੰਜਾਬ ਐਂਡ ਸਿੰਧ ਬੈਂਕ | | | |
| | ਨਿਵਾਸ ਅਤੇ ਹਾਲ ਬਜ਼ਾਰ | ੨੩੩ | ੨੪੬੯.੭੩ | ੯੪੬੯.੭੩ |
| ੬੬ | ਬੱਚਤ ਹਿਸਾਬ ਪ੍ਰੌਵੀਡੈਂਟ ਫੰਡ ਕਾਰਪੋਰੇਸ਼ਨ ਬੈਂਕ ਲਾਰੰਸ ਰੋਡ | ੨੬੮ | ੪੫੭੭ | ੧੯੭੨੧.੭੬ |
| ੬੭ | ਮਿਆਦੀ ਹਿਸਾਬ ਪ੍ਰੌ:ਫੰਡ ਆਈ ਡੀ.ਬੀ.ਆਈ. | | | |
| | ਬੈਂਕ ਡਿਊ ਡੇਟ ੨੭.੦੩.੨੦ | ੩੬੩ | | ੬੨੬੮੦੭੩.੬੭ |
| | | ਜੋੜ:- | ੧੨੨੯੮੫੬੯੪.੦੩ | ੧੨੩੪੫੩੩੪੫.੦੩ |
| | | ਹੱਥ ਦੀ ਬਾਕੀ:- | ੫੯੧੫੫੦ | ੧੨੩੮੯੯ |
| | | ਵੱਡਾ ਜੋੜ:- | ੧੨੩੫੭੭੨੪੪.੦੩ | ੧੨੩੫੭੭੨੪੪.੦੩ |

ਸਹੀ/- ਸਹੀ/-

ਅਕਾਊਂਟੈਂਟ, ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।